@Qpatrika
@qaumipatrika punjabi
instagram.com/ qaumipatrika
Largest Circulated

विश्व भर में सबसे ज्यादा पढ़ा जाने वाला

# ਕੌਮੀ ਪਤ੍ਰਿਕਾ

दिल्ली, हिमाचल, हरियाणा, पंजाब, उत्तर प्रदेश, उत्तराखण्ड से प्रसारित।
Tuesday, 19 May 2026

Punjabi National Daily
Qaumi Patrika NO.1

VISIT: www.qaumipatrika.org
Email: qpatrika@gmail.com

ਨਵੀਂ ਦਿੱਲੀ: ਮੰਗਲਵਾਰ 19 ਮਈ 2026, 5 ਜੇਠ ਨਾਨਕਸ਼ਾਹੀ ਸੰਮਤ 555 (ਸਫ਼ੇ-12) ਮੁੱਲ 3.00 ਰੁਪਏ

R.N.I. No. 39272/81– ਸੰਪਾਦਕ – ਗੁਰਚਰਨ ਸਿੰਘ ਬੱਬਰ – ਸਾਲ – 44, ਅੰਕ 194, qpatrika@gmail.com ਫੋਨ : 9971359517 www.qaumipatrika.org

## ਸ਼ੁਭੇਂਦੂ ਅਧਿਕਾਰੀ ਦੇ ਨਿੱਜੀ ਸਹਾਇਕ ਦਾ ਕਾਤਲ ਯੂਪੀ ਤੋਂ ਗ੍ਰਿ਼ਫਤਾਰ !

ਨੈਸ਼ਨਲ ਡੈਸਕ 18 ਮਈ। ਪੱਛਮੀ ਬੰਗਾਲ ਦੇ ਨਵੇਂ ਬਣੇ ਮੁੱਖ ਮੰਤਰੀ ਸ਼ੁਭੇਂਦੂ ਅਧਿਕਾਰੀ ਦੇ ਨਿੱਜੀ ਸਹਾਇਕ ਦੀ ਹੱਤਿਆ ਦੇ ਮਾਮਲੇ ਵਿੱਚ ਕੇਂਦਰੀ ਜਾਂਚ ਬਿਊਰੋ ਨੂੰ ਇੱਕ ਵੱਡੀ ਸਫਲਤਾ ਮਿਲੀ ਹੈ। ਸੀਬੀਆਈ ਨੇ ਉੱਤਰ ਪ੍ਰਦੇਸ਼ ਦੀ ਮੁਜ਼ੱਫਰਨਗਰ ਪੁਲਸ ਨਾਲ ਮਿਲ ਕੇ ਇੱਕ ਸਾਂਝੇ ਆਪ੍ਰੇਸ਼ਨ ਦੌਰਾਨ ਇਸ ਕਤਲ ਕਾਂਡ ਦੇ ਮੁੱਖ ਸ਼ੂਟਰ ਨੂੰ ਗ੍ਰਿਫਤਾਰ ਕਰ ਲਿਆ ਹੈ। ਜਾਂਚ ਏਜੰਸੀਆਂ ਅਨੁਸਾਰ ਗ੍ਰਿਫਤਾਰ ਕੀਤੇ ਗਏ ਮੁਲਜ਼ਮ ਦੀ ਪਛਾਣ ਰਾਜਕੁਮਾਰ ਵਜੋਂ ਹੋਈ ਹੈ। ਸੀਬੀਆਈ ਦੀ ਟੀਮ ਨੇ ਉਸ ਨੂੰ ਮੁਜ਼ੱਫਰਨਗਰ ਤੋਂ ਦਬੋਚਿਆ ਹੈ। ਦੱਸਿਆ ਜਾ ਰਿਹਾ ਹੈ ਕਿ ਰਾਜਕੁਮਾਰ ਹੀ ਉਹ ਮੁੱਖ ਸ਼ੂਟਰ ਹੈ, ਜਿਸ ਨੇ ਸ਼ੁਭੇਂਦੂ ਅਧਿਕਾਰੀ ਦੇ ਪੀਏ 'ਤੇ ਗੋਲੀਆਂ ਚਲਾਈਆਂ ਸਨ। ਪੁਲਸ ਵੱਲੋਂ ਮੁਲਜ਼ਮ ਦੀ ਪਹਿਲੀ ਤਸਵੀਰ ਵੀ ਜਾਰੀ ਕਰ ਦਿੱਤੀ ਗਈ ਹੈ। ਸੀਬੀਆਈ ਦੀ ਟੀਮ ਹੁਣ ਰਾਜਕੁਮਾਰ ਨੂੰ ਪੱਛਮੀ ਬੰਗਾਲ ਲਿਜਾਣ ਦੀ ਤਿਆਰੀ ਕਰ ਰਹੀ ਹੈ। ਜਾਂਚ ਏਜੰਸੀ ਵੱਲੋਂ ਦੋਸ਼ੀ ਦੀ ਟ?ਰਾਂਜ਼ਿਟ ਰਿਮਾਂਡ ਲਈ ਜਾਵੇਗੀ, ਜਿਸ ਤੋਂ ਬਾਅਦ ਉਸ ਨੂੰ ਮੰਗਲਵਾਰ ਨੂੰ ਕੋਲਕਾਤਾ ਦੀ ਵਿਸ਼ੇਸ਼ ਸੀਬੀਆਈ ਅਦਾਲਤ ਵਿੱਚ ਪੇਸ਼ ਕੀਤਾ ਜਾਵੇਗਾ। ਪੁੱਛਗਿੱਛ ਦੌਰਾਨ ਕਤਲ ਦੀ ਸਾਜ਼ਿਸ਼ ਅਤੇ ਇਸ ਦੇ ਪਿੱਛੇ ਦੇ ਅਸਲ ਮਕਸਦ ਬਾਰੇ ਹੋਰ ਅਹਿਮ ਖੁਲਾਸੇ ਹੋਣ ਦੀ ਉਮੀਦ ਹੈ। ਇਹ ਗ੍ਰਿਫਤਾਰੀ ਇਸ ਹਾਈ-ਪ੍ਰੋਫਾਈਲ ਕਤਲ ਕਾਂਡ ਦੀ ਜਾਂਚ ਵਿੱਚ ਇੱਕ ਬਹੁਤ ਹੀ ਅਹਿਮ ਕੜੀ ਮੰਨੀ ਜਾ ਰਹੀ ਹੈ।

# ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੂੰ ਮਿਲਿਆ ਨਾਰਵੇ ਦਾ ਸਰਵਉੱਚ ਸਨਮਾਨ

ਕੌਮੀ ਪਤ੍ਰਿਕਾ
ਸਿੰਮੀ ਕੌਰ ਬੱਬਰ

ਓਸਲੋ 18 ਮਈ। ਭਾਰਤ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੂੰ ਸੋਮਵਾਰ, 18 ਮਈ ਨੂੰ ਨਾਰਵੇ ਦੇ ਸਰਵਉੱਚ ਸਨਮਾਨ 'ਗ੍ਰੈਂਡ ਕਰਾਸ ਆਫ ਦ ਰਾਇਲ ਨਾਰਵੇਜੀਅਨ ਆਰਡਰ ਆਫ ਮੈਰਿਟ' ਨਾਲ ਸਨਮਾਨਿਤ ਕੀਤਾ ਗਿਆ ਹੈ। ਇਹ ਸਨਮਾਨ ਪ੍ਰਧਾਨ ਮੰਤਰੀ ਮੋਦੀ ਨੂੰ ਵਿਦੇਸ਼ਾਂ ਤੋਂ ਮਿਲਣ ਵਾਲਾ 32ਵਾਂ ਵੱਡਾ ਅੰਤਰਰਾਸ਼ਟਰੀ ਸਨਮਾਨ ਹੈ, ਜੋ ਅੰਤਰਰਾਸ਼ਟਰੀ ਮੰਚ 'ਤੇ ਭਾਰਤ ਦੇ ਵਧਦੇ ਪ੍ਰਭਾਵ ਨੂੰ ਦਰਸਾਉਂਦਾ ਹੈ। ਪ੍ਰਧਾਨ ਮੰਤਰੀ ਮੋਦੀ ਇਸ ਸਮੇਂ ਪੰਜ ਦੇਸ਼ਾਂ ਦੇ ਮਹੱਤਵਪੂਰਨ ਦੌਰੇ 'ਤੇ ਹਨ। ਉਹ ਸੋਮਵਾਰ ਨੂੰ ਤੀਜੇ ਭਾਰਤ-ਨੋਰਡਿਕ ਸੰਮੇਲਨ ਅਤੇ ਦੁਵੱਲੀ ਬੈਠਕ ਲਈ ਨਾਰਵੇ ਦੀ ਰਾਜਧਾਨੀ ਓਸਲੋ ਪਹੁੰਚੇ, ਜਿੱਥੇ ਉਨ੍ਹਾਂ ਦਾ ਇਤਿਹਾਸਕ ਸਵਾਗਤ ਹੋਇਆ। ਜ਼ਿਕਰਯੋਗ ਹੈ ਕਿ ਪੂਰੇ 43 ਸਾਲਾਂ ਦੇ ਲੰਬੇ ਵਕਫ਼ੇ ਤੋਂ ਬਾਅਦ ਕੋਈ ਭਾਰਤੀ ਪ੍ਰਧਾਨ ਮੰਤਰੀ ਨਾਰਵੇ ਦੇ ਦੌਰੇ 'ਤੇ ਗਿਆ ਹੈ। ਇਸ ਇਤਿਹਾਸਕ ਫੇਰੀ ਨੂੰ ਲੈ ਕੇ ਨਾਰਵੇ ਵਿੱਚ ਰਹਿ ਰਹੇ ਭਾਰਤੀ ਭਾਈਚਾਰੇ ਵਿੱਚ ਭਾਰੀ ਉਤਸ਼ਾਹ ਅਤੇ ਖੁਸ਼ੀ ਦੀ ਲਹਿਰ ਦੇਖਣ ਨੂੰ ਮਿਲ ਰਹੀ ਹੈ। ਪ੍ਰਧਾਨ ਮੰਤਰੀ ਦੀ ਇਹ ਯਾਤਰਾ ਸ਼ੁੱਕਰਵਾਰ, 15 ਮਈ ਨੂੰ ਸੰਯੁਕਤ ਅਰਬ ਅਮੀਰਾਤ ("15) ਤੋਂ ਸ਼ੁਰੂ ਹੋਈ ਸੀ। ਯੂਏਈ ਅਤੇ ਨੀਦਰਲੈਂਡਜ਼ ਦੇ ਦੌਰੇ ਤੋਂ ਬਾਅਦ ਉਹ 'ਚ ਉਹ ਇਟਲੀ ਦੀ ਯਾਤਰਾ 'ਤੇ ਹੋਣਗੇ। ਨਾਰਵੇ ਸਰਕਾਰ ਵੱਲੋਂ ਦਿੱਤਾ ਗਿਆ ਇਹ ਸਨਮਾਨ ਭਾਰਤ




ਨਾਰਵੇ ਪਹੁੰਚੇ ਹਨ। ਨਾਰਵੇ ਤੋਂ ਬਾਅਦ ਪੀਐਮ ਮੋਦੀ ਸਵੀਡਨ ਜਾਣਗੇ ਅਤੇ ਆਪਣੇ ਇਸ ਦੌਰੇ ਦੇ ਅੰਤ ਲਈ ਇੱਕ ਬਹੁਤ ਵੱਡੀ ਉਪਲਬਧੀ ਮੰਨਿਆ ਜਾ ਰਿਹਾ ਹੈ।

## ਟਰੰਪ ਦੀ ਇਰਾਨ ਨੂੰ ਆਖਰੀ ਚਿਤਾਵਨੀ: 'ਉਲਟੀ ਗਿਣਤੀ ਸ਼ੁਰੂ, ਨਾਮੋ-ਨਿਸ਼ਾਨ ਮਿਟਾ ਦਿਆਂਗੇ'

ਵਾਸ਼ਿੰਗਟਨ 18 ਮਈ। ਅਮਰੀਕਾ ਦੇ ਰਾਸ਼ਟਰਪਤੀ ਡੋਨਾਲਡ ਟਰੰਪ ਨੇ ਇਰਾਨ ਨੂੰ ਲੈ ਕੇ ਇੱਕ ਵਾਰ ਫਿਰ ਬੇਹੱਦ ਸਖ਼ਤ ਰੁਖ ਅਖਤਿਆਰ ਕੀਤਾ ਹੈ। ਟਰੰਪ ਨੇ ਚਿਤਾਵਨੀ ਦਿੱਤੀ ਹੈ ਕਿ ਜੇਕਰ ਇਰਾਨ ਨੇ ਜਲਦੀ ਸਮਝੌਤਾ ਨਾ ਕੀਤਾ ਤਾਂ ਉਸ ਦਾ ਕੁਝ ਵੀ ਬਾਕੀ ਨਹੀਂ ਬਚੇਗਾ। ਡੋਨਾਲਡ ਟਰੰਪ ਨੇ ਆਪਣੇ ਸੋਸ਼ਲ ਮੀਡੀਆ ਪਲੇਟਫਾਰਮ 'ਟਰੁਥ ਸੋਸ਼ਲ' 'ਤੇ ਪੋਸਟ ਕਰਦਿਆਂ ਲਿਖਿਆ, ਇਰਾਨ ਲਈ ਘੜੀ ਦੀ ਟਿਕ-ਟਿਕ ਸ਼ੁਰੂ ਹੋ ਚੁੱਕੀ ਹੈ ਅਤੇ ਉਨ੍ਹਾਂ ਨੂੰ ਤੇਜ਼ੀ ਨਾਲ ਕਦਮ ਚੁੱਕਣੇ ਚਾਹੀਦੇ ਹਨ। ਉਨ੍ਹਾਂ ਅੱਗੇ ਕਿਹਾ ਕਿ ਇਰਾਨ ਲਈ ਸਮਾਂ ਬਹੁਤ ਮਹੱਤਵਪੂਰਨ ਹੈ ਅਤੇ ਦੇਰੀ



ਹੋਣ ਦੀ ਸੂਰਤ ਵਿੱਚ ਇਰਾਨ ਦਾ ਹੋਂਦ ਖਤਰੇ ਵਿੱਚ ਪੈ ਸਕਦਾ ਹੈ। ਟਰੰਪ ਦੀ ਇਹ ਤਾਜ਼ਾ ਧਮਕੀ ਇਜ਼ਰਾਈਲ ਦੇ ਪ੍ਰਧਾਨ ਮੰਤਰੀ ਬੈਂਜਾਮਿਨ ਨੇਤਨਯਾਹੂ ਨਾਲ ਹੋਈ ਗੱਲਬਾਤ ਤੋਂ ਕੁਝ ਘੰਟੇ ਬਾਅਦ ਸਾਹਮਣੇ ਆਈ ਹੈ। ਦੱਸਿਆ ਜਾ ਰਿਹਾ ਹੈ ਕਿ ਅਮਰੀਕਾ ਨੇ ਇਰਾਨ ਦੇ ਸਾਹਮਣੇ 5 ਮੁੱਖ ਸ਼ਰਤਾਂ ਰੱਖੀਆਂ ਸਨ, ਜਿਸ ਵਿੱਚ ਯੂਰੇਨੀਅਮ ਨੂੰ ਵਾਸ਼ਿੰਗਟਨ ਟ?ਰਾਂਸਫਰ ਕਰਨਾ ਅਤੇ ਪ੍ਰਮਾਣੂ ਪ੍ਰੋਗਰਾਮ 'ਤੇ ਸੀਮਾਵਾਂ ਲਗਾਉਣਾ ਸ਼ਾਮਲ ਹੈ। ਹਾਲਾਂਕਿ, ਇਰਾਨ ਵੱਲੋਂ ਇਨ੍ਹਾਂ ਸ਼ਰਤਾਂ 'ਤੇ ਕੋਈ ਖਾਸ ਉਤਸ਼ਾਹ ਨਹੀਂ ਦਿਖਾਇਆ ਗਿਆ। ਦੋਵਾਂ ਦੇਸ਼ਾਂ ਵਿਚਾਲੇ ਵਧਦੇ ਤਣਾਅ ਅਤੇ ਜੰਗ ਵਰਗੀ ਸਥਿਤੀ ਕਾਰਨ ਕੌਮਾਂਤਰੀ ਬਾਜ਼ਾਰ ਵਿੱਚ ਤੇਲ ਦੀਆਂ ਕੀਮਤਾਂ ਤੇਜ਼ੀ ਨਾਲ ਵਧ ਰਹੀਆਂ ਹਨ, ਜਿਸ ਨਾਲ ਦੁਨੀਆ ਭਰ ਦੀ ਅਰਥਵਿਵਸਥਾ 'ਤੇ ਮਾੜਾ ਅਸਰ ਪੈ ਰਿਹਾ ਹੈ। ਭਾਵੇਂ ਦੋਵਾਂ ਦੇਸ਼ਾਂ ਵਿਚਾਲੇ ਲਗਭਗ ਇੱਕ ਮਹੀਨੇ ਤੋਂ ਜੰਗਬੰਦੀ ਦਾ ਸਮਝੌਤਾ ਚੱਲ ਰਿਹਾ ਹੈ, ਪਰ ਤਾਜ਼ਾ ਬਿਆਨਬਾਜ਼ੀ ਨੇ ਮੁੜ ਦਹਿਸ਼ਤ ਦਾ ਮਾਹੌਲ ਪੈਦਾ ਕਰ ਦਿੱਤਾ ਹੈ।

## ਔਰਤਾਂ ਲਈ ਮੁਫਤ ਬੱਸ ਸਫਰ ਤੇ ਆਸ਼ਾ ਵਰਕਰਾਂ ਦੇ ਮਾਣਭੱਤੇ 'ਚ ਵਾਧਾ: ਮੁੱਖ ਮੰਤਰੀ ਵੀ.ਡੀ. ਸਤੀਸ਼ਨ




ਨੈਸ਼ਨਲ ਡੈਸਕ 18 ਮਈ। ਕੇਰਲ ਵਿੱਚ ਮੁੱਖ ਮੰਤਰੀ ਵੀ.ਡੀ. ਸਤੀਸ਼ਨ ਦੀ ਅਗਵਾਈ ਹੇਠ ਬਣੀ ਯੂ.ਡੀ.ਐਫ. ਸਰਕਾਰ ਨੇ ਆਪਣੀ ਪਹਿਲੀ ਕੈਬਨਿਟ ਮੀਟਿੰਗ ਵਿੱਚ ਕਈ ਲੋਕ-ਭਲਾਈ ਫੈਸਲਿਆਂ ਦਾ ਐਲਾਨ ਕੀਤਾ ਹੈ। ਅਹੁਦਾ ਸੰਭਾਲਣ ਤੋਂ ਤੁਰੰਤ ਬਾਅਦ ਲਏ ਗਏ ਇਹ ਫੈਸਲਾ ਸੂਬੇ ਦੇ ਵੱਖ-ਵੱਖ ਵਰਗਾਂ ਲਈ ਵੱਡੀ ਰਾਹਤ ਲੈ ਕੇ ਆਏ ਹਨ। ਮੁੱਖ ਮੰਤਰੀ ਸਤੀਸ਼ਨ ਨੇ ਐਲਾਨ ਕੀਤਾ ਕਿ 15 ਜੂਨ ਤੋਂ ਕੇਰਲ ਰਾਜ ਸੜਕੀ ਆਵਾਜਾਈ ਨਿਗਮ ਦੀਆਂ ਬੱਸਾਂ ਵਿੱਚ ਮਹਿਲਾਵਾਂ ਲਈ ਸਫਰ ਪੂਰੀ ਤਰ੍ਹਾਂ ਮੁਫਤ ਹੋਵੇਗਾ। ਸਰਕਾਰ ਨੇ ਸਪੱਸ਼ਟ ਕੀਤਾ ਹੈ ਕਿ ਇਸ ਯੋਜਨਾ ਨੂੰ ਲਾਗੂ ਕਰਨ ਲਈ ਵਿਸਤ੍ਰਿਤ ਦਿਸ਼ਾ-ਨਿਰਦੇਸ਼ ਬਾਅਦ ਵਿੱਚ ਜਾਰੀ ਕੀਤੇ ਜਾਣਗੇ। ਸਿਹਤ ਅਤੇ ਸਿੱਖਿਆ ਖੇਤਰ ਦੇ ਜ਼ਮੀਨੀ ਕਰਮਚਾਰੀਆਂ ਦੀਆਂ ਲੰਬੇ ਸਮੇਂ ਤੋਂ ਚੱਲ ਰਹੀਆਂ ਮੰਗਾਂ ਨੂੰ ਪੂਰਾ ਕਰਦਿਆਂ, ਕੈਬਨਿਟ ਨੇ ਆਸ਼ਾ ਵਰਕਰਾਂ ਦੇ ਮਾਣਭੱਤੇ ਵਿੱਚ 3,000 ਰੁਪਏ ਪ੍ਰਤੀ ਮਹੀਨਾ ਦਾ ਵਾਧਾ ਕੀਤਾ ਹੈ। ਇਸ ਤੋਂ ਇਲਾਵਾ, ਆਂਗਣਵਾੜੀ ਵਰਕਰਾਂ, ਸਹਾਇਕਾਂ, ਸਕੂਲੀ ਰਸੋਈਏ, ਪ੍ਰੀ-ਪ੍ਰਾਇਮਰੀ ਅਧਿਆਪਕਾਂ ਅਤੇ ਆਇਆ ਦੇ ਮਾਣਭੱਤੇ ਵਿੱਚ ਵੀ 1,000 ਰੁਪਏ ਪ੍ਰਤੀ ਮਹੀਨਾ ਦਾ ਵਾਧਾ ਕਰਨ ਦਾ ਐਲਾਨ ਕੀਤਾ ਗਿਆ ਹੈ। ਇੱਕ ਇਤਿਹਾਸਕ ਪਹਿਲ ਕਰਦਿਆਂ ਕੇਰਲ ਸਰਕਾਰ ਨੇ ਬਜ਼ੁਰਗ ਨਾਗਰਿਕਾਂ ਲਈ ਇੱਕ ਵੱਖਰਾ ਵਿਭਾਗ ਬਣਾਉਣ ਦਾ ਫੈਸਲਾ ਲਿਆ ਹੈ। ਮੁੱਖ ਮੰਤਰੀ ਨੇ ਕਿਹਾ ਕਿ ਕੇਰਲ ਨੂੰ ਬਜ਼ੁਰਗਾਂ ਦੀ ਸਨਮਾਨਜਨਕ ਦੇਖਭਾਲ ਯਕੀਨੀ ਬਣਾ ਕੇ ਇੱਕ ਮਾਡਲ ਸਭਿਅਕ ਸਮਾਜ ਵਜੋਂ ਉਭਰਨਾ ਚਾਹੀਦਾ ਹੈ। ਉਨ੍ਹਾਂ ਅਨੁਸਾਰ ਇਹ ਦੇਸ਼ ਵਿੱਚ ਬਜ਼ੁਰਗਾਂ ਲਈ ਅਜਿਹਾ ਪਹਿਲਾ ਸਮਰਪਿਤ ਵਿਭਾਗ ਹੋਵੇਗਾ। ਸਰਕਾਰ ਨੇ ਪਾਰਦਰਸ਼ਤਾ ਲਿਆਉਣ ਲਈ ਸੂਬੇ ਦੀ ਵਿੱਤੀ ਸਥਿਤੀ 'ਤੇ ਇੱਕ 'ਵ?ਹਾਈਟ ਪੇਪਰ' ਜਾਰੀ ਕਰਨ ਦਾ ਫੈਸਲਾ ਕੀਤਾ ਹੈ। ਇਸ ਦੇ ਨਾਲ ਹੀ, ਅਲਾਪੁਝਾ ਵਿੱਚ ਯੂਥ ਕਾਂਗਰਸ ਵਰਕਰਾਂ 'ਤੇ ਹੋਏ ਕਥਿਤ ਹਮਲੇ ਦੀ ਜਾਂਚ ਲਈ ਇੱਕ ਐਸ.ਆਈ.ਟੀ. ਦੇ ਗਠਨ ਨੂੰ ਮਨਜ਼ੂਰੀ ਦਿੱਤੀ ਗਈ ਹੈ, ਜਿਸ ਦੀ ਜਾਂਚ ਪਿਛਲੀ ਸਰਕਾਰ ਦੌਰਾਨ ਲਟਕ ਰਹੀ ਸੀ।

## ਕੇਰਲ ਦੇ ਲੋਕਾਂ ਦੀ ਆਵਾਜ਼ ਨਵੀਂ ਸਰਕਾਰ ਦਾ ਕਰੇਗੀ ਮਾਰਗਦਰਸ਼ਨ : ਰਾਹੁਲ ਗਾਂਧੀ

ਨਵੀਂ ਦਿੱਲੀ 18 ਮਈ। ਸਾਬਕਾ ਕਾਂਗਰਸ ਪ੍ਰਧਾਨ ਰਾਹੁਲ ਗਾਂਧੀ ਨੇ ਸੋਮਵਾਰ ਨੂੰ ਕੇਰਲ ਵਿੱਚ ਨਵੀਂ ਸਰਕਾਰ ਨੂੰ ਵਧਾਈ ਦਿੰਦੇ ਹੋਏ ਕਿਹਾ ਕਿ ਲੋਕਾਂ ਦੀ ਆਵਾਜ਼ ਇਸਦਾ ਮਾਰਗਦਰਸ਼ਨ ਕਰੇਗੀ ਅਤੇ ਕੰਮ ਤੁਰੰਤ ਸ਼ੁਰੂ ਹੋ ਰਿਹਾ ਹੈ। ਕਾਂਗਰਸ ਨੇਤਾ ਵੀ.ਡੀ. ਸਤੀਸਨ ਨੂੰ ਮੁੱਖ ਮੰਤਰੀ ਵਜੋਂ ਸਹੁੰ ਚੁਕਾਈ ਗਈ ਅਤੇ 20 ਹੋਰ ਨੇਤਾਵਾਂ ਨੂੰ ਮੰਤਰੀਆਂ ਵਜੋਂ ਸਹੁੰ ਚੁਕਾਈ ਗਈ। ਰਾਹੁਲ ਗਾਂਧੀ ਨੇ ਸੋਸ਼ਲ ਮੀਡੀਆ ਪਲੇਟਫਾਰਮ X 'ਤੇ ਪੋਸਟ ਸ਼ੇਅਰ ਕਰਦੇ ਕਿਹਾ, ਕੇਰਲ ਦੇ ਲੋਕਾਂ ਨੇ ਇਸ ਸਰਕਾਰ ਲਈ ਲੜਾਈ ਲੜੀ। ਉਨ੍ਹਾਂ ਦੀ ਆਵਾਜ਼ ਇਸਦਾ ਮਾਰਗਦਰਸ਼ਨ ਕਰੇਗੀ। ਵੀ.ਡੀ. ਸਤੀਸ਼ਨ ਨੂੰ ਹਾਰਦਿਕ ਵਧਾਈਆਂ।" ਰਾਹੁਲ ਗਾਂਧੀ ਨੇ ਕਿਹਾ,"ਸਤੀਸ਼ਨ ਜੀ ਦੇ ਨਾਲ ਹੀ ਪੂਰੀ ਕੈਬਨਿਟ, ਹੁਣ ਹਰ ਕੇਰਲ ਵਾਸੀ ਦੀ ਆਵਾਜ਼ ਦੀ ਨੁਮਾਇੰਦਗੀ ਕਰਨਗੇ। ਕੇ.ਸੀ. ਵੇਣੂਗੋਪਾਲ ਜੀ ਦਾ ਧੰਨਵਾਦ, ਜਿਨ੍ਹਾਂ ਨੇ ਇਸ ਮੁਹਿੰਮ ਦੀ ਅਗਵਾਈ ਅੱਗੇ ਤੋਂ ਕੀਤੀ। ਉਨ੍ਹਾਂ ਦਾ ਕਹਿਣਾ ਸੀ ਕਿ, ਇਹ ਜਿੱਤ ਹਰ UDF ਵਰਕਰ ਅਤੇ ਡਿਜੀਟਲ ਯੋਧੇ ਦੀ ਹੈ, ਜਿਸਨੇ ਇਸ ਮੁਹਿੰਮ ਦੌਰਾਨ ਅਣਥੱਕ ਮਿਹਨਤ ਕੀਤੀ। ਕੰਮ ਹੁਣੇ ਸ਼ੁਰੂ ਹੋਇਆ ਹੈ। ਇਸ ਦੇ ਨਾਲ ਹੀ ਕਾਂਗਰਸ ਪ੍ਰਧਾਨ ਮੱਲਿਕਾਰਜੁਨ ਖੜਗੇ ਨੇ X 'ਤੇ ਪੋਸਟ ਸ਼ੇਅਰ ਕਰਦੇ ਹੋਏ ਕਿਹਾ, ਮੈਂ ਕੇਰਲ ਵਿੱਚ ਨਵੀਂ ਕਾਂਗਰਸ-ਯੂਡੀਐੱਫ ਸਰਕਾਰ ਨੂੰ ਦਿਲੋਂ ਵਧਾਈ ਦਿੰਦਾ ਹਾਂ। ਮੈਨੂੰ ਵਿਸ਼ਵਾਸ ਹੈ ਕਿ ਕਾਂਗਰਸ-ਯੂਡੀਐਫ ਦੀ ਸਮੂਹਿਕ ਅਗਵਾਈ ਹੇਠ ਕੇਰਲ ਹੁਣ ਸੱਚੀ ਤਰੱਕੀ ਅਤੇ ਭਵਿੱਖ-ਮੁਖੀ ਵਿਕਾਸ ਦਾ ਗਵਾਹ ਬਣੇਗਾ।

# ਪ੍ਰਧਾਨ ਮੰਤਰੀ ਮੋਦੀ ਦੀ 'ਤੇਲ ਬਚਾਓ' ਮੁਹਿੰਮ ਦਾ ਅਸਰ ! ਮੁੱਖ ਮੰਤਰੀ ਰੇਖਾ ਸਣੇ ਕਈ ਭਾਜਪਾ ਆਗੂਆਂ ਨੇ ਮੈਟਰੋ 'ਚ ਕੀਤਾ ਸ.ਫਰ

ਕੌਮੀ ਪਤ੍ਰਿਕਾ
ਨਵਦੀਪ ਸਿੰਘ ਸਾਹਨੀ

ਨਵੀਂ ਦਿੱਲੀ 18 ਮਈ। ਮਿਡਲ ਈਸਟ 'ਚ ਤਣਾਅ ਕਾਰਨ ਦੁਨੀਆ ਭਰ 'ਚ ਪੈਦਾ ਹੋਏ ਸੰਕਟ ਅਤੇ ਤੇਲ-ਗੈਸ ਦੀਆਂ ਵਧਦੀਆਂ ਕੀਮਤਾਂ ਦੇ ਵਿਚਕਾਰ, ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ 'ਤੇਲ ਬਚਾਓ' ਦੀ ਅਪੀਲ ਦਾ ਅਸਰ ਹੁਣ ਸਿਆਸੀ ਗਲਿਆਰਿਆਂ ਵਿੱਚ ਸਾਫ਼ ਦੇਖਣ ਨੂੰ ਮਿਲ ਰਿਹਾ ਹੈ। ਸੋਮਵਾਰ ਨੂੰ ਦਿੱਲੀ ਦੇ ਮੁੱਖ ਮੰਤਰੀ ਰੇਖਾ ਗੁਪਤਾ ਅਤੇ ਭਾਜਪਾ ਦੇ ਕਈ ਸੀਨੀਅਰ ਆਗੂਆਂ ਨੇ ਮੇਰਾ ਭਾਰਤ, ਮੇਰਾ ਯੋਗਦਾਨ ਮੁਹਿੰਮ ਤਹਿਤ ਦਿੱਲੀ ਮੈਟਰੋ ਵਿੱਚ ਸਫ਼ਰ ਕੀਤਾ ਅਤੇ ਦੇਸ਼ ਵਾਸੀਆਂ ਨੂੰ ਪਬਲਿਕ ਟਰਾਂਸਪੋਰਟ ਅਪਣਾਉਣ ਦਾ ਸੰਦੇਸ਼ ਦਿੱਤਾ। ਮੈਟਰੋ ਸਫ਼ਰ ਦੌਰਾਨ ਮੁੱਖ ਮੰਤਰੀ ਰੇਖਾ ਗੁਪਤਾ ਨੇ ਆਮ ਮੁਸਾਫ਼ਰਾਂ ਨਾਲ ਮੁਲਾਕਾਤ ਕੀਤੀ ਅਤੇ ਉਨ੍ਹਾਂ ਨੂੰ ਤੇਲ ਦੀ ਬਚਤ ਲਈ ਵੱਧ ਤੋਂ ਵੱਧ ਪਬਲਿਕ ਟ?ਰਾਂਸਪੋਰਟ ਦੀ ਵਰਤੋਂ ਕਰਨ ਲਈ ਪ੍ਰੇਰਿਤ ਕੀਤਾ। ਉੱਤਰ-ਪੂਰਬੀ ਦਿੱਲੀ ਤੋਂ ਭਾਜਪਾ ਦੇ ਸੰਸਦ ਮੈਂਬਰ ਮਨੋਜ ਤਿਵਾਰੀ ਨੇ ਵੀ ਪ੍ਰਧਾਨ ਮੰਤਰੀ ਦੀ ਅਪੀਲ 'ਤੇ ਮੈਟਰੋ ਰਾਹੀਂ ਸਫ਼ਰ ਕੀਤਾ। ਮੈਟਰੋ ਵਿੱਚ ਸੀਟ ਮਿਲਣ 'ਤੇ ਉਹ ਕਾਫ਼ੀ ਖੁਸ਼ ਨਜ਼ਰ ਆਏ ਅਤੇ ਉਨ੍ਹਾਂ ਕਿਹਾ ਕਿ ਅੱਜ ਟ?ਰੇਨ ਵਿੱਚ ਜ਼ਿਆਦਾ ਭੀੜ ਨਹੀਂ ਸੀ। ਇਸ ਦੇ ਨਾਲ ਹੀ ਦਿੱਲੀ ਦੇ ਸਿੱਖਿਆ ਮੰਤਰੀ ਆਸ਼ੀਸ਼ ਸੂਦ ਨੇ ਵੀ ਮੈਟਰੋ ਸਫ਼ਰ ਰਾਹੀਂ ਇਸ ਮੁਹਿੰਮ ਦਾ ਸਮਰਥਨ ਕੀਤਾ। ਮਨੋਜ ਤਿਵਾਰੀ ਨੇ ਕਿਹਾ, ਸਾਨੂੰ ਮੈਟਰੋ ਵਿੱਚ ਕਈ ਲੋਕਾਂ ਨਾਲ ਗੱਲਬਾਤ ਕਰਨ ਦਾ ਮੌਕਾ ਮਿਲਿਆ। ਕੁਝ ਯਾਤਰੀਆਂ ਨੇ ਦੱਸਿਆ ਕਿ ਉਹ ਰੋਜ਼ਾਨਾ ਮੈਟਰੋ ਰਾਹੀਂ ਗੁਰੂਗ੍ਰਾਮ ਅਤੇ ਨੋਇਡਾ ਵਿਚਕਾਰ ਸਫ਼ਰ ਕਰਦੇ ਹਨ। ਉਹ ਆਪਣੇ ਘਰ ਤੋਂ 500-600 ਮੀਟਰ ਪੈਦਲ ਚੱਲ ਕੇ ਸਟੇਸ਼ਨ




ਆਉਂਦੇ ਹਨ। ਇਨ੍ਹਾਂ ਜ਼ਿੰਮੇਵਾਰ ਨਾਗਰਿਕਾਂ ਨੂੰ ਮਿਲ ਕੇ ਬਹੁਤ ਖੁਸ਼ੀ ਹੋਈ। ਇਸ ਤੋਂ ਇਲਾਵਾ ਵਾਤਾਵਰਣ ਪੱਖੀ ਅਤੇ ਇਲੈਕਟ੍ਰਿਕ ਵਾਹਨਾਂ ਨੂੰ ਉਤਸ਼ਾਹਿਤ ਕਰਨ ਲਈ ਦਿੱਲੀ ਦੇ ਮਸ਼ਹੂਰ ਕਨਾਟ ਪਲੇਸ 'ਚ ਇਲੈਕਟ੍ਰਿਕ ਵਾਹਨਾਂ ਦੀ ਪਾਰਕਿੰਗ ਫ਼ੀਸ ਵਿੱਚ 50 ਫ਼ੀਸਦੀ ਦੀ ਕਟੌਤੀ ਕਰ ਦਿੱਤੀ ਗਈ ਹੈ। NDMC ਦੇ ਉਪ-ਪ੍ਰਧਾਨ ਕੁਲਜੀਤ ਸਿੰਘ ਚਾਹਲ ਖ਼ੁਦ ਇੱਕ ਇਲੈਕਟ੍ਰਿਕ ਆਟੋ-ਰਿਕਸ਼ਾ ਵਿੱਚ ਸਵਾਰ ਹੋ ਕੇ ਸੇਵਾ ਤੀਰਥ ਮੈਟਰੋ ਸਟੇਸ਼ਨ ਪਹੁੰਚੇ। ਇਸ ਦੌਰਾਨ ਸਾਂਸਦ ਮਨੋਜ ਤਿਵਾਰੀ ਅਤੇ ਕੁਲਜੀਤ ਚਾਹਲ ਨੇ ਇਲੈਕਟ੍ਰਿਕ ਵਾਹਨ ਚਾਲਕਾਂ ਨੂੰ 50 ਫ਼ੀਸਦੀ ਛੋਟ ਵਾਲੇ ਵਿਸ਼ੇਸ਼ ਪਾਰਕਿੰਗ ਪਾਸ ਵੀ ਵੰਡੇ। ਜ਼ਿਕਰਯੋਗ ਹੈ ਕਿ 11 ਮਈ ਨੂੰ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਮਿਡਲ ਈਸਟ 'ਚ ਮੌਜੂਦਾ ਸੰਕਟ ਕਾਰਨ ਪੈਦਾ ਹੋਈਆਂ ਗਲੋਬਲ ਚੁਣੌਤੀਆਂ ਦੇ ਮੱਦੇਨਜ਼ਰ ਦੇਸ਼ ਵਾਸੀਆਂ ਨੂੰ ਤੇਲ ਦੀ ਖਪਤ ਘਟਾਉਣ, ਪਬਲਿਕ ਟ?ਰਾਂਸਪੋਰਟ ਅਤੇ ਈ.ਵੀ. ਵਾਹਨਾਂ ਦੀ ਵਰਤੋਂ ਵਧਾਉਣ ਦੀ ਅਪੀਲ ਕੀਤੀ ਸੀ। ਇਸ ਦੇ ਨਾਲ ਹੀ ਉਨ੍ਹਾਂ ਨੇ ਦੇਸ਼ ਦੀ ਆਰਥਿਕ ਸਥਿਰਤਾ ਲਈ ਨਾਗਰਿਕਾਂ ਨੂੰ ਫਿਲਹਾਲ ਸੋਨੇ ਦੀ ਖਰੀਦਦਾਰੀ ਨੂੰ ਕੁਝ ਸਮੇਂ ਲਈ ਟਾਲਣ ਦੀ ਬੇਨਤੀ ਵੀ ਕੀਤੀ ਸੀ।

# ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਤ.ਖ਼ਤ ਸ਼੍ਰੀ ਪਟਨਾ ਸਾਹਿਬ ਵਿਖੇ ਮੱਥਾ ਟੇਕਿਆ


ਕੌਮੀ ਪਤ੍ਰਿਕਾ

ਪਟਨਾ, 18 ਮਈ: ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅੱਜ ਦਸਮੇਸ਼ ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪਵਿੱਤਰ ਜਨਮ ਅਸਥਾਨ ਅਤੇ ਚਰਨ-ਛੋਹ ਪ੍ਰਾਪਤ ਧਰਤੀ ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ ਵਿਖੇ ਨਤਮਸਤਕ ਹੋਏ। ਇਸ ਦੌਰਾਨ ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬ ਨੇ ਬੇਅਦਬੀ ਵਿਰੁੱਧ ਸਭ ਤੋਂ ਸਖ਼ਤ ਕਾਨੂੰਨ ਬਣਾ ਕੇ ਗੁਰੂ ਸਾਹਿਬਾਨ ਦੇ ਸਤਿਕਾਰ ਦੀ ਰਾਖੀ ਕਰਨ ਦਾ ਰਾਹ ਪੂਰੇ ਦੇਸ਼ ਨੂੰ ਦਿਖਾਇਆ ਹੈ। ਪੰਜਾਬ, ਪੰਜਾਬੀਆਂ ਅਤੇ ਸਮੁੱਚੀ ਸਿੱਖ ਸੰਗਤ ਦੀ ਚੜ੍ਹਦੀ ਕਲਾ, ਖੁਸ਼ਹਾਲੀ ਅਤੇ ਭਲੇ ਲਈ ਅਰਦਾਸ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਪਾਵਨ ਸ਼ਬਦ ਗੁਰੂ ਦੀ ਪਵਿੱਤਰਤਾ ਅਤੇ ਮਰਿਆਦਾ ਨੂੰ ਕਾਇਮ ਰੱਖਣ ਲਈ ਪੰਜਾਬ ਨੂੰ ਬੇਅਦਬੀ ਵਿਰੁੱਧ ਸਖ਼ਤ ਕਾਨੂੰਨ ਬਣਾਉਣ ਦਾ ਸੁਭਾਗ ਬਖਸ਼ਣ ਲਈ ਗੁਰੂ ਸਾਹਿਬ ਦਾ ਸ਼ੁਕਰਾਨਾ ਕੀਤਾ। ਬੇਅਦਬੀ ਨੂੰ ਕਰੋੜਾਂ ਲੋਕਾਂ ਦੀ ਆਸਥਾ ਵਿਰੁੱਧ ਨਾ-ਮੁਆਫ਼ੀਯੋਗ ਜੁਰਮ ਦੱਸਦਿਆਂ ਮੁੱਖ ਮੰਤਰੀ ਨੇ ਦੇਸ਼ ਭਰ ਦੀਆਂ ਸਾਰੀਆਂ ਸੂਬਾ ਸਰਕਾਰਾਂ ਨੂੰ ਅਜਿਹਾ ਹੀ ਸਖ਼ਤ ਕਾਨੂੰਨ ਲਿਆਉਣ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਪੰਜਾਬ ਇਸ ਸਬੰਧ ਵਿੱਚ ਹਰ ਸੰਭਵ ਮਦਦ ਦੇਣ ਲਈ ਤਿਆਰ ਹੈ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਗੇ ਕਿਹਾ ਕਿ ਪੰਜਾਬ ਵਿੱਚ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਕਰਨ ਦੀ ਜੁਰਅੱਤ ਕਰਨ ਵਾਲੇ ਕਿਸੇ ਵੀ ਵਿਅਕਤੀ ਨੂੰ ਹੁਣ ਆਪਣੀ ਸਾਰੀ ਉਮਰ ਜੇਲ੍ਹ ਵਿੱਚ ਬਿਤਾਉਣੀ ਪਵੇਗੀ। ਉਨ੍ਹਾਂ ਨੇ ਇਹ



ਸਖ਼ਤ ਸੁਨੇਹਾ ਦਿੱਤਾ ਕਿ ਧਾਰਮਿਕ ਭਾਵਨਾਵਾਂ ਨੂੰ ਠੇਸ ਪਹੁੰਚਾਉਣ ਵਾਲੀ ਕੋਈ ਵੀ ਹਰਕਤ ਹੁਣ ਬਰਦਾਸ਼ਤ ਨਹੀਂ ਕੀਤੀ ਜਾਵੇਗੀ। ਆਪਣੇ ਐਕਸ ਹੈਂਡਲ 'ਤੇ ਕੁਝ ਫੋਟੋਆਂ ਸਾਂਝੀਆਂ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਅੱਜ ਮੈਨੂੰ ਦਸਵੇਂ ਪਾਤਸ਼ਾਹ ਗੁਰੂ ਗੋਬਿੰਦ ਸਿੰਘ ਜੀ ਦੀ ਪਵਿੱਤਰ ਜਨਮ ਭੂਮੀ ਅਤੇ ਚਰਨ ਛੋਹ ਪ੍ਰਾਪਤ ਧਰਤੀ ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ ਵਿਖੇ ਮੱਥਾ ਟੇਕਣ ਦਾ ਸੁਭਾਗ ਪ੍ਰਾਪਤ ਹੋਇਆ। ਉਨ੍ਹਾਂ ਕਿਹਾ ਕਿ ਮੈਂ ਗੁਰੂ ਸਾਹਿਬ ਅੱਗੇ ਮੱਥਾ ਟੇਕਿਆ ਅਤੇ ਪੰਜਾਬ, ਪੰਜਾਬੀਆਂ ਤੇ ਸਮੁੱਚੀ ਸਿੱਖ ਸੰਗਤ ਦੀ ਖੁਸ਼ਹਾਲੀ, ਤੰਦਰੁਸਤੀ ਤੇ ਸਦਾ ਚੜ੍ਹਦੀ ਕਲਾ ਲਈ ਅਰਦਾਸ ਕੀਤੀ। ਮੈਂ ਗੁਰੂ ਸਾਹਿਬ ਦਾ ਦਿਲੋਂ ਧੰਨਵਾਦ ਵੀ ਕੀਤਾ ਕਿ ਉਨ੍ਹਾਂ ਨੇ ਸਾਨੂੰ ਬੇਅਦਬੀ ਵਿਰੁੱਧ ਸਖ਼ਤ ਕਾਨੂੰਨ ਬਣਾਉਣ ਦਾ ਮੌਕਾ ਦੇ ਕੇ ਪਵਿੱਤਰ ਸ਼ਬਦ ਗੁਰੂ ਦੀ ਪਵਿੱਤਰਤਾ ਨੂੰ ਕਾਇਮ ਰੱਖਣ ਦਾ ਸੁਭਾਗ ਬਖਸ਼ਿਆ। ਉਨ੍ਹਾਂ ਲਿਖਿਆ, "ਗੁਰੂ ਸਾਹਿਬ ਸਭਨਾਂ 'ਤੇ ਆਪਣੀ ਮਿਹਰ ਤੇ ਆਸ਼ੀਰਵਾਦ ਬਣਾ ਕੇ ਰੱਖਣ।" Contd.................page-3

## ਮੁੱਖ ਮੰਤਰੀ ਯੋਗੀ ਨੇ ਅਧਿਕਾਰੀਆਂ ਨੂੰ ਦਿੱਤੇ ਸ.ਖ਼ਤ ਨਿਰਦੇਸ਼, ਅਲਰਟ 'ਤੇ ਰੱਖੇ ਹਸਪਤਾਲ



ਲਖਨਊ 18 ਮਈ। ਉੱਤਰ ਪ੍ਰਦੇਸ਼ 'ਚ ਲਗਾਤਾਰ ਵਧ ਰਹੀ ਭਿਆਨਕ ਗਰਮੀ ਅਤੇ ਲੂ ਦੀ ਸਥਿਤੀ ਨੂੰ ਦੇਖਦੇ ਹੋਏ ਮੁੱਖ ਮੰਤਰੀ ਯੋਗੀ ਆਦਿੱਤਿਆਨਾਥ ਨੇ ਪ੍ਰਸ਼ਾਸਨ ਨੂੰ ਪੂਰੀ ਤਰ੍ਹਾਂ ਚੌਕਸ ਰਹਿਣ ਦੇ ਨਿਰਦੇਸ਼ ਜਾਰੀ ਕੀਤੇ ਹਨ। ਭਾਰਤੀ ਮੌਸਮ ਵਿਭਾਗ ਵੱਲੋਂ ਜਾਰੀ ਕੀਤੇ ਗਏ 'ਆਰੇਂਜ ਅਲਰਟ' ਤੋਂ ਬਾਅਦ ਮੁੱਖ ਮੰਤਰੀ ਨੇ ਸਾਰੇ ਜ਼ਿਲ੍ਹਾ ਮੈਜਿਸਟਰੇਟਾਂ, ਸਿਹਤ ਵਿਭਾਗ, ਬਿਜਲੀ ਵਿਭਾਗ ਅਤੇ ਰਾਹਤ ਏਜੰਸੀਆਂ ਨੂੰ 'ਅਲਰਟ ਮੋਡ' 'ਤੇ ਰਹਿਣ ਲਈ ਕਿਹਾ ਹੈ। ਮੁੱਖ ਮੰਤਰੀ ਨੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਹੈ ਕਿ ਸੰਵੇਦਨਸ਼ੀਲ ਜ਼ਿਲ੍ਹਿਆਂ 'ਤੇ ਵਿਸ਼ੇਸ਼ ਨਜ਼ਰ ਰੱਖੀ ਜਾਵੇ। ਸਰਕਾਰੀ ਹਸਪਤਾਲਾਂ ਵਿੱਚ ਹੀਟ ਸਟ?ਰੋਕ ਨਾਲ ਪ੍ਰਭਾਵਿਤ ਮਰੀਜ਼ਾਂ ਦੇ ਇਲਾਜ ਲਈ ਪੁਖਤਾ ਇੰਤਜ਼ਾਮ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ ਗਏ ਹਨ। ਹਸਪਤਾਲਾਂ 'ਚ ਲੋੜੀਂਦੀਆਂ ਦਵਾਈਆਂ, ਬੈੱਡਾਂ ਅਤੇ ਡਾਕਟਰਾਂ ਦੀ ਉਪਲਬਧਤਾ ਦੇ ਨਾਲ-ਨਾਲ ਐਂਬੂਲੈਂਸ ਸੇਵਾਵਾਂ ਨੂੰ ਵੀ ਸਰਗਰਮ ਰੱਖਣ ਲਈ ਕਿਹਾ ਗਿਆ ਹੈ। ਇਸ ਦੇ ਨਾਲ ਹੀ ਜਨਤਕ ਥਾਵਾਂ 'ਤੇ ਪੀਣ ਵਾਲੇ ਪਾਣੀ ਦੀ ਵਿਵਸਥਾ ਕਰਨ ਅਤੇ ਬਿਜਲੀ ਦੀ ਸਪਲਾਈ ਨੂੰ ਨਿਰਵਿਘਨ ਬਣਾਈ ਰੱਖਣ 'ਤੇ ਵਿਸ਼ੇਸ਼ ਜ਼ੋਰ ਦਿੱਤਾ ਗਿਆ ਹੈ। ਸੀਐੱਮ ਯੋਗੀ ਨੇ ਸੂਬਾ ਵਾਸੀਆਂ ਨੂੰ ਅਪੀਲ ਕੀਤੀ ਹੈ ਕਿ ਉਹ ਬਹੁਤ ਜ਼ਿਆਦਾ ਗਰਮੀ ਤੇ ਲੂ ਦੌਰਾਨ ਬਿਨਾਂ ਵਜ?ਹਾ ਘਰੋਂ ਬਾਹਰ ਨਾ ਨਿਕਲਣ। ਉਨ੍ਹਾਂ ਨੇ ਖਾਸ ਤੌਰ 'ਤੇ ਬੱਚਿਆਂ, ਬਜ਼ੁਰਗਾਂ ਤੇ ਬਿਮਾਰ ਲੋਕਾਂ ਨੂੰ ਵਧੇਰੇ ਸਾਵਧਾਨੀ ਵਰਤਣ ਦੀ ਸਲਾਹ ਦਿੱਤੀ ਹੈ। ਪ੍ਰਸ਼ਾਸਨ ਵੱਲੋਂ ਲੋਕਾਂ ਨੂੰ ਵੱਧ ਤੋਂ ਵੱਧ ਪਾਣੀ ਪੀਣ, ਹਲਕੇ ਸੂਤੀ ਕੱਪੜੇ ਪਹਿਨਣ ਤੇ ਧੁੱਪ 'ਚ ਨਿਕਲਦੇ ਸਮੇਂ ਸਿਰ ਢੱਕ ਕੇ ਰੱਖਣ ਦੀ ਅਪੀਲ ਕੀਤੀ ਗਈ ਹੈ। ਮੌਸਮ ਵਿਭਾਗ ਅਨੁਸਾਰ 19, 20 ਅਤੇ 21 ਮਈ ਨੂੰ ਸੂਬੇ ਦੇ ਕਈ ਜ਼ਿਲ੍ਹਿਆਂ 'ਚ ਅਤਿ ਦੀ ਗਰਮੀ ਦੀ ਲਹਿਰ ਚੱਲ ਸਕਦੀ ਹੈ। ਇਸ ਦੌਰਾਨ ਤਾਪਮਾਨ 'ਚ 3 ਤੋਂ 4 ਡਿਗਰੀ ਸੈਲਸੀਅਸ ਤੱਕ ਦਾ ਹੋਰ ਵਾਧਾ ਹੋਣ ਦੀ ਸੰਭਾਵਨਾ ਹੈ। ਇਸ ਗੰਭੀਰ ਸਥਿਤੀ ਨੂੰ ਦੇਖਦੇ ਹੋਏ ਯੋਗੀ ਸਰਕਾਰ ਨੇ ਸਾਰੇ ਜ਼ਿਲ੍ਹਿਆਂ ਨੂੰ ਰਾਹਤ ਅਤੇ ਬਚਾਅ ਕਾਰਜਾਂ ਦੀਆਂ ਤਿਆਰੀਆਂ ਸਮੇਂ ਸਿਰ ਮੁਕੰਮਲ ਕਰਨ ਦੇ ਹੁਕਮ ਦਿੱਤੇ ਹਨ।

# "ਪਾਕਿਸਤਾਨ ਸੋਚ ਲਵੇ ਕਿ ਨਕਸ਼ੇ ਦਾ ਹਿੱਸਾ ਬਣਨਾ ਜਾਂ ਇਤਿਹਾਸ ਦਾ..!" ਭਾਰਤੀ ਫੌਜ ਮੁਖੀ

ਕੌਮੀ ਪਤ੍ਰਿਕਾ

ਨੈਸ਼ਨਲ ਡੈਸਕ 18 ਮਈ। ਭਾਰਤੀ ਫੌਜ ਦੇ ਮੁਖੀ ਜਨਰਲ ਉਪੇਂਦਰ ਦਿਵੇਦੀ ਨੇ ਅੱਤਵਾਦ ਦੇ ਮੁੱਦੇ 'ਤੇ ਪਾਕਿਸਤਾਨ ਨੂੰ ਬੇਹੱਦ ਸਖ਼ਤ ਸ਼ਬਦਾਂ ਵਿੱਚ ਚਿਤਾਵਨੀ ਦਿੱਤੀ ਹੈ। 'ਸੈਨਾ ਸੰਵਾਦ' ਪ੍ਰੋਗਰਾਮ ਦੌਰਾਨ ਬੋਲਦਿਆਂ ਫੌਜ ਮੁਖੀ ਨੇ ਸਪੱਸ਼ਟ ਕੀਤਾ ਕਿ ਜੇਕਰ ਗੁਆਂਢੀ ਦੇਸ਼ ਨੇ ਆਪਣੀ ਸਰਜ਼ਮੀਂ 'ਤੇ ਭਾਰਤ ਵਿਰੋਧੀ ਅੱਤਵਾਦੀਆਂ ਨੂੰ ਪਨਾਹ ਦੇਣੀ ਅਤੇ ਘੁਸਪੈਠ ਕਰਵਾਉਣੀ ਬੰਦ ਨਾ ਕੀਤੀ, ਤਾਂ ਭਾਰਤੀ ਫੌਜ ਇੱਕ ਵਾਰ ਫਿਰ ਵੱਡੀ ਜਵਾਬੀ ਕਾਰਵਾਈ ਕਰਨ ਤੋਂ ਪਿੱਛੇ ਨਹੀਂ ਹਟੇਗੀ। ਉਨ੍ਹਾਂ ਕਿਹਾ ਕਿ ਅਜਿਹੀ ਹਰਕਤ ਕਰਨ ਤੋਂ ਪਹਿਲਾਂ ਪਾਕਿਸਤਾਨ ਸੋਚ ਲਵੇ ਕਿ ਉਸ ਨੂੰ ਨਕਸ਼ੇ ਦਾ ਹਿੱਸਾ ਬਣਨਾ ਹੈ ਜਾਂ ਇਤਿਹਾਸ ਦਾ। ਜਨਰਲ ਦਿਵੇਦੀ ਦੇ ਇਹ ਬਿਆਨ ਭਾਰਤੀ ਫੌਜ ਵੱਲੋਂ ਕੀਤੇ ਗਏ ਆਪਰੇਸ਼ਨ ਸਿੰਦੂਰ ਦੀ ਪਹਿਲੀ ਬਰਸੀ ਦੇ ਮੌਕੇ 'ਤੇ ਆਏ ਹਨ। ਜ਼ਿਕਰਯੋਗ ਹੈ ਕਿ ਆਪਰੇਸ਼ਨ ਸਿੰਦੂਰ ਦੇ ਤਹਿਤ ਭਾਰਤੀ ਫੌਜਾਂ ਨੇ ਪਾਕਿਸਤਾਨ ਅਤੇ ਪਾਕਿਸਤਾਨ ਦੇ ਕਬਜ਼ੇ



ਵਾਲੇ ਜੰਮੂ-ਕਸ਼ਮੀਰ 'ਚ ਸਥਿਤ ਅੱਤਵਾਦੀਆਂ ਦੇ ਕਈ ਲਾਂਚ ਪੈਡਾਂ ਅਤੇ ਬੁਨਿਆਦੀ ਢਾਂਚੇ 'ਤੇ ਬੇਹੱਦ ਸਟੀਕ ਹਵਾਈ ਹਮਲੇ ਕੀਤੇ ਸਨ। ਫੌਜ ਮੁਖੀ ਨੇ ਕਿਹਾ ਕਿ 'ਆਪਰੇਸ਼ਨ ਸਿੰਦੂਰ' ਭਾਰਤ ਦੇ ਦ੍ਰਿੜ ਇਰਾਦੇ ਦਾ ਸਬੂਤ ਸੀ। ਜੇਕਰ ਪਾਕਿਸਤਾਨ ਅਜੇ ਵੀ ਨਹੀਂ ਸੁਧਰਦਾ ਅਤੇ ਅੱਤਵਾਦੀ ਢਾਂਚੇ ਨੂੰ ਹੱਲਾਸ਼ੇਰੀ ਦੇਣਾ ਜਾਰੀ ਰੱਖਦਾ ਹੈ, ਤਾਂ ਉਸ ਨੂੰ ਇਸ ਤੋਂ ਵੀ ਭਿਆਨਕ ਨਤੀਜੇ ਭੁਗਤਣੇ ਪੈਣਗੇ। ਆਪਣੇ ਸੰਬੋਧਨ ਵਿੱਚ ਜਨਰਲ ਦਿਵੇਦੀ ਨੇ ਸਰਹੱਦਾਂ ਦੀ ਮੌਜੂਦਾ ਸਥਿਤੀ 'ਤੇ ਵੀ ਗੱਲ ਕੀਤੀ। ਉਨ੍ਹਾਂ ਕਿਹਾ ਕਿ ਗੁਆਂਢੀ ਦੇਸ਼ਾਂ ਦੀਆਂ ਹਰਕਤਾਂ ਕਾਰਨ ਦੇਸ਼ ਦੇ ਆਲੇ-ਦੁਆਲੇ ਇੱਕ ਚੁਣੌਤੀਪੂਰਨ ਮਾਹੌਲ ਬਣਿਆ ਹੋਇਆ ਹੈ, ਜਿੱਥੇ ਭਾਰਤੀ ਸੈਨਿਕ ਸਾਰੇ ਮੋਰਚਿਆਂ 'ਤੇ ਮੁਸਤੈਦੀ ਨਾਲ ਡਟੇ ਹੋਏ ਹਨ। ਉਨ੍ਹਾਂ ਨਵੇਂ ਅਫ਼ਸਰਾਂ ਅਤੇ ਜਵਾਨਾਂ ਨੂੰ ਸੰਬੋਧਨ ਕਰਦੇ ਹੋਏ ਕਿਹਾ ਕਿ ਭਵਿੱਖ ਦੀਆਂ ਜੰਗਾਂ ਸਿਰਫ਼ ਸਰਹੱਦਾਂ ਤੱਕ ਸੀਮਤ ਨਹੀਂ ਰਹਿਣਗੀਆਂ, ਸਗੋਂ ਇਹ ਤਕਨਾਲੋਜੀ, ਸਾਈਬਰ ਅਤੇ ਸਮਾਜਿਕ ਖੇਤਰਾਂ ਵਿੱਚ ਵੀ ਲੜੀਆਂ ਜਾਣਗੀਆਂ। ਇਸ ਲਈ ਭਾਰਤੀ ਫੌਜ ਤੇਜ਼ੀ ਨਾਲ ਆਪਣਾ ਆਧੁਨਿਕੀਕਰਨ ਕਰ ਰਹੀ ਹੈ।

# ਸੁਪਰੀਮ ਕੋਰਟ ਦੇ ਜੱਜਾਂ ਦੀ ਗਿਣਤੀ ਵਧਾਉਣ ਨੂੰ ਰਾਸ਼ਟਰਪਤੀ ਦੀ ਮਨਜ਼ੂਰੀ

ਕੌਮੀ ਪਤ੍ਰਿਕਾ
ਤੇਜਿੰਦਰ ਕੌਰ ਬੱਬਰ

ਨਵੀਂ ਦਿੱਲੀ 18 ਮਈ। ਦੇਸ਼ ਦੀ ਸਰਵਉੱਚ ਅਦਾਲਤ 'ਚ ਕੇਸਾਂ ਦੇ ਵਧ ਰਹੇ ਬੋਝ ਨੂੰ ਘਟਾਉਣ ਲਈ ਇਕ ਵੱਡਾ ਕਦਮ ਚੁੱਕਦਿਆਂ, ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਸੁਪਰੀਮ ਕੋਰਟ ਦੇ ਜੱਜਾਂ ਦੀ ਗਿਣਤੀ 34 ਤੋਂ ਵਧਾ ਕੇ 38 ਕਰਨ ਦੇ ਕੇਂਦਰੀ ਕੈਬਨਿਟ ਦੇ ਫੈਸਲੇ ਨੂੰ ਮਨਜ਼ੂਰੀ ਦੇ ਦਿੱਤੀ ਹੈ। ਕੇਂਦਰੀ ਕਾਨੂੰਨ ਮੰਤਰੀ ਅਰਜੁਨ ਰਾਮ ਮੇਘਵਾਲ ਨੇ ਐਤਵਾਰ ਨੂੰ ਸੋਸ਼ਲ ਮੀਡੀਆ ਰਾਹੀਂ ਇਹ ਜਾਣਕਾਰੀ ਸਾਂਝੀ ਕੀਤੀ। ਮੇਘਵਾਲ ਅਨੁਸਾਰ, ਰਾਸ਼ਟਰਪਤੀ ਨੇ 'ਸੁਪਰੀਮ ਕੋਰਟ (ਜੱਜਾਂ ਦੀ ਗਿਣਤੀ) ਸੋਧ ਆਰਡੀਨੈਂਸ, 2026' ਜਾਰੀ ਕੀਤਾ ਹੈ, ਜਿਸ ਤਹਿਤ ਮੁੱਖ ਜੱਜ ਨੂੰ ਛੱਡ ਕੇ ਜੱਜਾਂ ਦੀ ਗਿਣਤੀ 33 ਤੋਂ ਵਧਾ ਕੇ 37 ਕਰ ਦਿੱਤੀ ਗਈ ਹੈ। ਦੱਸ ਦੇਈਏ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਪ੍ਰਧਾਨਗੀ ਹੇਠ ਕੇਂਦਰੀ ਕੈਬਨਿਟ ਨੇ 5 ਮਈ ਨੂੰ ਇਸ ਪ੍ਰਸਤਾਵ ਨੂੰ ਮਨਜ਼ੂਰੀ ਦਿੱਤੀ ਸੀ। ਕਾਨੂੰਨੀ ਭਾਈਚਾਰੇ ਨੇ ਇਸ ਫੈਸਲੇ ਦਾ ਭਰਵਾਂ ਸਵਾਗਤ ਕੀਤਾ ਹੈ। ਸੁਪਰੀਮ ਕੋਰਟ ਬਾਰ ਐਸੋਸੀਏਸ਼ਨ ਦੇ ਪ੍ਰਧਾਨ ਵਿਕਾਸ ਸਿੰਘ ਨੇ ਕਿਹਾ ਕਿ ਜੱਜਾਂ ਦੀ ਗਿਣਤੀ ਵਧਾਉਣ ਦੀ ਮੰਗ ਲੰਬੇ



ਸਮੇਂ ਤੋਂ ਸੀ ਕਿਉਂਕਿ ਕੇਸਾਂ ਦੀ ਫਾਈਲਿੰਗ ਲਗਾਤਾਰ ਵੱਧ ਰਹੀ ਹੈ। ਉਨ੍ਹਾਂ ਉਮੀਦ ਜਤਾਈ ਕਿ ਇਸ ਸਾਲ ਦੇ ਅੰਤ ਤੱਕ ਸੁਪਰੀਮ ਕੋਰਟ ਦੀ ਨਵੀਂ ਇਮਾਰਤ ਦਾ ਇੱਕ ਹਿੱਸਾ ਵੀ ਚਾਲੂ ਹੋ ਜਾਵੇਗਾ, ਜਿੱਥੇ 38 ਜੱਜਾਂ ਲਈ ਕਾਫ਼ੀ ਥਾਂ ਹੋਵੇਗੀ। ਉਨ੍ਹਾਂ ਇਹ ਵੀ ਕਿਹਾ ਕਿ ਆਉਣ ਵਾਲੇ ਸਮੇਂ ਵਿੱਚ 50 ਦੇ ਕਰੀਬ ਜੱਜਾਂ ਦੀ ਲੋੜ ਪੈ ਸਕਦੀ ਹੈ। ਦਿੱਲੀ ਹਾਈ ਕੋਰਟ ਬਾਰ ਐਸੋਸੀਏਸ਼ਨ ਦੇ ਉਪ ਪ੍ਰਧਾਨ ਸਚਿਨ ਪੁਰੀ ਨੇ ਇਸ ਨੂੰ ਸਮੇਂ ਦੀ ਲੋੜ ਦੱਸਿਆ ਅਤੇ ਕਿਹਾ ਕਿ ਇਸ ਨਾਲ ਪੈਂਡਿੰਗ ਕੇਸਾਂ ਦੇ ਤੇਜ਼ੀ ਨਾਲ ਨਿਪਟਾਰੇ ਵਿੱਚ ਮਦਦ ਮਿਲੇਗੀ। ਐਡਵੋਕੇਟ ਜੂਹੀ ਅਰੋੜਾ ਗੁਪਤਾ ਨੇ ਵੀ ਇਸ ਨੂੰ ਨਿਆਂਇਕ ਕੁਸ਼ਲਤਾ ਵਧਾਉਣ ਲਈ ਅਹਿਮ ਕਦਮ ਦੱਸਿਆ ਹੈ। ਮਾਹਿਰ ਹਾਲਾਂਕਿ ਕੁਝ ਮਾਹਿਰਾਂ ਨੇ ਹੋਰ ਸੁਧਾਰਾਂ 'ਤੇ ਵੀ ਜ਼ੋਰ ਦਿੱਤਾ ਹੈ। ਸੁਪਰੀਮ ਕੋਰਟ ਦੇ ਵਕੀਲ ਸੁਮਿਤ ਗਹਿਲੋਤ ਨੇ ਕਿਹਾ ਕਿ ਅਦਾਲਤ ਵਿੱਚ ਲਗਭਗ 95,000 ਕੇਸ ਪੈਂਡਿੰਗ ਹਨ, ਜਿਸ ਲਈ ਸਿਰਫ਼ ਜੱਜ ਵਧਾਉਣਾ ਹੀ ਹੱਲ ਨਹੀਂ, ਸਗੋਂ ਢਾਂਚਾਗਤ ਸੁਧਾਰ ਅਤੇ ਬਿਹਤਰ ਕੇਸ ਪ੍ਰਬੰਧਨ ਵੀ ਜ਼ਰੂਰੀ ਹੈ। ਸਾਬਕਾ ਕੇਂਦਰੀ ਕਾਨੂੰਨ ਸਕੱਤਰ ਪੀ.ਕੇ. ਮਲਹੋਤਰਾ ਨੇ ਸੁਝਾਅ ਦਿੱਤਾ ਕਿ ਸਰਕਾਰ ਨੂੰ ਖੇਤਰੀ ਅਪੀਲੀ ਅਦਾਲਤਾਂ ਸਥਾਪਤ ਕਰਨ 'ਤੇ ਵਿਚਾਰ ਕਰਨਾ ਚਾਹੀਦਾ ਹੈ ਤਾਂ ਜੋ ਸੁਪਰੀਮ ਕੋਰਟ ਮੁੱਖ ਤੌਰ 'ਤੇ ਸੰਵਿਧਾਨਕ ਮਾਮਲਿਆਂ 'ਤੇ ਧਿਆਨ ਕੇਂਦਰਿਤ ਕਰ ਸਕੇ।

# ਵਿਕਾਸ ਦੇ ਨਾਂ ਹੇਠ ਕੁਦਰਤ 'ਤੇ ਚੱਲਿਆ 'ਆਰਾ', ਸੜਕ ਚੌੜੀ ਕਰਨ ਦੀ ਆੜ 'ਚ ਦਰੱਖ਼ਤਾਂ ਦੀ ਲੱਕੜ 'ਗਾਇਬ'

**ਕੌਮੀ ਪਤ੍ਰਿਕਾ**

ਪਾਤੜਾਂ 18 ਮਈ। ਪਿੰਡ ਦੁਗਾਲ ਅਤੇ ਰਾਮਪੁਰ ਦੁਗਾਲ ਦੀ ਸਾਂਝੀ ਹੱਦ 'ਤੇ ਬਣ ਰਹੀ ਲਿੰਕ ਸੜਕ ਦੇ ਨਿਰਮਾਣ ਦੌਰਾਨ ਵਾਤਾਵਰਣ ਦਾ ਘਾਣ ਹੋਣ ਦਾ ਗੰਭੀਰ ਮਾਮਲਾ ਸਾਹਮਣੇ ਆਇਆ ਹੈ। ਮਿਲੀ ਜਾਣਕਾਰੀ ਅਨੁਸਾਰ ਸੜਕ ਨੂੰ ਚੌੜਾ ਕਰਨ ਲਈ ਮਾਲ ਵਿਭਾਗ ਵੱਲੋਂ ਕਰਵਾਈ ਗਈ ਨਿਸ਼ਾਨਦੇਹੀ ਤੋਂ ਬਾਅਦ ਰਸਤੇ ਵਿਚ ਆਉਂਦੇ ਦਰੱਖ਼ਤਾਂ ਨੂੰ ਪੁੱਟ ਤਾਂ ਦਿੱਤਾ ਗਿਆ ਪਰ ਹੁਣ ਇਹ ਦਰੱਖ਼ਤ ਅਤੇ ਇਨ੍ਹਾਂ ਦੀ ਲੱਕੜ ਕਿੱਥੇ ਗਈ, ਇਸ ਬਾਰੇ ਸਰਕਾਰੀ ਤੰਤਰ ਪੂਰੀ ਤਰ੍ਹਾਂ ਖ਼ਾਮੋਸ਼ ਨਜ਼ਰ ਆ ਰਿਹਾ ਹੈ। ਹੈਰਾਨੀ ਦੀ ਗੱਲ ਹੈ ਕਿ ਜਨਤਕ ਸੰਪਤੀ ਕਹੇ ਜਾਣ ਵਾਲੇ ਇਨ੍ਹਾਂ ਦਰੱਖ਼ਤਾਂ ਦੀ ਸਾਂਭ-ਸੰਭਾਲ ਜਾਂ ਇਨ੍ਹਾਂ ਦੀ ਨਿਲਾਮੀ ਪ੍ਰਕਿਰਿਆ ਬਾਰੇ ਕਿਸੇ ਵੀ ਵਿਭਾਗ ਕੋਲ ਕੋਈ ਸਪੱਸ਼ਟ ਜਵਾਬ ਨਹੀਂ ਹੈ, ਜਿਸ ਕਾਰਨ ਮਾਮਲਾ ਸ਼ੱਕ ਦੇ ਘੇਰੇ ਵਿੱਚ ਆ ਗਿਆ ਹੈ। ਇਸ ਮਾਮਲੇ ਸਬੰਧੀ ਜਦੋਂ ਵਣ ਵਿਭਾਗ ਦੇ ਰੇਂਜਰ ਅਫਸਰ ਅਤੇ ਬਲਾਕ ਵਿਕਾਸ ਪੰਚਾਇਤ ਅਫ਼ਸਰ ਨਾਲ ਰਾਬਤਾ ਕਾਇਮ ਕੀਤਾ ਗਿਆ ਤਾਂ ਦੋਵਾਂ ਵਿਭਾਗਾਂ ਦੇ ਅਧਿਕਾਰੀਆਂ ਨੇ ਪੱਲਾ ਝਾੜਦਿਆਂ ਕਿਹਾ ਕਿ ਇਹ ਦਰੱਖ਼ਤ ਉਨ੍ਹਾਂ ਦੇ ਅਧੀਨ ਨਹੀਂ ਆਉਂਦੇ। ਦੂਜੇ ਪਾਸੇ ਪਿੰਡ ਰਾਮਪੁਰ ਦੁਗਾਲ ਦੀ ਸਰਪੰਚ ਸੁਖਪਾਲ ਕੌਰ ਦੇ ਪਤੀ ਕਰਮ ਸਿੰਘ ਨੇ ਫ਼ੋਨ 'ਤੇ ਦੱਸਿਆ ਕਿ ਪੰਚਾਇਤ ਦਾ ਇਸ ਕਾਰਵਾਈ ਨਾਲ ਕੋਈ ਲੈਣਾ-ਦੇਣਾ ਨਹੀਂ ਹੈ। ਉਨ੍ਹਾਂ ਦਾਅਵਾ ਕੀਤਾ ਕਿ ਲੋਕਾਂ ਨੇ ਸੜਕ ਦੇ ਵਧੀਆ ਨਿਰਮਾਣ ਲਈ ਆਪਣੇ ਖੇਤਾਂ ਦੇ ਮੱਥੇ ਆਪ ਮੁਹਾਰੇ ਪੱਟੇ ਹਨ। ਸਵਾਲ ਇਹ ਉੱਠਦਾ ਹੈ ਕਿ ਜੇਕਰ ਕੋਈ ਵਿਭਾਗ ਜਾਂ ਪੰਚਾਇਤ ਇਸ ਦੀ ਜ਼ਿੰਮੇਵਾਰੀ ਨਹੀਂ ਲੈ ਰਹੀ, ਤਾਂ ਫਿਰ ਲੱਕੜ ਦਾ ਬਾਲੀ ਵਾਰਸ ਕੌਣ ਹੈ? ਭਰੋਸੇਯੋਗ ਸੂਤਰਾਂ ਤੋਂ ਮਿਲੀ ਜਾਣਕਾਰੀ ਅਨੁਸਾਰ, ਇਨ੍ਹਾਂ ਦਰੱਖ਼ਤਾਂ ਨੂੰ ਪੁੱਟਣ ਦਾ ਕੰਮ ਕਿਸੇ ਸਰਕਾਰੀ ਕਾਮੇ ਨੇ ਨਹੀਂ ਬਲਕਿ ਸੰਗਰੂਰ ਜ਼ਿਲ੍ਹੇ ਦੇ ਇੱਕ ਨੇੜਲੇ ਪਿੰਡ ਵਿੱਚ ਲੱਗੇ ਕਥਿਤ ਆਰੇ ਦੇ ਕਰਿੰਦਿਆਂ ਵੱਲੋਂ ਕੀਤਾ ਗਿਆ ਹੈ। ਚਰਚਾ ਹੈ ਕਿ ਦਰੱਖ਼ਤ ਪੁੱਟਣ ਤੋਂ ਤੁਰੰਤ ਬਾਅਦ ਲੱਕੜ ਵੀ ਉਸੇ ਕਥਿਤ ਆਰੇ 'ਤੇ ਪਹੁੰਚਾ ਦਿੱਤੀ ਗਈ ਹੈ। ਸਥਾਨਕ ਲੋਕਾਂ ਅਨੁਸਾਰ ਇਸ ਇਲਾਕੇ ਵਿੱਚ ਜਦੋਂ ਵੀ ਕਿਤੇ ਸਰਕਾਰੀ ਦਰੱਖ਼ਤਾਂ ਦੀ ਚੋਰੀ ਜਾਂ ਨਾਜਾਇਜ਼ ਕਟਾਈ ਹੁੰਦੀ ਹੈ, ਤਾਂ ਇਸ ਆਰੇ ਸਮੇਤ



ਇੱਕ ਹੋਰ ਸ਼ਹਿਰੀ(ਪਾਤੜਾਂ) ਆਰੇ ਦਾ ਨਾਮ ਅਕਸਰ ਚਰਚਾ ਵਿੱਚ ਆਉਂਦਾ ਹੈ। ਵਾਤਾਵਰਣ ਪ੍ਰੇਮੀਆਂ ਅਤੇ ਇਲਾਕਾ ਨਿਵਾਸੀਆਂ ਨੇ ਮੰਗ ਕੀਤੀ ਹੈ ਕਿ ਜੇਕਰ ਇਸ ਮਾਮਲੇ ਦੀ ਉੱਚ ਪੱਧਰੀ ਨਿਰਪੱਖ ਜਾਂਚ ਕਰਵਾਈ ਜਾਵੇ ਤਾਂ ਦਰੱਖ਼ਤਾਂ ਦੀ ਚੋਰੀ ਅਤੇ ਇਸ ਵਿੱਚ ਸ਼ਾਮਲ ਕਥਿਤ ਮਿਲੀਭੁਗਤ ਦਾ ਪਰਦਾਫਾਸ਼ ਹੋ ਸਕਦਾ ਹੈ।

## ਜਲੰਧਰ ਦੇ ਟ੍ਰਿਨਿਟੀ ਕਾਲਜ ਚਰਚ 'ਚ ਫੜਿਆ ਗਿਆ ਚੋਰ

ਜਲੰਧਰ, 18 ਮਈ। ਸੂਰਜ ਐਨਕਲੇਵ ਇਲਾਕੇ ਦੇ ਇੱਕ ਚਰਚ 'ਚੋਂ ਚੋਰੀ ਕਰਨ ਦੇ ਦੋਸ਼ ਵਿੱਚ ਇੱਕ ਵਿਅਕਤੀ ਨੂੰ ਗ੍ਰਿਫ਼ਤਾਰ ਕੀਤਾ ਗਿਆ ਹੈ। ਹੈਰਾਨੀ ਦੀ ਗੱਲ ਹੈ ਕਿ ਇੱਕ ਹਫ਼ਤਾ ਪਹਿਲਾਂ ਚਰਚ ਤੋਂ ਸਾਮਾਨ ਚੋਰੀ ਕਰਨ ਵਾਲਾ ਮੁਲਜ਼ਮ ਦੁਬਾਰਾ ਚੋਰੀ ਕਰਨ ਦੇ ਇਰਾਦੇ ਨਾਲ ਵਾਪਸ ਆਇਆ, ਪਰ ਇਸ ਵਾਰ ਲੋਕਾਂ ਨੇ ਉਸਨੂੰ ਮੌਕੇ 'ਤੇ ਹੀ ਕਾਬੂ ਕਰ ਲਿਆ। ਜਾਣਕਾਰੀ ਅਨੁਸਾਰ, ਲਗਭਗ ਇੱਕ ਹਫ਼ਤਾ ਪਹਿਲਾਂ ਚਰਚ ਤੋਂ ਬਿਜਲੀ ਦੀਆਂ ਤਾਰਾਂ ਚੋਰੀ ਹੋਈਆਂ ਸਨ। ਟ੍ਰਿਨਿਟੀ ਕਾਲਜ 'ਚ ਲੱਗੇ ਸੀਸੀਟੀਵੀ ਕੈਮਰਿਆਂ ਦੀ ਵਰਤੋਂ ਕਰਕੇ ਇਸ ਵਿਅਕਤੀ ਦੀ ਪਛਾਣ ਕੀਤੀ ਗਈ ਅਤੇ ਉਸਨੂੰ ਗ੍ਰਿਫ਼ਤਾਰ ਕਰ ਲਿਆ ਗਿਆ। ਫੜੇ ਜਾਣ ਤੋਂ ਬਾਅਦ, ਲੋਕਾਂ ਨੇ ਮੁਲਜ਼ਮ ਤੋਂ ਪੁੱਛਗਿੱਛ ਕੀਤੀ, ਜਿਸ ਨੇ ਖੁਲਾਸਾ ਕੀਤਾ ਕਿ ਉਸਨੇ ਪਹਿਲਾਂ ਚੋਰੀ ਦਾ ਸਾਮਾਨ ਵੇਚਿਆ ਸੀ। ਲੋਕਾਂ ਨੇ ਉਸਦੇ ਕਬਜ਼ੇ 'ਚੋਂ ਦੋ ਚੋਰੀ ਦੀਆਂ ਚਾਂਦੀ ਦੀਆਂ ਮੂਰਤੀਆਂ ਵੀ ਬਰਾਮਦ ਕੀਤੀਆਂ। ਇਸ ਤੋਂ ਬਾਅਦ ਚਰਚ ਵਿੱਚ ਮੌਜੂਦ ਲੋਕਾਂ ਨੇ ਮੁਲਜ਼ਮ ਨੂੰ ਫੜ ਲਿਆ ਅਤੇ ਉਸਨੂੰ ਪੁਲਸ ਦੇ ਹਵਾਲੇ ਕਰ ਦਿੱਤਾ। ਪੁਲਸ ਨੇ ਉਸ ਤੋਂ ਪੁੱਛਗਿੱਛ ਸ਼ੁਰੂ ਕਰ ਦਿੱਤੀ। ਪੁਲਸ ਇਸ ਸਮੇਂ ਪੂਰੇ ਮਾਮਲੇ ਦੀ ਜਾਂਚ ਕਰ ਰਹੀ ਹੈ ਅਤੇ ਇਹ ਪਤਾ ਲਗਾਉਣ ਦੀ ਕੋਸ਼ਿਸ਼ ਕਰ ਰਹੀ ਹੈ ਕਿ ਦੋਸ਼ੀ ਨੇ ਪਹਿਲਾਂ ਚੋਰੀ ਦਾ ਸਾਮਾਨ ਕਿੱਥੇ ਵੇਚਿਆ ਸੀ ਅਤੇ ਕੀ ਉਹ ਹੋਰ ਚੋਰੀਆਂ ਵਿੱਚ ਸ਼ਾਮਲ ਸੀ।

# ਬਰਾਤੀਆਂ ਨਾਲ ਭਰਿਆ ਪਿੱਕਅੱਪ ਵਾਹਨ ਹਾਦਸੇ ਦਾ ਸ਼ਿਕਾਰ

**ਕੌਮੀ ਪਤ੍ਰਿਕਾ**

ਸੋਨਭੱਦਰ 18 ਮਈ। ਉੱਤਰ ਪ੍ਰਦੇਸ਼ ਦੇ ਸੋਨਭੱਦਰ ਜ਼ਿਲ੍ਹੇ ਦੇ ਰਾਮਪੁਰ ਬਰਕੋਨੀਆ ਥਾਣਾ ਖੇਤਰ ਵਿੱਚ ਮੰਗਲਵਾਰ ਦੇਰ ਰਾਤ ਵਿਆਹ ਵਿੱਚ ਮਹਿਮਾਨਾਂ ਨੂੰ ਲੈ ਕੇ ਜਾ ਰਿਹਾ ਇੱਕ ਪਿਕਅੱਪ ਟਰੱਕ ਪਲਟ ਗਿਆ। ਇਸ ਹਾਦਸੇ ਵਿੱਚ ਪਿਕਅੱਪ ਵਿੱਚ ਸਵਾਰ ਤਿੰਨ ਮਹਿਮਾਨਾਂ ਦੀ ਮੌਤ ਹੋ ਗਈ, ਜਦੋਂ ਕਿ 13 ਹੋਰ ਗੰਭੀਰ ਜ਼ਖ਼ਮੀ ਹੋ ਗਏ। ਵਧੀਕ ਪੁਲਸ ਸੁਪਰਡੈਂਟ ਰਿਸ਼ਭ ਰਨਵਾਲ ਨੇ ਬੁੱਧਵਾਰ ਨੂੰ ਦੱਸਿਆ ਕਿ ਮਿਰਜ਼ਾਪੁਰ ਦੀ ਮਧਾਯਨ ਤਹਿਸੀਲ ਦੇ ਚੰਦਾਰੀ ਡੈਮ ਦੇ ਰਹਿਣ ਵਾਲੇ ਸ਼ਿਵ ਕੁਮਾਰ ਦੇ ਪੁੱਤਰ ਦੀ ਵਿਆਹ ਦੀ ਜਲੂਸ ਸੋਨਭੱਦਰ ਦੇ ਰਾਮਪੁਰ ਚੇਨਾਰੀ ਪਿੰਡ ਜਾ ਰਹੀ ਸੀ। ਜਾਣਕਾਰੀ ਮੁਤਾਬਕ ਜਿਵੇਂ ਹੀ ਬਾਰਾਤੀਆਂ ਨੂੰ ਲੈ ਕੇ ਜਾ ਰਹੀ ਭਰੀ ਪਿੱਕਅੱਪ ਜਦੋਂ 10 ਵਜੇ ਕਠਹਾਰ ਪਿੰਡ ਨੇੜੇ ਪਹੁੰਚੀ ਤਾਂ ਡਰਾਈਵਰ ਨੇ ਗੱਡੀ ਤੋਂ ਕੰਟਰੋਲ ਗੁਆ ਦਿੱਤਾ ਅਤੇ ਸੜਕ ਕਿਨਾਰੇ ਪਲਟ ਗਈ। ਹਾਦਸੇ ਦੌਰਾਨ ਗੱਡੀ ਵਿਚ ਸਵਾਰ 16 ਲੋਕ ਗੰਭੀਰ ਰੂਪ ਵਿਚ ਜ਼ਖ਼ਮੀ ਹੋ ਗਏ। ਘਟਨਾ ਤੋਂ ਬਾਅਦ ਸਥਾਨਕ ਪਿੰਡ ਵਾਸੀ ਮੌਕੇ 'ਤੇ ਪਹੁੰਚੇ ਅਤੇ ਰਾਹਤ ਕਾਰਜ ਕਰਨੇ ਸ਼ੁਰੂ ਕਰ ਦਿੱਤੇ। ਸੂਚਨਾ 'ਤੇ ਪਹੁੰਚੀ ਰਾਮਪੁਰ ਬਰਕੋਨੀਆ ਪੁਲਸ ਨੇ ਐਂਬੂਲੈਂਸ ਦੀ ਮਦਦ ਨਾਲ ਸਾਰੇ ਜ਼ਖ਼ਮੀਆਂ ਨੂੰ ਕਮਿਊਨਿਟੀ ਹੈਲਥ ਸੈਂਟਰ ਟੀਏਰਾ ਪਹੁੰਚਾਇਆ, ਜਿੱਥੇ ਡਾਕਟਰਾਂ ਨੇ ਤਿੰਨ ਲੋਕਾਂ ਨੂੰ ਮ੍ਰਿਤਕ ਐਲਾਨ ਦਿੱਤਾ। ਇਸ ਦੌਰਾਨ ਬਾਕੀ ਸਾਰੇ ਲੋਕਾਂ ਦਾ ਇਲਾਜ ਕੀਤਾ ਗਿਆ। ਮੁੱਢਲੀ ਸਹਾਇਤਾ ਤੋਂ ਬਾਅਦ ਗੰਭੀਰ ਜ਼ਖ਼ਮੀਆਂ ਨੂੰ ਜ਼ਿਲ੍ਹਾ ਹਸਪਤਾਲ ਰੈਫਰ ਕਰ ਦਿੱਤਾ ਗਿਆ। ਇਸ ਮਾਮਲੇ ਦੀ ਜਾਂਚ ਕਰਦੇ ਹੋਏ ਏਐਸਪੀ ਨੇ ਦੱਸਿਆ ਕਿ ਮਿਰਜ਼ਾਪੁਰ ਜ਼ਿਲ੍ਹੇ ਦੇ ਮਧਯਾਨ ਦੇ




ਰਹਿਣ ਵਾਲੇ ਅਜੈ ਗੋਡ (18), ਰਾਜਨ ਗੋਡ (20), ਅਤੇ ਵਿਨੋਦ ਗੋਡ (35) ਦੀ ਹਾਦਸੇ ਵਿੱਚ ਮੌਤ ਹੋ ਗਈ। ਸਾਰੇ ਜ਼ਖ਼ਮੀਆਂ ਦਾ ਮੈਡੀਕਲ ਕਾਲਜ ਲੋਧੀ ਰੌਬਰਟਸਗੰਜ ਵਿਖੇ ਬਿਹਤਰ ਇਲਾਜ ਕੀਤਾ ਜਾ ਰਿਹਾ ਹੈ, ਜਦੋਂ ਕਿ ਦੋ ਜ਼ਖ਼ਮੀਆਂ ਦੀ ਹਾਲਤ ਗੰਭੀਰ ਹੋਣ ਕਾਰਨ ਉਨ੍ਹਾਂ ਨੂੰ ਵਾਰਾਣਸੀ ਟਰਾਮਾ ਸੈਂਟਰ ਰੈਫਰ ਕਰ ਦਿੱਤਾ ਗਿਆ ਹੈ।

## ਪੰਜਾਬ ਵਾਸੀ ਦੇਣ ਧਿਆਨ, ਸਰਕਾਰੀ ਬੱਸ ਮੁਲਾਜ਼ਮਾਂ ਨੇ ਕਰ 'ਤਾ ਵੱਡਾ ਐਲਾਨ

ਲੁਧਿਆਣਾ 18 ਮਈ। ਪੰਜਾਬ ਰੋਡਵੇਜ਼ ਪਨਬੱਸ/ਪੀ. ਆਰ. ਟੀ. ਸੀ. ਕੰਟਰੈਕਟ ਵਰਕਰ ਯੂਨੀਅਨ 25/11 ਲੁਧਿਆਣਾ ਡਿਪੂ ਦੀ ਮੀਟਿੰਗ ਪ੍ਰਧਾਨ ਜਤਿੰਦਰ ਸਿੰਘ ਸੋਨੀ ਦੀ ਅਗਵਾਈ ਹੇਠ ਹੋਈ। ਇਸ ਦੌਰਾਨ ਮੁਲਾਜ਼ਮਾਂ ਨੇ ਸਰਕਾਰ 'ਤੇ ਵਾਅਦਾ-ਖਿਲਾਫੀ ਦਾ ਦੋਸ਼ ਲਾਉਂਦਿਆਂ ਤਿੱਖੇ ਰੋਸ ਦਾ ਪ੍ਰਗਟਾਵਾ ਕੀਤਾ। ਯੂਨੀਅਨ ਨੇ ਐਲਾਨ ਕੀਤਾ ਕਿ ਮੰਗਾਂ ਨਾ ਮੰਨੇ ਜਾਣ ਦੇ ਵਿਰੋਧ 'ਚ 18 ਮਈ ਨੂੰ ਗੇਟ ਰੈਲੀਆਂ, 18 ਮਈ ਨੂੰ ਇਕ ਰੋਜ਼ਾ ਸੰਕੇਤਕ ਹੜਤਾਲ ਕਰਕੇ ਵਿਧਾਇਕਾਂ ਦੇ ਘਰਾਂ ਦਾ ਘਿਰਾਓ ਅਤੇ 25,




26, 27 ਮਈ ਨੂੰ ਮੁਕੰਮਲ ਹੜਤਾਲ ਕਰ ਕੇ ਸੀ. ਐੱਮ. ਅਤੇ ਟਰਾਂਸਪੋਰਟ ਮੰਤਰੀ ਦੀ ਰਿਹਾਇਸ਼ ਅੱਗੇ ਧਰਨੇ ਦਿੱਤੇ ਜਾਣਗੇ। ਜਨਰਲ ਸਕੱਤਰ ਪ੍ਰਵੀਨ ਕੁਮਾਰ, ਗੁਰਵਿੰਦਰ ਸਿੰਘ ਅਤੇ ਸੱਤਗੁਰੂ ਸਿੰਘ ਨੇ ਕਿਹਾ ਕਿ ਸਰਕਾਰ ਚੋਣਾਂ ਸਮੇਂ ਕੀਤੇ ਵਾਅਦਿਆਂ ਜਿਵੇਂ ਕੱਚੇ ਮੁਲਾਜ਼ਮ ਪੱਕੇ ਕਰਨਾ ਅਤੇ ਠੇਕੇਦਾਰੀ ਪ੍ਰਥਾ ਖਤਮ ਕਰਨ ਤੋਂ ਭੱਜ ਰਹੀ ਹੈ। ਉਨ੍ਹਾਂ ਰੋਸ ਜਤਾਇਆ ਕਿ ਸਪੇਅਰ ਪਾਰਟਸ ਅਤੇ ਟਾਇਰਾਂ ਦੀ ਘਾਟ ਕਾਰਨ ਨਵੀਆਂ ਬੱਸਾਂ ਡਿਪੂਆਂ 'ਚ ਖੜ੍ਹੀਆਂ ਹਨ ਅਤੇ ਟਿਕਟ ਮਸ਼ੀਨਾਂ ਅਕਸਰ ਖਰਾਬ ਰਹਿੰਦੀਆਂ ਹਨ, ਜਿਸ ਨਾਲ ਵਿਭਾਗ ਨੂੰ ਵਿੱਤੀ ਨੁਕਸਾਨ ਹੋ ਰਿਹਾ ਹੈ। ਇਸ ਮੌਕੇ ਸੂਬਾ ਜਨਰਲ ਸਕੱਤਰ ਸ਼ਮਸ਼ੇਰ ਸਿੰਘ ਢਿੱਲੋਂ, ਤਲਵਿੰਦਰ ਸਿੰਘ ਸੋਨੂੰ, ਅਮਰੀਕ ਸਿੰਘ, ਨਵਜੋਤ ਸਿੰਘ, ਬਾਬਾ ਅਮਨਦੀਪ ਸਿੰਘ, ਹਰਪ੍ਰੀਤ ਸਿੰਘ, ਜਸਪਾਲ ਸਿੰਘ, ਰਾਜਵੀਰ ਸਿੰਘ, ਗੁਰਪ੍ਰੀਤ ਸਿੰਘ, ਅਮਨਦੀਪ ਸਿੰਘ ਅਤੇ ਬੂਟਾ ਸਿੰਘ ਸਮੇਤ ਵੱਡੀ ਗਿਣਤੀ 'ਚ ਵਰਕਰ ਹਾਜ਼ਰ ਸਨ।

## ਫਿਰੋਜ਼ਪੁਰ ਰੋਡ ਪੁਲ ਦੇ ਥੱਲੇ ਕਾਰ ਵਿਚ ਮਿਲੀ ਨੌਜਵਾਨ ਦੀ ਲਾਸ਼ !

ਲੁਧਿਆਣਾ 18 ਮਈ। ਫਿਰੋਜ਼ਪੁਰ ਰੋਡ ਐਲੀਵੇਟਿਡ ਪੁਲ ਦੇ ਥੱਲੇ ਇਕ ਕਾਰ ਵਿਚੋਂ ਨੌਜਵਾਨ ਦੀ ਲਾਸ਼ ਬਰਾਮਦ ਹਈ ਹੈ। ਕਾਰ ਬੱਸ ਅੱਡੇ ਦੇ ਕੋਲ ਫਰਨੀਚਰ ਮਾਰਕੀਟ ਦੇ ਕੋਲ ਖੜ੍ਹੀ ਸੀ। ਕਾਰ ਕਾਫੀ ਦੇਰ ਤੱਕ ਸਟਾਰਟ ਖੜ੍ਹੀ ਸੀ। ਆਸ ਪਾਸ ਦੇ ਲੋਕਾਂ ਨੇ ਕਾਫੀ ਦੇਰ ਤੱਕ ਕਾਰ ਨੂੰ ਖੜ੍ਹਾ ਦੇਖਿਆ ਤਾਂ ਪਤਾ ਲੱਗਾ ਕਿ ਇਕ ਨੌਜਵਾਨ ਕਾਰ ਵਿਚ ਬੇਸੁੱਧ ਪਿਆ ਹੈ।



ਲੋਕਾਂ ਨੇ ਥਾਣਾ ਡਵੀਜ਼ਨ ਨੰ.5 ਅਤੇ ਚੌਕੀ ਕੋਚਰ ਮਾਰਕੀਟ ਦੀ ਪੁਲਸ ਨੂੰ ਸੂਚਨਾ ਦਿੱਤੀ ਜਿਸ ਤੋਂ ਬਾਅਦ ਇਲਾਕਾ ਪੁਲਸ ਮੌਕੇ 'ਤੇ ਪੁੱਜੀ ਅਤੇ ਨੌਜਵਾਨ ਨੂੰ ਸਿਵਲ ਹਸਪਤਾਲ ਲਿਜਾਇਆ ਗਿਆ ਜਿਥੇ ਡਾਕਟਰਾਂ ਨੇ ਨੌਜਵਾਨ ਨੂੰ ਮਰਿਆ ਹੋਇਆ ਐਲਾਨ ਦਿੱਤਾ। ਮ੍ਰਿਤਕ ਦੀ ਪਛਾਣ ਗਗਨਦੀਪ ਸਿੰਘ (30) ਨਿਵਾਸੀ ਬਸਤੀ ਜੋਧੇਵਾਲ ਦੇ ਰੂਪ ਵਿਚ ਹੋਈ ਹੈ। ਜਾਂਚ ਅਧਿਕਾਰੀ ਨੇ ਸੁਖਦੇਵ ਸਿੰਘ ਨੇ ਦੱਸਿਆ ਕਿ ਸਰੀਰ 'ਤੇ ਕੋਈ ਸੱਟ ਦਾ ਨਿਸ਼ਾਨ ਨਹੀਂ ਹੈ। ਪੋਸਟਮਾਰਟਮ ਤੋਂ ਬਾਅਦ ਹੀ ਮੌਤ ਦੇ ਕਾਰਨਾਂ ਦਾ ਖੁਲਾਸਾ ਹੋਵੇਗਾ। ਮ੍ਰਿਤਕ ਦੀ ਮੰਗੇਤਰ ਨੇ ਦੱਸਿਆ ਕਿ ਉਹ ਨਰਸਿੰਗ ਦਾ ਕੰਮ ਕਰਦੀ ਹੈ, ਜਦੋਂਕਿ ਗਗਨਦੀਪ ਇਕ ਰਿਹੈਬ ਸੈਂਟਰ ਵਿਚ ਨੌਕਰੀ ਕਰਦਾ ਹੈ। ਗਗਨਦੀਪ ਮੂਲ ਰੂਪ ਤੋਂ ਬਸਤੀ ਜੋਧੇਵਾਲ ਦੇ ਇਲਾਕੇ ਦਾ ਰਹਿਣ ਵਾਲਾ ਹੈ ਪਰ ਕਰੀਬ 3 ਸਾਲ ਤੋਂ ਕੰਮ ਦੇ ਸਿਲਸਿਲੇ ਕਾਰਨ ਉਹ ਥਰੀਕੇ ਦੇ ਕੋਲ ਪੀ.ਜੀ. ਵਿਚ ਰਹਿ ਰਿਹਾ ਸੀ। ਜਾਂਚ ਅਧਿਕਾਰੀ ਸੁਖਦੇਵ ਸਿੰਘ ਨੇ ਦੱਸਿਆ ਕਿ ਗਗਨਦੀਪ ਨੂੰ ਸਾਹ ਦੀ ਤਕਲੀਫ ਸੀ। ਹਾਲ ਦੀ ਘੜੀ ਪੁਲਸ ਨੇ ਮ੍ਰਿਤਕ ਦੇ ਮਾਮਾ ਦੇ ਬਿਆਨ 'ਤੇ ਧਾਰਾ 174 ਦੇ ਤਹਿਤ ਕਾਰਵਾਈ ਕਰਕੇ ਲਾਸ਼ ਦਾ ਪੋਸਟਮਾਰਟਮ ਕਰਵਾ ਕੇ ਪਰਿਵਾਰ ਵਾਲਿਆਂ ਦੇ ਹਵਾਲੇ ਕਰ ਦਿੱਤਾ ਹੈ ਅਤੇ ਵਿਸਰਾ ਜਾਂਚ ਦੇ ਲਈ ਭੇਜ ਦਿੱਤਾ ਹੈ।

## ਜਲੰਧਰ 'ਚ ਇਕੋ ਰਾਤ 3 ਸਕੇ ਭਰਾਵਾਂ ਦੀਆਂ ਕੋਠੀਆਂ 'ਤੇ ਚੋਰਾਂ ਨੇ ਬੋਲਿਆ ਧਾਵਾ !

ਜਲੰਧਰ 18 ਮਈ। ਜਲੰਧਰ ਸ਼ਹਿਰ ਦੀ ਗ੍ਰੇਟਰ ਕੈਲਾਸ਼ ਕਾਲੋਨੀ ਵਿੱਚ ਇਕ ਵੱਡੀ ਚੋਰੀ ਦੀ ਘਟਨਾ ਸਾਹਮਣੇ ਆਈ ਹੈ। ਇਥੇ ਚੋਰ ਤਿੰਨ ਭਰਾਵਾਂ ਦੀਆਂ ਕੋਠੀਆਂ ਵਿਚ ਚੋਰੀ ਦੀ ਵਾਰਦਾਤ ਨੂੰ ਅੰਜਾਮ ਦੇ ਕੇ ਫਰਾਰ ਹੋ ਗਏ। ਘਰ ਦੇ ਮਾਲਕਾਂ ਨੂੰ ਚੋਰੀ ਦਾ ਪਤਾ ਉਦੋਂ ਲੱਗਿਆ ਜਦੋਂ ਉਹ ਸਵੇਰੇ ਆਪਣੀਆਂ ਕੋਠੀਆਂ 'ਚ ਪਹੁੰਚੇ। ਪਰਿਵਾਰਾਂ ਨੇ ਚੋਰੀ ਦੀ ਸੂਚਨਾ ਪੁਲਸ ਥਾਣੇ ਦਿੱਤੀ, ਜਿਸ ਤੋਂ ਬਾਅਦ ਪੁਲਸ ਨੇ ਜਾਂਚ ਸ਼ੁਰੂ ਕਰ ਦਿੱਤੀ। ਚੋਰਾਂ ਨੇ ਤਿੰਨ ਸਕੇ ਭਰਾਵਾਂ ਦੀਆਂ ਨਿਰਮਾਣ ਅਧੀਨ ਕੋਠੀਆਂ ਨੂੰ ਨਿਸ਼ਾਨਾ ਬਣਾਇਆ। ਉਹ ਤਿੰਨੋਂ ਮਕਾਨਾਂ ਦੇ ਤਾਲੇ ਤੋੜ ਕੇ ਘਰ ਵਿੱਚ ਦਾਖਲ ਹੋਏ ਅਤੇ ਬਾਥਰੂਮ ਦੀਆਂ ਫਿਟਿੰਗਾਂ ਅਤੇ ਹੋਰ ਕੀਮਤੀ ਸਾਮਾਨ ਚੋਰੀ ਕਰਕੇ ਫਰਾਰ ਹੋ ਗਏ। ਗ੍ਰੇਟਰ ਕੈਲਾਸ਼ ਕਾਲੋਨੀ ਦੇ ਵਸਨੀਕ ਸੋਨੂੰ ਅਗਰਵਾਲ ਨੇ ਦੱਸਿਆ ਕਿ ਕਾਲੋਨੀ ਵਿੱਚ ਤਿੰਨ ਭਰਾ ਇਕੱਠੇ ਨਵੇਂ ਘਰ ਬਣਾ ਰਹੇ ਹਨ। ਉਹ ਕੱਲ੍ਹ ਸ਼ਾਮ ਨੂੰ ਆਮ ਵਾਂਗ ਆਪਣਾ ਮਜ਼ਦੂਰੀ ਦਾ ਕੰਮ ਖ਼ਤਮ ਕਰਕੇ ਘਰ ਗਿਆ ਸੀ। ਜਦੋਂ ਉਹ ਸਵੇਰੇ ਘਰ ਵਾਪਸ ਆਇਆ ਤਾਂ ਉਸ ਨੇ ਵੇਖਿਆ ਕਿ ਚੋਰਾਂ ਨੇ ਤਾਲੇ ਤੋੜ ਕੇ ਬਾਥਰੂਮ ਵਿੱਚੋਂ ਸਾਮਾਨ ਚੋਰੀ ਕਰ ਲਿਆ ਹੈ। ਉਸ ਨੇ ਦੱਸਿਆ ਕਿ ਚੋਰਾਂ ਨੇ ਤਿੰਨੋਂ ਘਰਾਂ ਵਿੱਚੋਂ ਲਗਭਗ 2.5 ਤੋਂ 3 ਲੱਖ ਰੁਪਏ ਦਾ ਸਾਮਾਨ ਚੋਰੀ ਕਰ ਲਿਆ ਹੈ।

## ਸੜਕ ਹਾਦਸੇ 'ਚ ਕਾਰ ਸਵਾਰ ਦੀ ਮੌਤ

ਮਾਛੀਵਾੜਾ ਸਾਹਿਬ 18 ਮਈ। ਅੱਜ ਸਵੇਰੇ ਰਾਹੋਂ ਰੋਡ 'ਤੇ ਸਥਿਤ ਪਿੰਡ ਉਧੋਵਾਲ ਕਲਾਂ ਵਿਖੇ ਵਾਪਰੇ ਦਰਦਨਾਕ ਸੜਕ ਹਾਦਸੇ 'ਚ ਕਾਰ ਚਾਲਕ ਗੁਰਦੀਪ ਸਿੰਘ (55) ਵਾਸੀ ਕ੍ਰਿਸ਼ਨਾ ਨਗਰ ਖੰਨਾ ਦੀ ਮੌਤ ਹੋ ਗਈ। ਪ੍ਰਾਪਤ ਜਾਣਕਾਰੀ ਅਨੁਸਾਰ ਗੁਰਦੀਪ ਸਿੰਘ ਆਪਣੀ ਕਾਰ 'ਤੇ ਸਵਾਰ ਹੋ ਕੇ ਮਾਛੀਵਾੜਾ ਤੋਂ ਰਾਹੋਂ ਵੱਲ ਜਾ ਰਿਹਾ ਸੀ ਕਿ ਅਚਾਨਕ ਸਾਹਮਣੇ ਤੋਂ ਆ ਰਹੇ ਟਰੈਕਟਰ-ਟਰਾਲੀ ਨਾਲ ਉਸਦੀ ਸਿੱਧੀ ਟੱਕਰ ਹੋ ਗਈ। ਇਸ ਹਾਦਸੇ 'ਚ ਕਾਰ ਦੇ ਪਰਖੱਚੇ ਉੱਡ ਗਏ ਅਤੇ ਚਾਲਕ ਗੁਰਦੀਪ ਸਿੰਘ ਦੀ ਮੌਕੇ 'ਤੇ ਹੀ ਮੌਤ ਹੋ ਗਈ। ਹਾਦਸੇ ਦੌਰਾਨ ਟਰੈਕਟਰ ਚਾਲਕ ਵੀ ਜ਼ਖ਼ਮੀ ਹੋਇਆ ਦੱਸਿਆ ਜਾ ਰਿਹਾ ਹੈ। ਘਟਨਾ ਦੀ ਸੂਚਨਾ ਮਿਲਦੇ ਹੀ ਸਹਾਇਕ ਥਾਣੇਦਾਰ ਹਾਕਮ ਸਿੰਘ ਵੀ ਮੌਕੇ 'ਤੇ ਪਹੁੰਚ ਗਏ, ਜਿਨ੍ਹਾਂ ਵਲੋਂ ਮ੍ਰਿਤਕ ਦੇ ਪਰਿਵਾਰਕ ਮੈਂਬਰਾਂ ਨੂੰ ਸੂਚਿਤ ਕਰ ਦਿੱਤਾ ਗਿਆ ਹੈ।

### ਜ਼ਮੀਨੀ ਕਬਜ਼ੇ ਨੂੰ ਲੈ ਕੇ ਕੁੱਟਮਾਰ ਦੇ ਦੋਸ਼ 'ਚ 9 ਲੋਕਾਂ ਖ਼ਿਲਾਫ਼ ਮਾਮਲਾ ਦਰਜ

ਫਿਰੋਜ਼ਪੁਰ 18 ਮਈ। ਜ਼ਮੀਨੀ ਕਬਜ਼ੇ ਨੂੰ ਲੈ ਕੇ ਕੁੱਟਮਾਰ ਕਰਨ ਅਤੇ ਜ਼ਖ਼ਮੀ ਕਰਨ ਦੇ ਦੋਸ਼ ਹੇਠ ਥਾਣਾ ਮੱਲਾਂਵਾਲਾ ਦੀ ਪੁਲਸ ਨੇ 9 ਲੋਕਾਂ ਖ਼?ਲਾਫ਼ ਮਾਮਲਾ ਦਰਜ ਕੀਤਾ ਹੈ। ਇਹ ਜਾਣਕਾਰੀ ਦਿੰਦੇ ਹੋਏ ਥਾਣਾ ਮੱਲਾਂਵਾਲਾ ਦੇ ਏ. ਐੱਸ. ਆਈ. ਦਰਸ਼ਨ ਸਿੰਘ ਨੇ ਦੱਸਿਆ ਕਿ ਸ਼ਿਕਾਇਤਕਰਤਾ ਮੁੱਦਈ ਗੁਰਮੇਲ ਸਿੰਘ ਪੁੱਤਰ ਮੱਸਾ ਸਿੰਘ ਵਾਸੀ ਅਲੀ ਵਾਲਾ ਨੇ ਪੁਲਸ ਨੂੰ ਦਿੱਤੀ ਲਿਖਤੀ ਸ਼ਿਕਾਇਤ ਦਿੱਤੀ। ਬਿਆਨਾਂ ਵਿੱਚ ਦੱਸਿਆ ਗਿਆ ਕਿ ਬਲਜੀਤ ਸਿੰਘ, ਜੀਤ ਸਿੰਘ, ਗੁਰਪ੍ਰੀਤ ਸਿੰਘ, ਤਰਕਦੀਪ ਸਿੰਘ, ਗੁਰਸੇਵਕ ਸਿੰਘ, ਹਰਪਾਲ ਸਿੰਘ, ਪ੍ਰਦੀਪ ਸਿੰਘ, ਗੁਰਵਿੰਦਰ ਸਿੰਘ ਅਤੇ ਅਨਮੋਲ ਸਿੰਘ ਨੇ ਸ਼ਿਕਾਇਤਕਰਤਾ ਅਤੇ ਉਸ ਦੇ ਪਿਤਾ ਮੱਸਾ ਸਿੰਘ ਨਾਲ ਜ਼ਮੀਨੀ ਕਬਜ਼ੇ ਨੂੰ ਲੈ ਕੇ ਕੁੱਟਮਾਰ ਕਰਦੇ ਹੋਏ ਉਨ੍ਹਾਂ ਨੂੰ ਬੁਰੀ ਤਰ੍ਹਾਂ ਜ਼ਖ਼ਮੀ ਕਰ ਦਿੱਤਾ। ਉਨ੍ਹਾਂ ਦੱਸਿਆ ਕਿ ਨਾਮਜ਼ਦ ਮੁਲਜ਼ਮਾਂ ਖ਼?ਲਾਫ਼ ਪੁਲਸ ਵੱਲੋਂ ਕਾਰਵਾਈ ਕੀਤੀ ਜਾ ਰਹੀ ਹੈ।

# ਸਸਤੀ ਹੋ ਗਈ ਸ਼ਰਾਬ, 100 ਤੋਂ ਵੱਧ ਬ੍ਰਾਂਡਾਂ ਦੀਆਂ ਕੰਪਨੀਆਂ ਨੇ ਲਿਆ ਫੈਸਲਾ

**ਕੌਮੀ ਪਤ੍ਰਿਕਾ**

ਕੇਰਲ 18 ਮਈ। ਸ਼ਰਾਬ ਪੀਣ ਦੇ ਚਾਹਵਾਨ ਲੋਕਾਂ ਲਈ ਇਕ ਵੱਡੀ ਖ਼ਬਰ ਸਾਹਮਣੇ ਆ ਰਹੀ ਹੈ। ਕੇਰਲ ਵਿੱਚ ਰਾਜ ਸਰਕਾਰ ਨੇ ਕਈ ਸ਼ਰਾਬ ਬ੍ਰਾਂਡਾਂ ਦੀਆਂ ਕੀਮਤਾਂ ਵਿਚ ਕਟੌਤੀ ਕਰ ਦਿੱਤੀ ਹੈ ਯਾਨੀ ਕਿ ਸ਼ਰਾਬ ਹੁਣ ਪਹਿਲਾਂ ਨਾਲੋਂ ਸਸਤੀ ਹੋ ਗਈ ਹੈ। ਕੇਰਲ ਬੇਵਰੇਜ ਕਾਰਪੋਰੇਸ਼ਨ ਨੇ ਐਲਾਨ ਕੀਤਾ ਹੈ ਕਿ ਨਵੀਆਂ ਕੀਮਤਾਂ 12 ਮਈ ਤੋਂ ਲਾਗੂ ਹੋ ਗਈਆਂ ਹਨ ਅਤੇ ਗਾਹਕਾਂ ਨੂੰ ਹੁਣ ਕਈ ਬ੍ਰਾਂਡਾਂ 'ਤੇ 10 ਤੋਂ 50 ਰੁਪਏ ਤੱਕ ਘੱਟ ਭੁਗਤਾਨ ਕਰਨਾ ਪਵੇਗਾ। ਇਹ ਫੈਸਲਾ ਸ਼ਰਾਬ ਸਪਲਾਈ ਕਰਨ ਵਾਲੀਆਂ ਕੰਪਨੀਆਂ ਵੱਲੋਂ ਆਪਣੀਆਂ ਦਰਾਂ ਘਟਾਉਣ ਤੋਂ ਬਾਅਦ ਲਿਆ ਗਿਆ ਹੈ। ਇਸ ਤੋਂ ਬਾਅਦ ਕੇਰਲ ਸਟੇਟ ਬੇਵਰੇਜ ਕਾਰਪੋਰੇਸ਼ਨ ਯਾਨੀ ਬੇਵਕੋ ਨੇ ਵੀ ਨਵੀਆਂ ਸੋਧੀਆਂ ਕੀਮਤਾਂ ਜਾਰੀ ਕਰ ਦਿੱਤੀਆਂ ਹਨ। ਰਿਪੋਰਟਾਂ ਦੇ ਅਨੁਸਾਰ ਕਈ ਸ਼ਰਾਬ ਬ੍ਰਾਂਡਾਂ ਦੀ ਵਿਕਰੀ ਬੇਬਕੋ ਆਊਟਲੈਟਾਂ 'ਤੇ ਉਮੀਦਾਂ ਮੁਤਾਬਕ ਨਹੀਂ ਹੋ ਰਹੀ ਸੀ। ਇਸੇ ਕਰਕੇ ਸਟਾਕ ਨੂੰ ਤੇਜ਼ੀ ਨਾਲ ਖ਼ਤਮ ਕਰਨ ਅਤੇ ਗਾਹਕਾਂ ਨੂੰ ਆਕਰਸ਼ਿਤ ਕਰਨ ਲਈ ਕੀਮਤਾਂ ਘਟਾ



ਦਿੱਤੀਆਂ ਗਈਆਂ ਹਨ। ਇਸ ਦੌਰਾਨ ਦਿਲਚਸਪ ਗੱਲ ਇਹ ਹੈ ਕਿ ਜਿਹੜੇ ਬ੍ਰਾਂਡ ਨੂੰ ਮਲਿਆਲੀ ਲੋਕ ਸਭ ਤੋਂ ਵੱਧ ਪੰਸਦ ਕਰਦੇ ਹਨ, ਉਹ ਸਾਰੇ ਬ੍ਰਾਂਡ ਵੀ ਇਸ ਸੂਚੀ ਵਿੱਚ ਸ਼ਾਮਲ ਹਨ। ਜਾਣਕਾਰੀ ਮੁਤਾਬਕ ਕੇਰਲ ਵਿਚ ਨਵੀਆਂ ਕੀਮਤਾਂ 100 ਤੋਂ ਵੱਧ ਸ਼ਰਾਬ ਬ੍ਰਾਂਡਾਂ 'ਤੇ ਲਾਗੂ ਕੀਤੀਆਂ ਗਈਆਂ ਹਨ, ਜਿਸ ਵਿੱਚ ਰਮ, ਵਿਸਕੀ, ਬ੍ਰਾਂਡੀ ਅਤੇ ਵੋਡਕਾ ਵਰਗੀਆਂ ਸ਼੍ਰੇਣੀਆਂ ਦੀ ਇੱਕ ਵਿਸ਼ਾਲ ਸ਼੍ਰੇਣੀ ਸ਼ਾਮਲ ਹੈ। ਪ੍ਰਸਿੱਧ ਬ੍ਰਾਂਡਾਂ ਜਿਵੇਂ ਦੀਆਂ ਕੀਮਤਾਂ ਵੀ ਘੱਟ ਕੀਤੀਆਂ ਗਈਆਂ ਹਨ। ਲਗਭਗ 500 ਮਿਲੀਲੀਟਰ ਦੀਆਂ ਬੋਤਲਾਂ ਨੂੰ 10 ਰੁਪਏ ਦੀ ਰਾਹਤ ਦਿੱਤੀ ਗਈ ਹੈ, ਜਦੋਂ ਕਿ ਕਈ ਪ੍ਰੀਮੀਅਮ ਬ੍ਰਾਂਡਾਂ ਦੀਆਂ ਕੀਮਤਾਂ 20 ਰੁਪਏ ਤੋਂ 50 ਰੁਪਏ ਤੱਕ ਘਟਾ ਦਿੱਤੀਆਂ ਗਈਆਂ ਹਨ। ਕੇਰਲ ਸਟੇਟ ਬੇਵਰੇਜ ਕਾਰਪੋਰੇਸ਼ਨ ਨੇ ਕਿਹਾ ਕਿ ਨਵੀਆਂ ਦਰਾਂ 12 ਮਈ ਤੋਂ ਪੂਰੇ ਰਾਜ ਵਿੱਚ ਲਾਗੂ ਕਰ ਦਿੱਤੀਆਂ ਗਈਆਂ ਹਨ। ਸਾਰੇ ਬੇਵਕੋ ਆਊਟਲੈਟਾਂ ਨੂੰ ਨਵੀਆਂ ਦਰਾਂ 'ਤੇ ਵੇਚਣਾ ਸ਼ੁਰੂ ਕਰਨ ਦੇ ਨਿਰਦੇਸ਼ ਦਿੱਤੇ ਗਏ ਹਨ। ਪੂਰੀ ਅੱਪਡੇਟ ਕੀਤੀ ਕੀਮਤ ਸੂਚੀ ਬੇਵਕੋ ਦੀ ਅਧਿਕਾਰਤ ਵੈੱਬਸਾਈਟ 'ਤੇ ਮਿਲ ਸਕਦੀ ਹੈ।

# ਗੱਡੀਆਂ 'ਚ ਹੋਈ ਜ਼ਬਰਦਸਤ ਟੱਕਰ, ਦੋ ਜ਼ਖ਼ਮੀ

**ਕੌਮੀ ਪਤ੍ਰਿਕਾ**

ਝਬਾਲ 18 ਮਈ। ਨੇੜਲੇ ਪਿੰਡ ਮੰਨਣ ਨੇੜੇ ਲਾਲੂ ਘੁੰਮਣ ਰੋਡ 'ਤੇ ਦੁੱਧ ਲੈ ਕੇ ਜਾ ਰਹੇ 'ਛੋਟੇ ਹਾਥੀ' ਅਤੇ ਇਕ ਧਾਰਮਿਕ ਡੇਰੇ ਦੀ ਇਨੋਵਾ ਕਾਰ ਵਿਚਕਾਰ ਹੋਈ ਆਹਮੋ-ਸਾਹਮਣੀ ਟੱਕਰ ਦੌਰਾਨ ਦੁੱਧ ਵਾਲੀ ਗੱਡੀ ਦਾ ਚਾਲਕ ਅਤੇ ਉਸ ਦਾ ਸਾਥੀ ਗੰਭੀਰ ਜ਼ਖ਼ਮੀ ਹੋ ਗਏ। ਘਟਨਾ ਤੋਂ ਤੁਰੰਤ ਬਾਅਦ ਇਕੱਠੇ ਹੋਏ ਲੋਕਾਂ ਨੇ ਜ਼ਖ਼ਮੀਆਂ ਨੂੰ ਹਸਪਤਾਲ ਦਾਖ਼ਲ ਕਰਵਾਇਆ। ਮੌਕੇ 'ਤੇ ਹਾਜ਼ਰ ਜਤਿੰਦਰ ਸਿੰਘ ਮੰਨਣ, ਕੁਲਦੀਪ ਸਿੰਘ ਜੌਹਲ, ਚਮਕੌਰ ਸਿੰਘ ਲਾਲੂ ਘੁੰਮਣ ਅਤੇ ਜ਼ੋਬਨ ਸਿੰਘ ਨੇ ਦੱਸਿਆ ਕਿ ਅੰਮ੍ਰਿਤਸਰ ਸਥਿਤ 'ਸੰਧੂ ਡੇਅਰੀ' ਦੇ ਕਰਿੰਦੇ ਗੁਰਮਨ ਸਿੰਘ ਅਤੇ ਪ੍ਰਭਦੀਪ ਸਿੰਘ ਰੋਜ਼ਾਨਾ ਵਾਂਗ ਆਪਣੇ ਟੈਂਪੂ (ਛੋਟਾ ਹਾਥੀ) 'ਤੇ ਪਿੰਡ ਲਾਲੂ ਘੁੰਮਣ ਤੋਂ ਦੁੱਧ ਲੈਣ ਜਾ ਰਹੇ ਸਨ। ਜਦੋਂ ਉਹ ਪਿੰਡ ਮੰਨਣ ਨੇੜੇ ਪੁੱਜੇ ਤਾਂ ਸਾਹਮਣੇ ਤੋਂ ਆ ਰਹੀ ਇਕ ਤੇਜ਼ ਰਫ਼ਤਾਰ ਇਨੋਵਾ ਗੱਡੀ, ਜਿਸ 'ਤੇ 'ਕਾਰ ਸੇਵਾ' ਲਿਖਿਆ ਹੋਇਆ ਸੀ, ਬੇਕਾਬੂ ਹੋ ਕੇ ਉਨ੍ਹਾਂ ਵਿਚ ਜਾ ਵੱਜੀ। ਇਸ ਹਾਦਸੇ ਵਿਚ ਗੁਰਮਨ ਸਿੰਘ ਅਤੇ ਪ੍ਰਭਦੀਪ ਸਿੰਘ ਬੁਰੀ ਤਰ੍ਹਾਂ ਜ਼ਖ਼ਮੀ ਹੋ ਗਏ। ਹੈਰਾਨੀਜਨਕ ਤੱਥ ਉਦੋਂ ਸਾਹਮਣੇ ਆਏ ਜਦੋਂ ਲੋਕਾਂ ਨੇ ਦੁਰਘਟਨਾਗ੍ਰਸਤ ਇਨੋਵਾ ਗੱਡੀ ਦੀ




ਜਾਂਚ ਕੀਤੀ। ਗੱਡੀ 'ਤੇ ਨੀਲੇ ਰੰਗ ਦਾ ਝੰਡਾ ਲੱਗਾ ਹੋਇਆ ਸੀ । ਇਕੱਤਰ ਲੋਕਾਂ ਅਨੁਸਾਰ ਗੱਡੀ ਵਿਚੋਂ ਅੰਮ੍ਰਿਤਸਰ ਦੀ ਇਕ ਸੰਸਥਾ ਦੀਆਂ ਉਗਰਾਹੀ ਵਾਲੀਆਂ ਸਲਿੱਪਾਂ ਤੋਂ ਇਲਾਵਾ ਨਸ਼ੇ ਲਈ ਵਰਤੀਆਂ ਜਾਣ ਵਾਲੀਆਂ ਪੰਨੀਆਂ ਅਤੇ ਮੀਟ ਵਾਲਾ ਲਿਫ਼ਾਫ਼ਾ ਵੀ ਬਰਾਮਦ ਹੋਇਆ। ਮੌਕੇ 'ਤੇ ਪੁੱਜੀ ਥਾਣਾ ਝਬਾਲ ਦੀ ਪੁਲਸ ਨੇ ਇਨੋਵਾ ਚਾਲਕ ਗੁਰਜੰਟ ਸਿੰਘ ਪੁੱਤਰ ਹਰਦੀਪ ਸਿੰਘ ਵਾਸੀ ਕਾਜ਼ੀ ਕੋਟ ਨੂੰ ਹਿਰਾਸਤ ਵਿਚ ਲੈ ਲਿਆ ਹੈ। ਪੁੱਛਗਿੱਛ ਦੌਰਾਨ ਚਾਲਕ ਨੇ ਦੱਸਿਆ ਕਿ ਉਹ ਦਿਹਾੜੀ 'ਤੇ ਡੇਰੇ ਦੀ ਗੱਡੀ ਚਲਾਉਂਦਾ ਹੈ। ਗੱਡੀ ਵਿਚੋਂ ਮਿਲੀਆਂ ਨਸ਼ੇ ਵਾਲੀਆਂ ਪੰਨੀਆਂ ਬਾਰੇ ਉਸ ਨੇ ਅਣਜਾਣਤਾ ਪ੍ਰਗਟਾਈ, ਜਦ ਕਿ ਮੀਟ ਬਾਰੇ ਉਸ ਦਾ ਕਹਿਣਾ ਸੀ ਕਿ ਇਹ 'ਬਾਜ਼' (ਪੰਛੀ) ਦੇ ਖਾਣ ਲਈ ਰੱਖਿਆ ਹੋਇਆ ਸੀ। ਪੁਲਸ ਵੱਲੋਂ ਮਾਮਲੇ ਦੀ ਗੰਭੀਰਤਾ ਨਾਲ ਜਾਂਚ ਕੀਤੀ ਜਾ ਰਹੀ ਹੈ।

## ਪੰਜਾਬ 'ਚ 15,00,00,000 ਕਰੋੜ ਦੀ ਹੈਰੋਇਨ ਸਣੇ ਅਫਰੀਕੀ ਮਹਿਲਾ ਗ੍ਰਿਫ਼ਤਾਰ

ਤਰਨ ਤਾਰਨ 18 ਮਈ। ਸੀਆਈਏ ਸਟਾਫ ਤਰਨਤਾਰਨ ਦੀ ਪੁਲਸ ਨੇ ਅਫਰੀਕੀ ਮਹਿਲਾ ਨੂੰ 3 ਕਿਲੋ ਹੈਰੋਇਨ ਅਤੇ ਵੈਗਨ ਆਰ ਕਾਰ ਸਮੇਤ ਗ੍ਰਿਫ਼ਤਾਰ ਕਰਨ ਵਿੱਚ ਵੱਡੀ ਸਫਲਤਾ ਹਾਸਲ ਕੀਤੀ ਹੈ। ਬਰਾਮਦ ਕੀਤੀ ਗਈ ਹੈਰੋਇਨ ਦੀ ਅੰਤਰਰਾਸ਼ਟਰੀ ਬਾਜ਼ਾਰ ਵਿੱਚ ਕੀਮਤ ਕਰੀਬ 15 ਕਰੋੜ ਰੁਪਏ ਦੱਸੀ ਜਾ ਰਹੀ ਹੈ। ਇਸ ਸਬੰਧੀ ਤਰਨਤਾਰਨ ਪੁਲਸ ਵੱਲੋਂ ਮਹਿਲਾ ਖ਼?ਲਾਫ਼ ਮਾਮਲਾ ਦਰਜ ਕਰਕੇ ਅਗਲੀ ਜਾਂਚ ਸ਼ੁਰੂ ਕਰ ਦਿੱਤੀ ਗਈ ਹੈ। ਦੁਪਹਿਰ ਨੂੰ ਜ਼ਿਲ੍ਹੇ ਦੇ ਐੱਸਐੱਸਪੀ ਸੁਰਿੰਦਰ ਲਾਂਬਾ ਪ੍ਰੈੱਸ ਕਾਨਫਰੰਸ ਰਾਹੀਂ ਇਸ ਮਾਮਲੇ ਸਬੰਧੀ ਹੋਰ ਜਾਣਕਾਰੀ ਸਾਂਝੀ ਕਰ ਸਕਦੇ ਹਨ। ਜਾਣਕਾਰੀ ਅਨੁਸਾਰ ਸੀਆਈਏ ਸਟਾਫ ਤਰਨਤਾਰਨ ਦੀ ਪੁਲਸ ਨੂੰ ਗੁਪਤ ਸੂਚਨਾ ਮਿਲੀ ਸੀ ਕਿ ਇੱਕ ਵਿਦੇਸ਼ੀ ਅਫਰੀਕੀ ਮਹਿਲਾ ਸਰਹੱਦੀ ਇਲਾਕੇ ਵਿੱਚ ਹੈਰੋਇਨ ਦੀ ਖੇਪ ਲੈਣ ਲਈ ਆਈ ਹੋਈ ਹੈ। ਇਸ ਸੂਚਨਾ ਦੇ ਆਧਾਰ 'ਤੇ ਐੱਸਐੱਸਪੀ ਸੁਰਿੰਦਰ ਲਾਂਬਾ ਵੱਲੋਂ ਜ਼ਿਲ੍ਹੇ ਵਿੱਚ ਹਾਈ ਅਲਰਟ ਜਾਰੀ ਕਰ ਦਿੱਤਾ ਗਿਆ। ਇਸ ਦੌਰਾਨ ਬਾਈਪਾਸ ਨੇੜੇ ਕੀਤੀ ਗਈ ਨਾਕਾਬੰਦੀ ਦੌਰਾਨ ਸੀਆਈਏ ਸਟਾਫ ਦੀ ਪੁਲਸ ਨੇ ਉੱਤਰ ਪ੍ਰਦੇਸ਼ ਨੰਬਰ ਦੀ ਇੱਕ ਵੈਗਨ ਆਰ ਕਾਰ ਨੂੰ ਰੁਕਣ ਦਾ ਇਸ਼ਾਰਾ ਕੀਤਾ, ਜਿਸ ਨੂੰ ਇੱਕ ਮਹਿਲਾ ਚਲਾ ਰਹੀ ਸੀ। ਤਲਾਸ਼ੀ ਦੌਰਾਨ ਕਾਰ ਵਿਚੋਂ 3 ਕਿਲੋ




ਹੈਰੋਇਨ ਬਰਾਮਦ ਕੀਤੀ ਗਈ। ਗ੍ਰਿਫਤਾਰ ਮਹਿਲਾ ਦੀ ਪਹਿਚਾਣ ਬੇਲਾ ਨਿਵਾਸੀ ਡੈਲਟਾ ਸਟੇਟ, ਜੋਮਬਾ, ਨਾਈਜੇਰੀਆ (ਅਫਰੀਕਾ) ਅਤੇ ਮੌਜੂਦਾ ਵਾਸੀ ਸੰਡੇ ਬਾਜ਼ਾਰ, ਦਿੱਲੀ ਵਜੋਂ ਹੋਈ ਹੈ। ਪੁਲਸ ਜਾਂਚ ਵਿੱਚ ਸਾਹਮਣੇ ਆਇਆ ਹੈ ਕਿ ਗ੍ਰਿਫਤਾਰ ਕੀਤੀ ਗਈ ਮਹਿਲਾ ਭਾਰਤ ਵਿੱਚ ਕੰਮ ਸਿੱਖਣ ਲਈ ਆਈ ਸੀ, ਪਰ ਬਾਅਦ ਵਿੱਚ ਉਹ ਨਸ਼ਾ ਤਸਕਰੀ ਦੇ ਜਾਲ ਵਿੱਚ ਫਸ ਗਈ।

## ਦਰੱਖਤ ਨਾਲ ਲਟਕਦੀ ਮਿਲੀ ਅਣਪਛਾਤੀ ਲਾਸ਼

ਬਠਿੰਡਾ 18 ਮਈ। ਪਿੰਡ ਕੋਟਫੱਤਾ ਨਜ਼ਦੀਕ ਨਾਲੇ ਦੇ ਨੇੜੇ ਇੱਕ ਅਣਪਛਾਤੇ ਵਿਅਕਤੀ ਦੀ ਸੜੀ ਹੋਈ ਲਾਸ਼ ਦਰੱਖਤ ਨਾਲ ਲਟਕਦੀ ਮਿਲੀ। ਨੌਜਵਾਨ ਵੈਲਫੇਅਰ ਸੁਸਾਇਟੀ ਦੇ ਪ੍ਰਧਾਨ ਸੋਨੂੰ ਮਹੇਸ਼ਵਰੀ ਨੇ ਦੱਸਿਆ ਕਿ ਕੋਟਫੱਤਾ ਪਿੰਡ 'ਚ ਨਾਲੇ ਦੇ ਨਾਲ ਝਾੜੀਆਂ ਵਿਚੋਂ ਬਦਬੂ ਆ ਰਹੀ ਸੀ। ਨੇੜੇ ਦੇ ਖੇਤਾਂ ਵਿਚ ਕੰਮ ਕਰ ਰਹੇ ਕਿਸਾਨਾਂ ਨੂੰ ਇੱਕ ਮਰੇ ਹੋਏ ਜਾਨਵਰ ਦਾ ਸ਼ੱਕ ਸੀ। ਤਲਾਸ਼ ਕਰਨ 'ਤੇ ਉਨ੍ਹਾਂ ਨੂੰ ਇੱਕ ਆਦਮੀ ਦੀ ਲਾਸ਼ ਦਰੱਖਤ ਨਾਲ ਲਟਕਦੀ ਮਿਲੀ। ਘਟਨਾ ਦੀ ਜਾਣਕਾਰੀ ਮਿਲਣ 'ਤੇ ਨੌਜਵਾਨ ਵੈਲਫੇਅਰ ਸੁਸਾਇਟੀ ਦੇ ਰਾਜਵਿੰਦਰ ਸਿੰਘ ਅਤੇ ਕੋਟਫੱਤਾ ਪੁਲਸ ਸਟੇਸ਼ਨ ਦੇ ਇੰਚਾਰਜ ਅਮਰੀਕ ਸਿੰਘ ਆਪਣੀ ਟੀਮ ਨਾਲ ਮੌਕੇ 'ਤੇ ਪਹੁੰਚੇ। ਲਾਸ਼ ਕਈ ਹਫ਼ਤੇ ਪੁਰਾਣੀ ਜਾਪਦੀ ਸੀ ਅਤੇ ਬੁਰੀ ਤਰ੍ਹਾਂ ਸੜ ਚੁੱਕੀ ਸੀ। ਸੰਸਥਾ ਮੈਂਬਰਾਂ ਨੇ ਦਰੱਖਤ 'ਤੇ ਚੜ੍ਹ ਕੇ ਲਾਸ਼ ਨੂੰ ਹੇਠਾਂ ਉਤਾਰਿਆ। ਮ੍ਰਿਤਕ ਦੀ ਪਛਾਣ ਨਹੀਂ ਹੋ ਸਕੀ। ਉਹ ਲਗਭਗ 35 ਸਾਲ ਦਾ ਜਾਪਦਾ ਸੀ। ਮ੍ਰਿਤਕ ਨੇ ਚਿੱਟੀ ਪੂਰੀ ਬਾਹਾਂ ਵਾਲੀ ਕਮੀਜ਼, ਕਾਲੀ ਪੈਂਟ, ਭੂਰੀ ਬੈਲਟ ਅਤੇ ਚੱਪਲਾਂ ਪਾਈਆਂ ਹੋਈਆਂ ਸਨ। ਮੁੱਢਲੀ ਪੁਲਸ ਕਾਰਵਾਈ ਤੋਂ ਬਾਅਦ ਸੰਸਥਾਂ ਮੈਂਬਰਾਂ ਨੇ ਲਾਸ਼ ਨੂੰ ਪੋਸਟਮਾਰਟਮ ਲਈ ਸਿਵਲ ਹਸਪਤਾਲ ਪਹੁੰਚਾਇਆ। ਮ੍ਰਿਤਕ ਦੀ ਪਛਾਣ ਕਰਨ ਦੀਆਂ ਕੋਸ਼ਿਸ਼ਾਂ ਸ਼ੁਰੂ ਕਰ ਦਿੱਤੀਆਂ ਗਈਆਂ ਹਨ।

## ਕੰਪਨੀ ਦੀਆਂ ਬਕਾਇਆ ਕਿਸ਼ਤਾਂ ਮੰਗਣ 'ਤੇ ਕੀਤੀ ਕੁੱਟਮਾਰ

ਗੁਰੂਹਰਸਹਾਏ 18 ਮਈ। ਗੁਰੂਹਰਸਹਾਏ ਦੇ ਅਧੀਨ ਆਉਂਦੇ ਪਿੰਡ ਸੋਹਣਗੜ੍ਹ ਰੱਤੇਵਾਲਾ ਵਿਖੇ ਕੰਪਨੀ ਦੀਆਂ ਕਿਸ਼ਤਾਂ ਦਾ ਬਕਾਇਆ ਮੰਗਣ 'ਤੇ ਇਕ ਵਿਅਕਤੀ ਦੀ ਉਸ ਦੇ ਸਾਂਢੂ ਵੱਲੋਂ ਕੁੱਟਮਾਰ ਕਰਕੇ ਉਸ ਨੂੰ ਜ਼ਖਮੀਂ ਕਰਨ ਦੀ ਖ਼ਬਰ ਮਿਲੀ ਹੈ। ਇਸ ਸਬੰਧ ਵਿਚ ਥਾਣਾ ਗੁਰੂਹਰਸਹਾਏ ਪੁਲਸ ਨੇ ਇਕ ਵਿਅਕਤੀ ਖ਼?ਲਾਫ਼ ਮਾਮਲਾ ਦਰਜ ਕੀਤਾ ਹੈ। ਪੁਲਸ ਨੂੰ ਦਿੱਤੇ ਬਿਆਨਾਂ 'ਚ ਸ਼ਾਮ ਲਾਲ ਪੁੱਤਰ ਕ੍ਰਿਪਾਲ ਰਾਮ ਵਾਸੀ ਗਲੀ ਨੰਬਰ 3 ਨੇੜੇ ਡਾ. ਦਿਨੇਸ਼ ਬਠਿੰਡਾ ਰੋਡ ਸ੍ਰੀ ਮੁਕਤਸਰ ਸਾਹਿਬ ਨੇ ਦੱਸਿਆ ਕਿ ਉਸ ਦੀ ਪਤਨੀ ਤੇ ਦੋਸ਼ੀ ਪੂਰਨ ਸਿੰਘ ਪੁੱਤਰ ਰਾਮ ਅਵਤਾਰ ਵਾਸੀ ਪਿੰਡ ਸੋਹਣਗੜ੍ਹ ਰੱਤੇਵਾਲਾ, ਪਰਲ ਕੰਪਨੀ ਮੁਕਤਸਰ ਵਿਚ ਕੰਮ ਕਰਦੇ ਸਨ। ਮਿਤੀ 9 ਮਈ 2025 ਨੂੰ ਉਹ ਆਪਣੇ ਕਿਸੇ ਦੋਸਤ ਦੀ ਬੀਮਾਰੀ ਦਾ ਪਤਾ ਲੈਣ ਲਈ ਸੋਹਣਗੜ੍ਹ ਰੱਤੇਵਾਲਾ ਵਿਖੇ ਗਿਆ ਸੀ, ਜਿੱਥੇ ਉਸ ਦੀ ਪਤਨੀ ਦਾ ਫੋਨ ਆਇਆ ਕਿ ਪੂਰਨ ਚੰਦ ਕੋਲੋਂ ਪਰਲ ਕੰਪਨੀ ਦੀਆਂ ਰਹਿੰਦੀਆਂ ਕਿਸ਼ਤਾਂ ਦਾ ਪਤਾ ਕਰ ਆਇਓ। ਸ਼ਾਮ ਲਾਲ ਨੇ ਦੱਸਿਆ ਕਿ ਜਦੋਂ ਉਹ ਪੂਰਨ ਚੰਦ ਦੇ ਘਰ ਗਿਆ ਤਾਂ ਦੋਸ਼ੀ ਪਹਿਲਾਂ ਤੋਂ ਬੇਸਬਾਲ ਲੈ ਕੇ ਬੈਠਾ ਸੀ, ਜਿਸ ਨੇ ਉਸ ਦੇ ਸੱਟਾਂ ਮਾਰੀਆਂ। ਵਜ਼ਾ ਰੰਜ਼ਿਸ਼ ਇਹ ਹੈ ਕਿ ਕੰਪਨੀ ਦੀਆਂ ਬਕਾਇਆ ਕਿਸ਼ਤਾਂ ਮੰਗਣ ਕਰਕੇ ਉਸ ਦੀ ਕੁੱਟਮਾਰ ਕੀਤੀ ਗਈ। ਇਸ ਮਾਮਲੇ ਦੀ ਜਾਂਚ ਕਰ ਰਹੇ ਸਹਾਇਕ ਥਾਣੇਦਾਰ ਗੁਰਦੇਵ ਸਿੰਘ ਨੇ ਦੱਸਿਆ ਕਿ ਪੁਲਸ ਨੇ ਸ਼ਿਕਾਇਤਕਰਤਾ ਦੇ ਬਿਆਨਾਂ 'ਤੇ ਉਕਤ ਦੋਸ਼ੀ ਖਿਲਾਫ ਮਾਮਲਾ ਦਰਜ ਕਰ ਲਿਆ ਗਿਆ ਹੈ।

# ਜ਼ਮੀਨ ਨੂੰ ਲੈ ਕੇ ਜਾਂਜਗੀਰ 'ਚ ਖ਼ੂਨੀ ਵਾਰਦਾਤ: ਬਜ਼ੁਰਗ ਜੋੜੇ ਸਣੇ 2 ਪੋਤੇ-ਪੋਤੀਆਂ ਦਾ ਕਰ 'ਤਾ ਕਤਲ

**ਕੌਮੀ ਪਤ੍ਰਿਕਾ**

ਜੰਜਗੀਰ 18 ਮਈ। ਛੱਤੀਸਗੜ੍ਹ ਦੇ ਜੰਜਗੀਰ-ਚੰਪਾ ਜ਼ਿਲ੍ਹੇ ਵਿੱਚ ਉਸ ਸਮੇਂ ਸਨਸਨੀ ਫੈਲ ਗਈ, ਜਦੋਂ ਜ਼ਮੀਨੀ ਵਿਵਾਦ ਨੂੰ ਲੈ ਕੇ ਦੋ ਰਿਸ਼ਤੇਦਾਰਾਂ ਨੇ ਇੱਕ ਬਜ਼ੁਰਗ ਜੋੜੇ ਅਤੇ ਉਨ੍ਹਾਂ ਦੇ ਦੋ ਪੋਤੇ-ਪੋਤੀਆਂ ਦਾ ਕਥਿਤ ਤੌਰ 'ਤੇ ਕਤਲ ਕਰ ਦਿੱਤਾ। ਇਸ ਘਟਨਾ ਦੀ ਜਾਣਕਾਰੀ ਪੁਲਸ ਦੇ ਅਧਿਕਾਰੀਆਂ ਨੇ ਵੀਰਵਾਰ ਨੂੰ ਦਿੱਤੀ। ਇੱਕ ਸੀਨੀਅਰ ਪੁਲਸ ਅਧਿਕਾਰੀ ਨੇ ਦੱਸਿਆ ਕਿ ਪੁਲਸ ਨੇ ਅੱਜ ਜ਼ਿਲ੍ਹੇ ਦੇ ਸ਼ਿਵਰੀਨਾਰਾਇਣ ਪੁਲਸ ਸਟੇਸ਼ਨ ਖੇਤਰ ਦੇ ਅਧੀਨ ਆਉਂਦੇ ਭਾਨਵਤਰਾ ਪਿੰਡ ਵਿੱਚ ਇੱਕ ਨਿਰਮਾਣ ਅਧੀਨ ਘਰ ਵਿੱਚੋਂ ਚਾਰ ਲਾਸ਼ਾਂ ਬਰਾਮਦ ਕੀਤੀਆਂ ਹਨ। ਪੁਲਸ ਅਧਿਕਾਰੀ ਨੇ ਦੱਸਿਆ ਕਿ ਜਦੋਂ ਮਜ਼ਦੂਰ ਅੱਜ ਸਵੇਰੇ ਕੰਮ ਲਈ ਪਹੁੰਚੇ, ਤਾਂ ਉਨ੍ਹਾਂ ਨੇ ਲਾਸ਼ਾਂ ਦੇਖੀਆਂ ਅਤੇ ਹੋਰ ਪਿੰਡ ਵਾਸੀਆਂ ਨੂੰ ਇਸ ਦੀ ਸੂਚਨਾ ਦਿੱਤੀ। ਉਨ੍ਹਾਂ ਕਿਹਾ ਕਿ ਪੁਲਸ ਨੇ ਇਸ ਮਾਮਲੇ ਦੇ ਸਬੰਧ ਵਿੱਚ ਮ੍ਰਿਤਕ ਜੋੜੇ ਦੇ ਪੁੱਤਰ ਸੋਨਸੇ ਅਤੇ ਉਸਦੇ ਪੁੱਤਰ ਦਕੇਸ਼ਵਰ ਨੂੰ ਹਿਰਾਸਤ ਵਿੱਚ ਲੈ ਲਿਆ ਹੈ। ਅਧਿਕਾਰੀ ਨੇ ਦੱਸਿਆ ਕਿ ਮ੍ਰਿਤਕਾਂ ਦੀ ਪਛਾਣ ਮੇਦਿਨੀ ਪ੍ਰਸਾਦ ਕਸ਼ਯਪ (70), ਉਸਦੀ ਪਤਨੀ ਕਾਂਤੀ ਬਾਈ (65) ਅਤੇ ਉਨ੍ਹਾਂ ਦੇ ਪੋਤੇ-ਪੋਤੀਆਂ, ਪੀਤਾਂਬਰ ਕਸ਼ਯਪ (17) ਅਤੇ ਮੋਗਰਾ (25) ਵਜੋਂ ਹੋਈ ਹੈ। ਉਨ੍ਹਾਂ ਕਿਹਾ ਕਿ ਮੁੱਢਲੀ ਜਾਂਚ ਅਨੁਸਾਰ ਮੇਦਿਨੀ ਪ੍ਰਸਾਦ ਦੇ ਤਿੰਨ ਪੁੱਤਰ ਸਨ, ਜਿਨ੍ਹਾਂ ਵਿੱਚ ਸੋਨਸੇ ਵੀ ਸ਼ਾਮਲ ਸੀ। ਅਧਿਕਾਰੀ ਦੇ ਅਨੁਸਾਰ ਸੋਨਸੇ ਨੇ ਪਹਿਲਾਂ ਆਪਣੇ ਇੱਕ ਭਰਾ ਦਾ ਕਤਲ ਕੀਤਾ ਸੀ ਅਤੇ ਉਸ ਮਾਮਲੇ ਵਿੱਚ 15 ਸਾਲ ਦੀ




ਕੈਦ ਦੀ ਸਜ਼ਾ ਭੁਗਤੀ ਸੀ, ਜਦੋਂ ਕਿ ਦੂਜੇ ਪੁੱਤਰ ਨੇ ਕਥਿਤ ਤੌਰ 'ਤੇ ਖ਼ੁਦਕੁਸ਼ੀ ਕਰ ਲਈ ਸੀ। ਅਧਿਕਾਰੀ ਨੇ ਕਿਹਾ ਕਿ ਸੋਨਸੇ ਨੇ ਆਪਣੇ ਪੁੱਤਰ ਦਕੇਸ਼ਵਰ ਉਰਫ਼ ਗੋਲੂ ਨਾਲ ਮਿਲ ਕੇ ਕਥਿਤ ਤੌਰ 'ਤੇ ਆਪਣੇ ਮਾਤਾ-ਪਿਤਾ ਅਤੇ ਆਪਣੇ ਦੋ ਮ੍ਰਿਤਕ ਭਰਾਵਾਂ ਦੇ ਬੱਚਿਆਂ ਦਾ ਕੁਹਾੜੀ ਨਾਲ ਕਤਲ ਕਰ ਦਿੱਤਾ ਜਦੋਂ ਉਹ ਉਸਾਰੀ ਅਧੀਨ ਘਰ ਵਿੱਚ ਸੌਂ ਰਹੇ ਸਨ। ਉਨ੍ਹਾਂ ਦੱਸਿਆ ਕਿ ਪੀਤਾਂਬਰ ਆਪਣੇ ਸਵਰਗਵਾਸੀ ਪਿਤਾ ਦਾ ਇਕਲੌਤਾ ਪੁੱਤਰ ਸੀ, ਜਦੋਂ ਕਿ ਮੋਗਰਾ ਉਸਦੇ ਪਿਤਾ ਦੀ ਇਕਲੌਤੀ ਧੀ ਸੀ। ਅਧਿਕਾਰੀਆਂ ਨੇ ਦੱਸਿਆ ਕਿ ਮਜ਼ਦੂਰਾਂ ਨੇ ਵੀਰਵਾਰ ਸਵੇਰੇ ਮੰਜੇ 'ਤੇ ਲਾਸ਼ਾਂ ਦੇਖੀਆਂ, ਜਿਸ ਤੋਂ ਬਾਅਦ ਪਿੰਡ ਦੇ ਲੋਕਾਂ ਨੇ ਪੁਲਸ ਨੂੰ ਸੂਚਿਤ ਕੀਤਾ। ਪੁਲਸ ਨੇ ਕਿਹਾ ਕਿ ਦੋਸ਼ੀ ਕਥਿਤ ਤੌਰ 'ਤੇ ਪਰਿਵਾਰਕ ਜਾਇਦਾਦ 'ਤੇ ਕਬਜ਼ਾ ਕਰਨਾ ਚਾਹੁੰਦਾ ਸੀ ਅਤੇ ਉਸ 'ਤੇ ਹੋਰ ਦਾਅਵੇਦਾਰਾਂ ਨੂੰ ਖ਼ਤਮ ਕਰਨ ਲਈ ਅਪਰਾਧ ਕਰਨ ਦਾ ਸ਼ੱਕ ਹੈ। ਅਧਿਕਾਰੀ ਨੇ ਕਿਹਾ ਕਿ ਪੁਲਸ ਨੇ ਮਾਮਲਾ ਦਰਜ ਕਰ ਲਿਆ ਹੈ ਅਤੇ ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ।

ਕੌਮੀ ਪਤ੍ਰਿਕਾ

ਮੁੱਖ ਸੰਪਾਦਕ-ਗੁਰਚਰਨ ਸਿੰਘ ਬੱਬਰ, ਸਵਾਮੀ ਪ੍ਰਿੰਟਰ ਪਬਲਿਸ਼ਰ ਅਤੇ ਐਡੀਟਰ ਨੇ ਕੌਮੀ ਪਤ੍ਰਿਕਾ ਪ੍ਰਿੰਟਿੰਗ ਪ੍ਰੈੱਸ ਏ-144 ਇੰਡਸਟ੍ਰਿਅਲ ਏਰੀਆ ਸੈਕਟਰ ਏ-4, ਟ੍ਰੋਨਿਕਾ ਸਿਟੀ ਲੋਨੀ ਗਾਜ਼ਿਆਬਾਦ ਤੋਂ ਛਪਵਾ ਕੇ 5, ਬਹਾਦੁਰ ਸ਼ਾਹ ਜਫਰ ਮਾਰਗ ਨਵੀਂ ਦਿੱਲੀ-110002 ਤੋਂ ਪ੍ਰਕਾਸ਼ਿਤ ਕੀਤਾ ਹੈ।

Edited Printed Published and Owned by Gurcharan Singh Babbar 5, Bahadur Shah Zafar Marg New Delhi 110002. Printed at Qaumi Patrika Printing Press A-4 Tronica City Loni Ghaziabad

Ph. : 011-41509689
011-23315814

Mob. : 9971359517
9312262300

E-mail address:
qpatrika@gmail.com

R.N.I. No. 39272/81

Legal Advisors:
Advocate Mohd. Sajid
Advocate Dr. A.P.Singh
Advocate Manish Sharma
Advocate Pooja Bhaskar Sharma

# ਨਸ਼ਾ ਸਮੱਗਲਰਾਂ ਅਤੇ ਲੁੱਟ-ਖੋਹ ਦੀਆਂ ਵਾਰਦਾਤਾਂ ’ਤੇ ਕਾਬੂ ਪਾਉਣ ਲਈ ਪੁਲਸ ਦੀ ਵਿਸ਼ੇਸ਼ ਯੋਜਨਾ

**ਕੌਮੀ ਪਤ੍ਰਿਕਾ**

ਅੰਮ੍ਰਿਤਸਰ 18 ਮਈ। ਛੇਹਰਟਾ ਅਤੇ ਆਸ-ਪਾਸ ਦੇ ਇਲਾਕਿਆਂ ਵਿਚ ਨਸ਼ਾ ਸਮੱਗਲਰਾਂ ਨੂੰ ਕਾਬੂ ਕਰਨ, ਲੁੱਟ-ਖੋਹ ਕਰਨ ਵਾਲਿਆਂ ਨੂੰ ਨੱਥ ਪਾਉਣ ਅਤੇ ਅਪਰਾਧਿਕ ਘਟਨਾਵਾਂ ’ਤੇ ਕਾਬੂ ਪਾਉਣ ਲਈ ਥਾਣਾ ਛੇਹਰਟਾ ਦੀ ਪੁਲਸ ਵੱਲੋਂ ਵਿਸ਼ੇਸ਼ ਰਣਨੀਤੀ ਤਿਆਰ ਕੀਤੀ ਗਈ ਹੈ। ਪੁਲਸ ਕਮਿਸ਼ਨਰ ਗੁਰਪ੍ਰੀਤ ਸਿੰਘ ਭੁੱਲਰ ਦੇ ਨਿਰਦੇਸ਼ਾਂ ’ਤੇ ਥਾਣਾ ਛੇਹਰਟਾ ਅਧੀਨ ਵੱਖ-



ਵੱਖ ਪੁਲਸ ਟੀਮਾਂ ਵੱਲੋਂ ਇਲਾਕੇ ਦੇ ਮੁੱਖ ਚੌਕਾਂ ਅਤੇ ਸੰਵੇਦਨਸ਼ੀਲ ਸਥਾਨਾਂ ’ਤੇ ਵਿਸ਼ੇਸ਼ ਨਾਕਾਬੰਦੀ ਸ਼ੁਰੂ ਕੀਤੀ ਗਈ ਹੈ। ਇਸ ਚੈਕਿੰਗ ਮੁਹਿੰਮ ਦੌਰਾਨ ਪੁਲਸ ਕਰਮਚਾਰੀ ਹਰ ਵਾਹਨ ਚਾਲਕ ਤੋਂ ਉਸ ਦੇ ਵਾਹਨ ਅਤੇ ਹੋਰ ਜ਼ਰੂਰੀ ਜਾਣਕਾਰੀ ਲੈ ਕੇ ਉਸ ਦਾ ਮੁਕੰਮਲ ਰਿਕਾਰਡ ਤਿਆਰ ਕਰ ਰਹੇ ਹਨ। ਇਸ ਸਬੰਧੀ ਜਾਣਕਾਰੀ ਦਿੰਦਿਆਂ ਥਾਣਾ ਛੇਹਰਟਾ ਦੇ ਨਵ-ਨਿਯੁਕਤ ਐੱਸ. ਐੱਚ. ਓ. ਬਲਵਿੰਦਰ ਸਿੰਘ ਨੇ ਦੱਸਿਆ ਕਿ ਇਹ ਸਖ਼ਤ ਨਾਕਾਬੰਦੀ ਮੁਹਿੰਮ ਆਉਣ ਵਾਲੇ ਦਿਨਾਂ ਵਿਚ ਵੀ ਲਗਾਤਾਰ ਜਾਰੀ ਰਹੇਗੀ। ਉਨ੍ਹਾਂ ਕਿਹਾ ਕਿ ਇਸ ਕਾਰਵਾਈ ਨਾਲ ਇਲਾਕੇ ਵਿਚ ਸਨੈਚਿੰਗ ਅਤੇ ਲੁੱਟ-ਖੋਹ ਵਰਗੀਆਂ ਵਾਰਦਾਤਾਂ ਨੂੰ ਰੋਕਣ ਵਿਚ ਵੱਡੀ ਮਦਦ ਮਿਲੇਗੀ। ਐੱਸ. ਐੱਚ. ਓ. ਨੇ ਅੱਗੇ ਦੱਸਿਆ ਕਿ ਇਲਾਕੇ ਵਿਚ ਜਲਦ ਹੀ ਪੁਲਸ-ਪਬਲਿਕ ਮੀਟਿੰਗਾਂ ਕੀਤੀਆਂ ਜਾਣਗੀਆਂ ਤਾਂ ਜੋ ਲੋਕ ਬਿਨਾਂ ਕਿਸੇ ਡਰ ਤੋਂ ਪੁਲਸ ਨਾਲ ਸਹਿਯੋਗ ਕਰ ਸਕਣ। ਉਨ੍ਹਾਂ ਭਰੋਸਾ ਦਿੱਤਾ ਕਿ ਨਸ਼ਾ ਤਸਕਰਾਂ ਜਾਂ ਸ਼ਰਾਰਤੀ ਅਨਸਰਾਂ ਬਾਰੇ ਜਾਣਕਾਰੀ ਦੇਣ ਵਾਲੇ ਵਿਅਕਤੀ ਦਾ ਨਾਮ ਬਿਲਕੁਲ ਗੁਪਤ ਰੱਖਿਆ ਜਾਵੇਗਾ ਅਤੇ ਮਿਲੀ ਸੂਚਨਾ ’ਤੇ ਤੁਰੰਤ ਸਖ਼ਤ ਕਾਰਵਾਈ ਅਮਲ ਵਿਚ ਲਿਆਂਦੀ ਜਾਵੇਗੀ।

## ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਤਖ਼ਤ ਸ੍ਰੀ ਪਟਨਾ ਸਾਹਿਬ ਵਿਖੇ ਮੱਥਾ ਟੇਕਿਆ

Contd......Front page

ਮੱਥਾ ਟੇਕਣ ਤੋਂ ਬਾਅਦ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, “ਮੈਨੂੰ ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪਵਿੱਤਰ ਜਨਮ ਅਸਥਾਨ ਤਖ਼ਤ ਸ੍ਰੀ ਹਰਿਮੰਦਰ ਜੀ (ਪਟਨਾ ਸਾਹਿਬ) ਵਿਖੇ ਮੱਥਾ ਟੇਕਣ ਦਾ ਸੁਭਾਗ ਪ੍ਰਾਪਤ ਹੋਇਆ। ਗੁਰੂ ਸਾਹਿਬ ਦੀ ਇਲਾਹੀ ਹਜ਼ੂਰੀ ’ਚ ਮੱਥਾ ਟੇਕ ਕੇ, ਮੈਂ ਪੰਜਾਬ, ਪੰਜਾਬੀਆਂ ਅਤੇ ਦੁਨੀਆ ਭਰ ’ਚ ਵਸਦੀ ਸਮੁੱਚੀ ਸਿੱਖ ਸੰਗਤ ਦੀ ਖੁਸ਼ਹਾਲੀ, ਤੰਦਰੁਸਤੀ ਅਤੇ ਸਦੀਵੀ ਚੜ੍ਹਦੀ ਕਲਾ ਲਈ ਅਰਦਾਸ ਕੀਤੀ। ਮੁੱਖ ਮੰਤਰੀ ਨੇ ਕਿਹਾ ਕਿ ਸਿਰਫ਼ ਸਿੱਖ ਹੀ ਨਹੀਂ, ਸਗੋਂ ਹਰ ਮਨੁੱਖ ਨੂੰ ਸਾਡੇ ਮਹਾਨ ਗੁਰੂਆਂ ਦੇ ਆਸ਼ੀਰਵਾਦ ਵਾਲੀ ਪਵਿੱਤਰ ਧਰਤੀ ਤੋਂ ਸ਼ਕਤੀ ਅਤੇ ਪ੍ਰੇਰਨਾ ਮਿਲਦੀ ਹੈ। ਉਨ੍ਹਾਂ ਕਿਹਾ ਕਿ ਗੁਰੂ ਸਾਹਿਬ ਦੀਆਂ ਸਿੱਖਿਆਵਾਂ ਮਨੁੱਖਤਾ ਨੂੰ ਸੱਚਾਈ, ਦਇਆ-ਭਾਵਨਾ ਅਤੇ ਵਿਸ਼ਵਵਿਆਪੀ ਭਾਈਚਾਰੇ ਦੇ ਮਾਰਗ ’ਤੇ ਚੱਲਣ ਲਈ ਪ੍ਰੇਰਿਤ ਕਰਦੀਆਂ ਹਨ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, “ਮੈਂ ਅਰਦਾਸ ਕੀਤੀ ਕਿ ਸੂਬੇ ’ਚ ਆਪਸੀ ਏਕਤਾ, ਅਮਨ-ਸ਼ਾਂਤੀ ਅਤੇ ਭਾਈਚਾਰਕ ਸਾਂਝ ਦੀਆਂ ਤੰਦਾਂ ਆਏ ਦਿਨ ਹੋਰ ਮਜ਼ਬੂਤ ਹੋਣ ਅਤੇ ਪੰਜਾਬ ਹਰ ਖੇਤਰ ਵਿੱਚ ਦੇਸ਼ ਦੀ ਅਗਵਾਈ ਕਰਦਾ ਰਹੇ।”ਉਨ੍ਹਾਂ ਅੱਗੇ ਕਿਹਾ ਕਿ ਮੈਂ ਸੂਬੇ ਦੇ ਲੋਕਾਂ ਦੀਆਂ ਉਮੀਦਾਂ ’ਤੇ ਖ਼ਰਾ ਉਤਰਨ ਲਈ ਪੂਰੀ ਲਗਨ ਅਤੇ ਵਚਨਬੱਧਤਾ ਨਾਲ ਉਨ੍ਹਾਂ ਦੀ ਸੇਵਾ ਕਰਨ ਲਈ ਸਰਵ ਸ਼ਕਤੀਮਾਨ ਪ੍ਰਮਾਤਮਾ ਤੋਂ ਅਸ਼ੀਰਵਾਦ ਮੰਗਿਆ। ਮੁੱਖ ਮੰਤਰੀ ਨੇ ਅੱਗੇ ਕਿਹਾ, “ਇਸ ਪਵਿੱਤਰ ਧਰਤੀ ’ਤੇ ਮੱਥਾ ਟੇਕਣ ਤੋਂ ਬਾਅਦ, ਮੈਂ ਨਵੀਂ ਤੇ ਵਿਲੱਖਣ ਊਰਜਾ ਮਹਿਸੂਸ ਕਰ ਰਿਹਾ ਹਾਂ। ਇਸ ਫੇਰੀ ਨੇ ਮੈਨੂੰ ਮਿਸ਼ਨਰੀ ਜੋਸ਼ ਨਾਲ ਪੰਜਾਬ ਦੇ ਲੋਕਾਂ ਦੀ ਸੇਵਾ ਕਰਨ ਲਈ ਨਵੇਂ ਉਤਸ਼ਾਹ ਅਤੇ ਹੌਸਲੇ ਨਾਲ ਭਰ ਦਿੱਤਾ ਹੈ। ਗੁਰੂ ਸਾਹਿਬ ਦਾ ਦਿਲੋਂ ਧੰਨਵਾਦ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪੰਜਾਬ ਨੇ ਬੇਅਦਬੀ ਵਿਰੁੱਧ ਸਖ਼ਤ ਕਾਨੂੰਨ ਬਣਾ ਕੇ ਪੂਰੇ ਦੇਸ਼ ਨੂੰ ਗੁਰੂ ਸਾਹਿਬਾਨ ਦੇ ਸਤਿਕਾਰ ਦੀ ਰਖਵਾਲੀ ਦਾ ਰਸਤਾ ਦਿਖਾਇਆ ਹੈ। ਉਨ੍ਹਾਂ ਕਿਹਾ, “ਗੁਰੂ ਸਾਹਿਬ ਨੇ ਸਾਨੂੰ ਬੇਅਦਬੀ ਵਿਰੁੱਧ ਸਖ਼ਤ ਕਾਨੂੰਨ ਬਣਾਉਣ ਦੀ ਸੇਵਾ ਬਖਸ਼ੀ ਹੈ। ਪਵਿੱਤਰ ਸ਼ਬਦ ਗੁਰੂ ਦੀ ਪਵਿੱਤਰਤਾ ਅਤੇ ਮਾਣ ਨੂੰ ਕਾਇਮ ਰੱਖਣਾ ਸਾਡਾ ਸਭ ਦਾ ਇਖਲਾਕੀ ਫ਼ਰਜ਼ ਹੈ। ਮੁੱਖ ਮੰਤਰੀ ਨੇ ਦੁਹਰਾਇਆ ਕਿ ਪੰਜਾਬ ਸਰਕਾਰ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਮਾਣ-ਮਰਿਆਦਾ ਨੂੰ ਕਾਇਮ ਰੱਖਣ ਅਤੇ ਲੋਕਾਂ ਦੀਆਂ ਧਾਰਮਿਕ ਭਾਵਨਾਵਾਂ ਨੂੰ ਠੇਸ ਪਹੁੰਚਾਉਣ ਦੀ ਕੋਸ਼ਿਸ਼ ਕਰਨ ਵਾਲੇ ਕਿਸੇ ਵੀ ਵਿਅਕਤੀ ਨੂੰ ਸਖ਼ਤ ਸਜ਼ਾ ਯਕੀਨੀ ਬਣਾਉਣ ਲਈ ਪੂਰੀ ਤਰ੍ਹਾਂ ਵਚਨਬੱਧ ਹੈ। ਉਨ੍ਹਾਂ ਉਮੀਦ ਪ੍ਰਗਟਾਈ ਕਿ ਗੁਰੂ ਸਾਹਿਬ ਇਸੇ ਤਰ੍ਹਾਂ ਸਭਨਾਂ ’ਤੇ ਆਪਣੀ ਅਪਾਰ-ਕਿਰਪਾ ਤੇ ਆਸ਼ੀਰਵਾਦ ਬਣਾ ਕੇ ਰੱਖਣਗੇ ਅਤੇ ਪੰਜਾਬ ਨੂੰ ਵਧੇਰੇ ਖੁਸ਼ਹਾਲੀ, ਸ਼ਾਂਤੀ ਅਤੇ ਰੰਗਲੇ ਪੰਜਾਬ ਦੇ ਮਾਰਗ ਵੱਲ ਲੈ ਜਾਣਗੇ। ਇਸ ਮੌਕੇ ਮੁੱਖ ਮੰਤਰੀ ਨਾਲ ਮੁੱਖ ਸਕੱਤਰ ਕੇ.ਏ.ਪੀ. ਸਿਨਹਾ ਵੀ ਹਾਜ਼ਰ ਸਨ।

# ਵਿਆਹ ਦਾ ਝੂਠਾ ਲਾਰਾ ਲਾ ਕੇ ਜਬਰ-ਜ਼ਿਨਾਹ ਦਾ ਦੋਸ਼

ਜ਼ੀਰਕਪੁਰ 18 ਮਈ। ਜ਼ੀਰਕਪੁਰ ਪੁਲਸ ਨੇ ਇਕ ਔਰਤ ਦੀ ਸ਼ਿਕਾਇਤ ’ਤੇ ਫ਼ੌਜ ’ਚ ਤਾਇਨਾਤ ਨਿੱਤਿਆ ਨੰਦਨ ਪੁੱਤਰ ਕੇ. ਕ੍ਰਿਸ਼ਨਨ ਵਾਸੀ ਜੈਤੋਗ, ਸ਼ਿਮਲਾ ਖ਼ਿਲਾਫ਼ ਵਿਆਹ ਦਾ ਝੂਠਾ ਲਾਰਾ ਲਾ ਕੇ ਜਬਰ-ਜ਼ਿਨਾਹ ਕਰਨ ਦੇ ਦੋਸ਼ ਹੇਠ ਕੇਸ ਦਰਜ ਕੀਤਾ ਹੈ। ਔਰਤ ਨੇ ਦੋਸ਼ ਲਾਇਆ ਹੈ ਕਿ ਮੁਲਜ਼ਮ ਨੇ ਕਈ ਸਾਲਾਂ ਤੱਕ ਵਿਆਹ ਦਾ ਭਰੋਸਾ ਦੇ ਕੇ ਉਸ ਨੂੰ ਧੋਖੇ ’ਚ ਰੱਖਿਆ ਤੇ ਸਰੀਰਕ ਸਬੰਧ ਬਣਾਉਂਦਾ ਰਿਹਾ। ਪੁਲਸ ਨੂੰ ਦਿੱਤੀ ਸ਼ਿਕਾਇਤ ’ਚ ਔਰਤ ਨੇ ਦੱਸਿਆ ਕਿ ਉਸ ਦਾ ਵਿਆਹ ਕਰੀਬ 18 ਸਾਲ ਪਹਿਲਾਂ ਹੋਇਆ ਸੀ ਅਤੇ ਪਰਿਵਾਰਕ ਅਣਬਣ ਕਾਰਨ ਉਹ 2021 ਤੋਂ ਆਪਣੇ ਪਤੀ ਤੋਂ ਵੱਖ ਰਹਿ ਰਹੀ ਸੀ। ਇਸ ਦੌਰਾਨ ਉਸ ਦੀ ਜਾਣ-ਪਛਾਣ ਆਪਣੇ ਸਹੁਰੇ ਪਰਿਵਾਰ ਦੇ ਇਕ ਦੂਰ ਦੇ ਰਿਸ਼ਤੇਦਾਰ ਨਿੱਤਿਆ ਨੰਦਨ ਨਾਲ ਹੋਈ, ਜੋ ਮੂਲ ਤੌਰ ’ਤੇ ਤਾਮਿਲਨਾਡੂ ਦਾ ਰਹਿਣ ਵਾਲਾ ਹੈ ਅਤੇ ਫ਼ੌਜ ’ਚ ਹੈ। ਸ਼ਿਕਾਇਤਕਰਤਾ ਮੁਤਾਬਕ ਨਿੱਤਿਆ ਨੰਦਨ ਨੇ ਪਹਿਲਾਂ ਉਸ ਨਾਲ ਹਮਦਰਦੀ ਜਤਾਈ ਅਤੇ ਬਾਅਦ ’ਚ ਆਪਣੀ ਪਤਨੀ ਨੂੰ ਤਲਾਕ ਦੇ ਕੇ ਵਿਆਹ ਕਰਨ ਦਾ ਭਰੋਸਾ ਦਿੱਤਾ। ਔਰਤ ਨੇ ਦੋਸ਼ ਲਾਇਆ ਕਿ ਇਸੇ ਭਰੋਸੇ ਦੇ ਆਧਾਰ ’ਤੇ ਮੁਲਜ਼ਮ ਨੇ 2021 ਤੋਂ ਉਸ ਨਾਲ ਸਰੀਰਕ ਸਬੰਧ ਬਣਾਉਣੇ ਸ਼ੁਰੂ ਕਰ ਦਿੱਤੇ ਅਤੇ ਵੱਖ-ਵੱਖ ਥਾਵਾਂ ’ਤੇ ਲੈ ਜਾਂਦਾ ਰਿਹਾ। ਔਰਤ ਨੇ ਆਪਣੇ ਬਿਆਨਾਂ ’ਚ ਇਹ ਵੀ ਦੋਸ਼ ਲਾਇਆ ਕਿ ਜਦ ਵੀ ਉਹ ਵਿਆਹ ਦੀ ਗੱਲ ਕਰਦੀ ਸੀ ਤਾਂ ਉਹ ਟਾਲ ਦਿੰਦਾ ਸੀ। ਬਾਅਦ ’ਚ ਉਹ ਉਸ ਨਾਲ ਕੁੱਟਮਾਰ ਵੀ ਕਰਨ ਲੱਗ ਪਿਆ। ਸ਼ਿਕਾਇਤ ਅਨੁਸਾਰ 10 ਮਈ 2026 ਨੂੰ ਸਵੇਰੇ ਕਰੀਬ 4 ਵਜੇ ਮੁਲਜ਼ਮ ਉਸ ਨੂੰ ਜ਼ੀਰਕਪੁਰ ਦੇ ਇਕ ਫਲੈਟ ’ਚ ਲੈ ਗਿਆ, ਜਿੱਥੇ ਉਸ ਦੀ ਮਰਜ਼ੀ ਦੇ ਵਿਰੁੱਧ ਜ਼ਬਰਦਸਤੀ ਸਰੀਰਕ ਸਬੰਧ ਬਣਾਏ। ਪੁਲਸ ਨੇ ਔਰਤ ਦੇ ਬਿਆਨਾਂ ਦੇ ਆਧਾਰ ’ਤੇ ਨਿੱਤਿਆ ਨੰਦਨ ਖ਼ਿਲਾਫ਼ ਮਾਮਲਾ ਦਰਜ ਕਰਕੇ ਜਾਂਚ ਸ਼ੁਰੂ ਕਰ ਦਿੱਤੀ ਹੈ।

### NAME CHANGE
I, PRITI DAS D/O DALIP KUMAR residing at D-293 J.J COLONY KHYALA, DELHI-110018 . have changed my name to PRITY DASS for all future purposes.

### NAME CHANGE
I, S BHASKARA VIJAY KUMAR residing at-H NO-6-225/6, PADMANABHANAGAR, VENKATAPURAM, NEAR RAMALAYAM, VISAKHAPATNAM, ANDHRA PRADESH-530029, have changed my mother's name from SENAPATHI VENKATA RATNAM to SENAPATHI APPALA RATNAM for all future purposes vide Affidavit dated 16/07/2025 before Notary Public, Delhi.

### NAME CHANGE
I, SWETA RAI BHUTIA Wife of No. 5458488P Rank-NK Name-TSHERING BHUTIA Presently residing at VILL-DURPIN GUMBA, PO-KALIMPONG, DISTT-KALIMPONG, WEST BENGAL-734301, have changed my name from SWETA RAI BHUTIA to SWETA RAI for all future purposes vide Affidavit dated 16/07/2025 before Notary Public, Delhi.

### NAME CHANGE
I, DEEPAK KUMAR VERMA S/O PARTAP SINGH resident of H.No.16, Tara Nagar Main Kakrola Road, Kakrola, South West Delhi, Delhi-110078 have changed the name of my minor daughter SHREYA ALIAS SHREYA VERMA aged 13 years, and she shall hereafter be known as SHREYA VERMA.

### NAME CHANGE
I hitherto known as SAMEERA SINGH D/O SUDHIR KUMAR SINGH residing at Flat No.E-1058, River Heights, Raj Nagar, Extension, Tower-15, Ghaziabad, U.P.-201001, have changed my name and shall hereafter be known as SAMEERA SINGH AMETHIA.

### NAME CHANGE
I, Sushma D/O Shambu Prasad Dharmana W/O Vinod Kumar R/O B-6 Police Colony Mandir Marg New Delhi 110001 Have changed my name to Sushma Badola for all future purposes.

### NAME CHANGE
I Swaran Kaur Sawhney W/o Prith Pal Singh R/o 10C/80 SFS Flats Green View Appartment Mayapuri Road Hari Nagar West Delhi-110064 Have Changed My Name to Swaran Kaur for all purpose.

### PUBLIC NOTICE
It is for general information that I, Rahul Vishwakarma S/o H.P. Vishvakarma R/o J-4, Ground Floor Gandhi Market, Mir Dard Road, Minto Road, Indraprastha, Central Delhi, Delhi-110002 declare that name of mine has been wrongly written as Rahul Kumar Vishvakarma in my minor daughter namely Anika Vishvakarma aged 5 years in his School Records. The actual name of mine is Rahul Vishwakarma.

### PUBLIC NOTICE
It is for general information that 1 INDU CHAUHAN W/O NARENDER SINGH CHAUHAN R/O N-129/1, T-HUTS, KHILONA BAGH DIST NORTH WEST DELHI-110009 declare that name of mine has been wrongly written as INDU KANWAR in my minor son namely HARSH VARDHAN SINGH CHAUHAN aged 13 years in his school record and birth certificate No. MCDOLIR - 2211-005020356. The actual name of mine is INDU CHAUHAN which may be amended accordingly

### PUBLIC NOTICE
It is for general information that CHANDER VEER S/O RAM JI LAL R/O Q-157 Vikas Vihar Uttam Nagar West Delhi Delhi-110059 declare that name of mine has been wrongly written as CHANDER PAL in my minor daughter namely KIRTI aged 15 years in her birth certificate No.MCDOLIR-0110-004425168. The actual name of mine is CHANDER VEER which may be amended accordingly

### NAME CHANGE
I, hitherto known as ASHISH KUMAR RATHOR S/O PURAN LAL R/O Q-48, RAJEEV NAGAR BEGUM PUR, NORTH WEST DELHI, DELHI-110086, have changed my name and shall hereafter be known as RAZA AHMED.

### NAME CHANGE
It is for general information that I ASHISH KUMAR SINHA S/o KHAGEN CHANDRA SINHA R/o House No. 67, Alipur Road, Near Kasturi Ram College, Kureni, North West Delhi, Delhi - 110040, declare that name of my wife and my minor Daughter has been wrongly written as PINKI SINHA and ANUGYA SINHA in my minor Daughter namely ANUGYA aged 16 year in her 10th Class Educational Documents. The actual name of my wife and my minor daughter are PINKI KUMARI and ANUGYA, which may be amended accordingly.

### PUBLIC NOTICE
It is for general information that I, BALJEET SINGH S/o GURCHARAN SINGH R/o 12/32, Geeta Colony, East Delhi-110031 declare that name of mine, my wife and my minor daughter has been wrongly written as BALJEET SINGH CHUGH, GURPREET KAUR CHUGH, JASLEEN KAUR CHUGH in my minor daughter JASLEEN KAUR aged 16 years in her 10th class Educational Documents. The actual name of mine, my wife and my minor daughter are BALJEET SINGH, GURPREET KAUR and JASLEEN KAUR respectively, which may be amended accordingly.

### NAME CHANGE
I, MOGHAL FATHIMA BAIG Wife of JC-335017L Rank-NB/SUB Name-MOGHAL MOHAMMAD BAIG Presently residing at 9-5-5, ANDHRA RATNA NAGAR, PERALA HIGH SCHOOL, PERALA, CHIRALA PRAKASAM DISTRICT, ANDHRA PRADESH-523157, have changed my name from MOGHAL FATHIMA BAIG to FATHIMA SHAIK for all future purposes vide Affidavit dated 16/07/2025 before First Class Magistrate, Shillong, Meghalaya.

### NAME CHANGE
I Jugal Kishor S/o Lila Dhar R/o H.No-196 S/F, Kh.No-619/21, Chattar Pur, South Delhi, Delhi-110074 have changed the name of my minor daughter namely Krishna Devi aged 16 years and she shall hereafter be known as Priya.

### NAME CHANGE
I hitherto known as Farman S/o Akeel Ahmed R/o B 272/27, Gali No 4, Subhash Mohalla North Ghonda, Garhi Mendu, Bhajan Pura, North East, Delhi-110053 have changed my name and shall hereafter be known as Farman Ahmed.

### NAME CHANGE
I hitherto known as Atif S/o Manzoor Khan R/o 1/99-C, 4F/F, Gali No-5, Guru Harkrishan School Wali Gali, Kabir Nagar, Gokal Pur, North East Delhi, Delhi-110094 have changed my name and shall hereafter be known as Atif Khan.

### NAME CHANGE
I hitherto known as Aakash S/o Makan Singh Rawat R/o 2087/5, Gali No.20, Prem Nagar Patel Nagar, Patel Nagar S.O, Central Delhi, Delhi-110008 have changed my name and shall hereafter be known as Akash Rawat.

### NAME CHANGE
I hitherto known as Sanam Kumari W/o Samarjeet Gupta R/o E-400-D, Block-E, Ashok Nagar, Vasundhra Enclave, East Delhi, Delhi, Delhi-110096 have changed my name and shall hereafter be known as Sonam Sav.

### NAME CHANGE
I hitherto known as Laxman Yadav alias Bhavikshan Yadav S/O Bechan Yadav R/O Gram Debra, Post Bela, Thana Babubarhi, Ward No-02, Bela, PO Bela, Dist Madhubani, Bihar-847224 have changed my name and shall hereafter be known as Bhavikshna Yadav.

### NAME CHANGE
ਫ਼ੌਜੀ ਭਰਤੀ ਦਫਤਰ, ਪਟਿਆਲਾ ਦੇ ਭਰਤੀ ਨਿਰਦੇਸ਼ਕ ਨੇ ਦੱਸਿਆ ਹੈ ਕਿ ਭਾਰਤੀ ਫੌਜ ਵਿੱਚ ਭਰਤੀ ਲਈ ਅਗਨੀਪਥ ਯੋਜਨਾ ਅਧੀਨ 01 ਜੂਨ ਤੋਂ 12 ਜੂਨ 2026 ਤੱਕ ਔਨਲਾਈਨ ਸਾਂਝੀ ਪ੍ਰਵੇਸ਼ ਪ੍ਰੀਖਿਆ (ਸੀਈਈ) 2026 ਦੇਸ਼ ਭਰ ਵਿੱਚ ਕਰਵਾਈ ਜਾ ਰਹੀ ਹੈ।

ਉਨ੍ਹਾਂ ਕਿਹਾ ਕਿ ਜਿਨ੍ਹਾਂ ਉਮੀਦਵਾਰਾਂ ਨੇ 13 ਫਰਵਰੀ 2026 ਤੋਂ 10 ਅਪ੍ਰੈਲ 2026 ਵਿਚਕਾਰ ਭਾਰਤੀ ਫੌਜ ਵਿੱਚ ਭਰਤੀ ਪੋਰਟਲ 'ਤੇ ਆਪਣੇ ਆਪ ਨੂੰ ਰਜਿਸਟਰ ਕੀਤਾ ਸੀ, ਉਹ ਪ੍ਰੀਖਿਆ ਵਿੱਚ ਸ਼ਾਮਲ ਹੋਣਗੇ। ਇਹ ਪ੍ਰੀਖਿਆ 206 ਸ਼ਹਿਰਾਂ ਵਿੱਚ ਆਯੋਜਿਤ ਕੀਤੀ ਜਾਵੇਗੀ ਜਿਸ ਵਿੱਚ 403 ਪ੍ਰੀਖਿਆ ਕੇਂਦਰ ਅਤੇ ਦੇਸ਼ ਭਰ ਵਿੱਚ 22 ਸ਼੍ਰੇਣੀਆਂ ਸ਼ਾਮਲ ਹਨ।

ਡਾਇਰੈਕਟਰ ਨੇ ਅੱਗੇ ਦੱਸਿਆ ਕਿ ਪ੍ਰੀਖਿਆ ਲਈ ਐਡਮਿਟ ਕਾਰਡ 18 ਮਈ 2026 ਤੋਂ ਭਾਰਤੀ ਫੌਜ ਵਿੱਚ ਸ਼ਾਮਲ ਹੋਣ ਦੀ ਅਧਿਕਾਰਤ ਵੈੱਬਸਾਈਟ 'ਤੇ ਉਪਲਬਧ ਕਰਵਾਏ ਜਾਣਗੇ। ਉਮੀਦਵਾਰਾਂ ਨੂੰ ਨਵੀਆਂ ਅਪਡੇਟਸ ਅਤੇ ਪ੍ਰੀਖਿਆ ਨਾਲ ਸਬੰਧਤ ਹਦਾਇਤਾਂ ਲਈ ਨਿਯਮਿਤ ਤੌਰ 'ਤੇ ਪੋਰਟਲ ਦੇਖਣਾ ਚਾਹੀਦਾ ਹੈ।

ਉਨ੍ਹਾਂ ਅੱਗੇ ਕਿਹਾ ਕਿ ਨਮੂਨਾ ਪ੍ਰਸ਼ਨ ਪੱਤਰ ਅਤੇ ਮਹੱਤਵਪੂਰਨ ਪ੍ਰੀਖਿਆ ਨਿਰਦੇਸ਼ ਪਹਿਲਾਂ ਹੀ ਪੋਰਟਲ 'ਤੇ ਉਪਲਬਧ ਹਨ ਤਾਂ ਜੋ ਉਮੀਦਵਾਰਾਂ ਨੂੰ ਪ੍ਰੀਖਿਆ ਲਈ ਪ੍ਰਭਾਵਸ਼ਾਲੀ ਢੰਗ ਨਾਲ ਤਿਆਰੀ ਕਰਨ ਵਿੱਚ ਮਦਦ ਕੀਤੀ ਜਾ ਸਕੇ।

ਉਮੀਦਵਾਰਾਂ ਨੂੰ ਉਤਸ਼ਾਹਿਤ ਕਰਦੇ ਹੋਏ, ਉਨ੍ਹਾਂ ਕਿਹਾ ਕਿ ਤਿਆਰੀ ਦਾ ਹਰ ਕਦਮ ਉਨ੍ਹਾਂ ਨੂੰ ਸਨਮਾਨ, ਹਿੰਮਤ ਅਤੇ ਮਾਣ ਨਾਲ ਦੇਸ਼ ਦੀ ਸੇਵਾ ਕਰਨ ਦੇ ਨੇੜੇ ਲਿਆਉਂਦਾ ਹੈ।

# ਖੇਤੀ ਮਾਹਿਰਾਂ ਵੱਲੋਂ ਕਾਲੇ ਬਿੱਲੇ ਲਾ ਕੇ ਪੰਜਾਬ ਸਰਕਾਰ ਵਿਰੁੱਧ ਰੋਸ ਪ੍ਰਦਰਸ਼ਨ



ਕਾਹਨੂੰਵਾਨ, 18 ਮਈ
-ਕੌਮੀ ਪੱਤ੍ਰਿਕਾ ਬਿਊਰੋ-

ਪੰਜਾਬ ਸਰਕਾਰ ਵੱਲੋਂ ਖੇਤੀਬਾੜੀ ਵਿਭਾਗ ਦੇ ਮੁਲਾਜ਼ਮਾਂ ਦੀਆਂ ਜਾਇਜ਼ ਮੰਗਾਂ ਨੂੰ ਲਗਾਤਾਰ ਅਣਗੌਲਿਆ ਕਰਨ ਦੇ ਰੋਸ ਵਜੋਂ ਪੰਜਾਬ ਭਰ ਦੇ ਖੇਤੀਬਾੜੀ ਵਿਕਾਸ ਅਫ਼ਸਰਾਂ, ਬਾਗਬਾਨੀ ਵਿਕਾਸ ਅਫ਼ਸਰਾਂ, ਸਹਾਇਕ ਡਾਇਰੈਕਟਰ ਬਾਗਬਾਨੀ ਅਤੇ ਖੇਤੀਬਾੜੀ ਅਫ਼ਸਰਾਂ ਵੱਲੋਂ ਕਾਲੇ ਬਿੱਲੇ ਲਾ ਕੇ ਸਰਕਾਰ ਵਿਰੁੱਧ ਰੋਸ ਪ੍ਰਗਟਾਇਆ ਗਿਆ।ਇਸ ਮੌਕੇ ਪਲਾਂਟ ਡਾਕਟਰਜ਼ ਸਰਵਿਸਜ਼ ਐਸੋਸੀਏਸ਼ਨ ਪੰਜਾਬ ਦੇ ਨੁਮਾਇੰਦਿਆਂ ਨੇ ਦੱਸਿਆ ਕਿ ਆਪਣੀਆਂ ਮੰਗਾਂ ਸਬੰਧੀ ਕਈ ਵਾਰ ਸਰਕਾਰ ਨਾਲ ਮੀਟਿੰਗਾਂ ਕੀਤੀਆਂ ਗਈਆਂ, ਪਰ ਮੌਜੂਦਾ ਸਰਕਾਰ ਵੱਲੋਂ ਖੇਤੀ ਮਾਹਿਰਾਂ ਦੀਆਂ ਜਾਇਜ਼ ਮੰਗਾਂ ਵੱਲ ਕੋਈ ਧਿਆਨ ਨਹੀਂ ਦਿੱਤਾ ਗਿਆ। ਉਨ੍ਹਾਂ ਕਿਹਾ ਕਿ ਵਿਭਾਗ ਵਿੱਚ ਵੱਖ-ਵੱਖ ਕੇਡਰਾਂ ਦੀਆਂ ਵੱਡੀ ਗਿਣਤੀ ਵਿੱਚ ਅਸਾਮੀਆਂ ਖਾਲੀ ਪਈਆਂ ਹਨ, ਜਿਸ ਕਾਰਨ ਕਿਸਾਨਾਂ ਤੱਕ ਪਹੁੰਚਣ ਵਾਲੀਆਂ ਖੇਤੀ ਪਸਾਰ ਸੇਵਾਵਾਂ ਬੁਰੀ ਤਰ੍ਹਾਂ ਪ੍ਰਭਾਵਿਤ ਹੋ ਰਹੀਆਂ ਹਨ। ਐਸੋਸੀਏਸ਼ਨ ਦੇ ਨੁਮਾਇੰਦਿਆਂ ਨੇ ਦੋਸ਼ ਲਗਾਇਆ ਕਿ ਸਰਕਾਰ ਵੱਲੋਂ ਖਾਲੀ ਅਸਾਮੀਆਂ 'ਤੇ ਭਰਤੀ ਨਾ ਕਰਨਾ ਅਤੇ ਬਣਦੀਆਂ ਤਰੱਕੀਆਂ ਨਾ ਦੇਣਾ ਕਾਰਪੋਰੇਟਾਂ ਲਈ ਖੇਤੀ ਪਸਾਰ ਸੇਵਾਵਾਂ 'ਤੇ ਕਬਜ਼ਾ ਕਰਨ ਦਾ ਰਾਹ ਪੱਧਰਾ ਕਰ ਰਿਹਾ ਹੈ। ਉਨ੍ਹਾਂ ਇਹ ਵੀ ਕਿਹਾ ਕਿ ਪਿਛਲੀਆਂ ਸਰਕਾਰਾਂ ਵੱਲੋਂ ਖੇਤੀ ਮਾਹਿਰਾਂ ਦੀ ਪੇ-ਪੈਰਿਟੀ ਵੈਟਰਨਰੀ ਅਫ਼ਸਰਾਂ ਨਾਲ ਜੋੜੀ ਹੋਈ ਸੀ, ਪਰ ਮੌਜੂਦਾ ਸਰਕਾਰ ਵੱਲੋਂ ਇਸ ਨੂੰ ਤੋੜ ਕੇ ਖੇਤੀ ਪਸਾਰ ਸੇਵਾਵਾਂ ਦੇ ਮਿਆਰ ਨੂੰ ਘਟਾਇਆ ਜਾ ਰਿਹਾ ਹੈ।

ਐਸੋਸੀਏਸ਼ਨ ਵੱਲੋਂ ਦਿੱਤੀ ਕਾਲ ਅਨੁਸਾਰ ਅੱਜ ਪੰਜਾਬ ਭਰ ਵਿੱਚ ਖੇਤੀਬਾੜੀ ਵਿਕਾਸ ਅਫ਼ਸਰਾਂ, ਬਾਗਬਾਨੀ ਵਿਕਾਸ ਅਫ਼ਸਰਾਂ, ਸਹਾਇਕ ਡਾਇਰੈਕਟਰ ਬਾਗਬਾਨੀ ਅਤੇ ਖੇਤੀਬਾੜੀ ਅਫ਼ਸਰਾਂ ਨੇ ਵੱਖ-ਵੱਖ ਪਿੰਡਾਂ ਵਿੱਚ ਲਗਾਏ ਕਿਸਾਨ ਸਿਖਲਾਈ ਕੈਂਪਾਂ, ਫ਼ੀਲਡ ਗਤੀਵਿਧੀਆਂ ਅਤੇ ਦਫ਼ਤਰੀ ਕੰਮਕਾਜ ਦੌਰਾਨ ਕਾਲੇ ਬਿੱਲੇ ਲਾ ਕੇ ਲੋਕਾਂ ਵਿੱਚ ਵਿਚਰਦਿਆਂ ਆਪਣਾ ਰੋਸ ਦਰਜ ਕਰਵਾਇਆ।

ਐਸੋਸੀਏਸ਼ਨ ਦੇ ਆਗੂਆਂ ਡਾ. ਹਰਮਨਦੀਪ ਸਿੰਘ ਘੁੰਮਣ, ਸਤਵਿੰਦਰਬੀਰ ਸਿੰਘ, ਮਨਜਿੰਦਰ ਸਿੰਘ, ਸੁਖਚੈਨ ਸਿੰਘ, ਗੁਰਲਵਲੀਨ ਸਿੰਘ ਰਾਣਾ, ਜਸਪਾਲ ਸਿੰਘ ਧੰਜੂ, ਵਿਕਰਾਂਤ ਅਤੇ ਅਮਨਪ੍ਰੀਤ ਸਿੰਘ ਨੇ ਕਿਹਾ ਕਿ ਅਗਲੇ ਇੱਕ ਹਫ਼ਤੇ ਤੱਕ ਇਸੇ ਤਰ੍ਹਾਂ ਕਾਲੇ ਬਿੱਲੇ ਲਾ ਕੇ ਰੋਸ ਪ੍ਰਦਰਸ਼ਨ ਜਾਰੀ ਰਹੇਗਾ।

ਉਨ੍ਹਾਂ ਚੇਤਾਵਨੀ ਦਿੱਤੀ ਕਿ ਜੇਕਰ ਸਰਕਾਰ ਵੱਲੋਂ ਮੰਗਾਂ ਵੱਲ ਜਲਦ ਧਿਆਨ ਨਾ ਦਿੱਤਾ ਗਿਆ ਤਾਂ ਹੋਰ ਵੱਡੇ ਪੱਧਰ 'ਤੇ ਸੰਘਰਸ਼ ਕੀਤਾ ਜਾਵੇਗਾ।

# ਸਸਸਸ ਗੱਜੂਮਾਜਰਾ ਦੀਆਂ ਵਿਦਿਆਰਥਣਾਂ ਨੇ ਸਕੂਲ ਦਾ ਨਾਮ ਚਮਕਾਇਆ



ਪਟਿਆਲਾ, 18 ਮਈ
-ਕੌਮੀ ਪੱਤ੍ਰਿਕਾ ਬਿਊਰੋ-

ਪ੍ਰਿੰਸੀਪਲ ਦਿਆਲ ਸਿੰਘ ਨੇ ਦੱਸਿਆ ਕਿ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਤੇ ਜਿਲਾ ਸਿੱਖਿਆ ਅਫਸਰ ਸੈਕੰਡਰੀ ਸੰਜੀਵ ਸ਼ਰਮਾ,ਉਪ ਜ਼ਿਲ੍ਹਾ ਸਿੱਖਿਆ ਅਫਸਰ ਡਾ ਰਵਿੰਦਰਪਾਲ ਸ਼ਰਮਾਂ ਦੇ ਤਾਲਮੇਲ ਨਾਲ ਸਕੂਲ ਦਾ ਨਤੀਜਾ 100 ? ਰਿਹਾ।ਅੱਠਵੀਂ ਜਮਾਤ ਵਿੱਚੋ ਮਨਦੀਪ ਕੌਰ 92.33% ਨਾਲ ਪਹਿਲਾ ਸਥਾਨ,ਸਿਮਰਨਜੀਤ ਕੌਰ ਨੇ 89.6% ਨਾਲ ਦੂਜਾ ਸਥਾਨ ਤੇ ਅਮਨਦੀਪ ਸਿੰਘ ਨੇ 84.3% ਨਾਲ ਤੀਜਾ ਸਥਾਨ ਪ੍ਰਾਪਤ ਕੀਤਾ। ਦਸਵੀਂ ਜਮਾਤ ਵਿੱਚੋਂ ਮੰਨਤ ਨੇ 78% ਅੰਕ ਪ੍ਰਾਪਤ ਕਰਕੇ ਪਹਿਲਾ ਸਥਾਨ,ਮਨਪ੍ਰੀਤ ਕੌਰ ਨੇ 77% ਨਾਲ ਦੂਜਾ ਸਥਾਨ,ਹਰਮਨਪ੍ਰੀਤ ਕੌਰ ਨੇ 75% ਨਾਲ ਤੀਜਾ ਸਥਾਨ ਪ੍ਰਾਪਤ ਕੀਤਾ।ਬਾਰਵੀਂ ਜਮਾਤ ਆਰਟਸ ਗਰੁੱਪ ਵਿੱਚੋਂ ਰਮਨਦੀਪ ਕੌਰ ਨੇ 89.4% ਨਾਲ ਪਹਿਲਾ ਸਥਾਨ,ਪ੍ਰਭਜੋਤ ਕੌਰ ਨੇ 85.4% ਨਾਲ ਦੂਜਾ ਸਥਾਨ ਅਮਨਿੰਦਰ ਕੌਰ ਨੇ 79.6% ਨਾਲ ਤੀਜਾ ਸਥਾਨ,ਬਾਰਵੀਂ ਜਮਾਤ ਦੇ ਵੋਕੇਸ਼ਨਲ ਮਾਰਕੀਟਿੰਗ ਗਰੁੱਪ ਵਿੱਚੋਂ ਜਸਪ੍ਰੀਤ ਕੌਰ ਨੇ 85.2% ਨਾਲ ਪਹਿਲਾ ਸਥਾਨ,ਗੁਰਤਾਜ ਸਿੰਘ ਨੇ 84.4% ਨਾਲ ਦੂਜਾ ਸਥਾਨ ਤੇ ਲਖਵੀਰ ਕੌਰ ਨੇ 84.2% ਨਾਲ ਤੀਜਾ ਸਥਾਨ ਪ੍ਰਾਪਤ ਕੀਤਾ। ਇਸ ਦੇ ਨਾਲ ਹੀ ਜਸ਼ਨਦੀਪ ਕੌਰ ਸਪੁੱਤਰੀ ਹੰਸਰਾਜ ਤੇ ਰਮਨਦੀਪ ਕੌਰ ਸਪੁੱਤਰੀ ਜੋਗਾ ਸਿੰਘ ਨੇ ਯੰਤਰ ਇੰਡੀਆ ਲਿਮਿਟਡ,ਭਾਰਤ ਸਰਕਾਰ ਦੇ ਉਦਯੋਗ ਜੋ ਕਿ ਰੱਖਿਆ ਮੰਤਰਾਲੇ ਦੇ ਅਧੀਨ ਹੈ ਵਿੱਚ ਨੌਕਰੀ ਪ੍ਰਾਪਤ ਕਰਕੇ ਸਕੂਲ ਦਾ ਅਤੇ ਆਪਣੇ ਮਾਪਿਆਂ ਦਾ ਨਾਮ ਚਮਕਾਇਆ।ਸਕੂਲ ਦੇ ਪ੍ਰਿੰਸੀਪਲ ਦਿਆਲ ਸਿੰਘ ਤੇ ਐਸਐਮਸੀ ਚੇਅਰਮੈਨ ਗੁਰਮੀਤ ਰਾਮ,ਵਾਈਸ ਚੇਅਰਮੈਨ ਕੁਲਦੀਪ ਸਿੰਘ ਨੇ ਸਾਰੇ ਸਟਾਫ ਤੇ ਵਿਦਿਆਰਥੀਆਂ ਨੂੰ ਵਧਾਈ ਦਿੱਤੀ।ਇਸ ਮੌਕੇ ਤੇ ਰਣਵੀਰ ਸਿੰਘ,ਸੁਖਰਾਜ ਕੁਮਾਰ, ਕਮਲਪ੍ਰੀਤ,ਗੁਰਪਿੰਦਰ ਕੌਰ, ਪੁਨੀਤ ਸਿੰਗਲਾ,ਹਰਵਿੰਦਰ ਸਿੰਘ,ਬਲਵਿੰਦਰ ਕੌਰ, ਜਸਪ੍ਰਿਸ ਸਿੰਘ,ਰਾਜਵੀਰ ਕੌਰ, ਅਮਨਦੀਪ ਕੌਰ,ਪ੍ਰਭਜੋਤ ਕੌਰ, ਜਸਵਿੰਦਰ ਕੌਰ,ਮਨਪ੍ਰੀਤ ਕੌਰ, ਮਨਵਿੰਦਰ ਕੌਰ,ਸ਼ੁਭਪ੍ਰੀਤ ਕੌਰ,ਚੈਰੀ ਰਾਣੀ, ਅਜੇ ਸ਼ਰਮਾ, ਕੁਲਦੀਪ ਸਿੰਘ,ਪ੍ਰੈਸ ਇੰਚਾਰਜ ਜਸਵਿੰਦਰ ਸਿੰਘ ਹਾਜ਼ਰ ਸਨ।

# ਹਲਕਾ ਆਤਮ ਨਗਰ ਵਿੱਚ 'ਰਾਮਗੜ੍ਹੀਆ ਚਿਹਰੇ' 'ਤੇ ਦਾਅ ਖੇਡ ਸਕਦੀ ਹੈ ਭਾਜਪਾ

ਲੁਧਿਆਣਾ, 18 ਮਈ
-ਕੌਮੀ ਪੱਤ੍ਰਿਕਾ ਬਿਊਰੋ-

2027 ਦੀਆਂ ਵਿਧਾਨ ਸਭਾ ਚੋਣਾਂ ਨੂੰ ਲੈ ਕੇ ਹਲਕਾ ਆਤਮ ਨਗਰ ਵਿੱਚ ਰਾਜਨੀਤਿਕ ਸਰਗਰਮੀਆਂ ਤੇਜ਼ ਹੋਣ ਲੱਗੀਆਂ ਹਨ। ਇਲਾਕੇ ਵਿੱਚ ਇਹ ਚਰਚਾ ਜ਼ੋਰਾਂ 'ਤੇ ਹੈ ਕਿ ਭਾਜਪਾ ਇਸ ਵਾਰ ਰਾਮਗੜ੍ਹੀਆ ਭਾਈਚਾਰੇ ਨਾਲ ਸੰਬੰਧਿਤ ਕਿਸੇ ਮਜ਼ਬੂਤ ਅਤੇ ਪ੍ਰਭਾਵਸ਼ਾਲੀ ਚਿਹਰੇ ਨੂੰ ਚੋਣ ਮੈਦਾਨ ਵਿੱਚ ਉਤਾਰ ਸਕਦੀ ਹੈ।



ਹਲਕਾ ਆਤਮ ਨਗਰ ਨੂੰ ਸਮਾਲ ਸਕੇਲ ਇੰਡਸਟਰੀ ਦਾ ਕੇਂਦਰ ਮੰਨਿਆ ਜਾਂਦਾ ਹੈ, ਜਿੱਥੇ ਵੱਡੀ ਗਿਣਤੀ ਵਿੱਚ ਰਾਮਗੜ੍ਹੀਆ ਭਾਈਚਾਰੇ ਨਾਲ ਸੰਬੰਧਿਤ ਲੋਕ ਉਦਯੋਗ ਅਤੇ ਕਾਰੋਬਾਰ ਨਾਲ ਜੁੜੇ ਹੋਏ ਹਨ। ਇਲਾਕੇ ਵਿੱਚ ਇਸ ਭਾਈਚਾਰੇ ਦੀ ਮਜ਼ਬੂਤ ਆਬਾਦੀ ਅਤੇ ਸਮਾਜਿਕ ਪ੍ਰਭਾਵ ਹੋਣ ਦੇ ਬਾਵਜੂਦ ਪਿਛਲੇ ਕੁਝ ਸਾਲਾਂ ਦੌਰਾਨ ਵੱਡੀਆਂ ਰਾਜਨੀਤਿਕ ਪਾਰਟੀਆਂ ਵੱਲੋਂ ਉਨ੍ਹਾਂ ਨੂੰ ਉਚਿਤ ਪ੍ਰਤੀਨਿਧਿਤਾ ਨਾ ਦੇਣ ਦੀ ਚਰਚਾ ਰਹੀ ਹੈ।

2022 ਦੀਆਂ ਵਿਧਾਨ ਸਭਾ ਚੋਣਾਂ ਅਤੇ ਨਗਰ ਨਿਗਮ ਚੋਣਾਂ ਦੌਰਾਨ ਵੀ ਰਾਮਗੜ੍ਹੀਆ ਭਾਈਚਾਰੇ ਨੂੰ ਉਮੀਦਾਂ ਅਨੁਸਾਰ ਤਰਜੀਹ ਨਾ ਮਿਲਣ ਕਾਰਨ ਭਾਈਚਾਰੇ ਦਾ ਇੱਕ ਵੱਡਾ ਹਿੱਸਾ ਰਵਾਇਤੀ ਪਾਰਟੀਆਂ ਤੋਂ ਨਾਰਾਜ਼ ਦਿਖਾਈ ਦਿੱਤਾ। ਅਜਿਹੇ ਹਾਲਾਤਾਂ ਵਿੱਚ ਭਾਜਪਾ ਇਸ ਨਾਰਾਜ਼ਗੀ ਨੂੰ ਆਪਣੇ ਹੱਕ ਵਿੱਚ ਬਦਲਣ ਦੀ ਰਣਨੀਤੀ 'ਤੇ ਕੰਮ ਕਰ ਰਹੀ ਹੈ।

ਸੂਤਰਾਂ ਅਨੁਸਾਰ ਭਾਜਪਾ ਵੱਲੋਂ ਰਾਮਗੜ੍ਹੀਆ ਭਾਈਚਾਰੇ ਦੀਆਂ ਉੱਘੀਆਂ ਸ਼ਖਸੀਅਤਾਂ ਨਾਲ ਲਗਾਤਾਰ ਮੀਟਿੰਗਾਂ ਕੀਤੀਆਂ ਜਾ ਰਹੀਆਂ ਹਨ। ਇਨ੍ਹਾਂ ਮੀਟਿੰਗਾਂ ਵਿੱਚ ਮੌਜੂਦਾ ਅਤੇ ਸਾਬਕਾ ਕੌਂਸਲਰਾਂ ਤੋਂ ਇਲਾਵਾ ਰਾਮਗੜ੍ਹੀਆ ਵਿਸ਼ਵਕਰਮਾ ਭਾਈ ਲਾਲੋ ਜੀ ਸੁਸਾਇਟੀ ਦੇ ਆਗੂ ਵੀ ਸ਼ਾਮਲ ਹੋ ਰਹੇ ਹਨ। ਰਾਜਨੀਤਿਕ ਗਲਿਆਰਿਆਂ ਵਿੱਚ ਇਹ ਵੀ ਚਰਚਾ ਹੈ ਕਿ ਭਾਜਪਾ ਦੇ ਜ਼ਿਲ੍ਹਾ ਪ੍ਰਧਾਨ ਰਜਨੀਸ਼ ਧੀਮਾਨ ਨੂੰ ਵੀ ਹਲਕਾ ਆਤਮ ਨਗਰ ਤੋਂ ਚੋਣ ਮੈਦਾਨ ਵਿੱਚ ਉਤਾਰਿਆ ਜਾ ਸਕਦਾ ਹੈ। ਰਾਜਨੀਤਿਕ ਵਿਸ਼ਲੇਸ਼ਕਾਂ ਦਾ ਮੰਨਣਾ ਹੈ ਕਿ ਜੇਕਰ ਭਾਜਪਾ ਰਾਮਗੜ੍ਹੀਆ ਭਾਈਚਾਰੇ ਨਾਲ ਸੰਬੰਧਿਤ ਕਿਸੇ ਮਜ਼ਬੂਤ ਅਤੇ ਲੋਕਪ੍ਰਿਯ ਉਮੀਦਵਾਰ ਨੂੰ ਟਿਕਟ ਦਿੰਦੀ ਹੈ ਤਾਂ ਪਾਰਟੀ ਨੂੰ ਹਲਕੇ ਵਿੱਚ ਵੱਡਾ ਚੋਣੀ ਲਾਭ ਮਿਲ ਸਕਦਾ ਹੈ।

ਫਿਲਹਾਲ ਇਹ ਤਾਂ ਆਉਣ ਵਾਲਾ ਸਮਾਂ ਹੀ ਦੱਸੇਗਾ ਕਿ ਭਾਜਪਾ ਕਿਸ ਚਿਹਰੇ 'ਤੇ ਦਾਅ ਖੇਡਦੀ ਹੈ, ਪਰ ਇਲਾਕੇ ਵਿੱਚ ਰਾਮਗੜ੍ਹੀਆ ਭਾਈਚਾਰੇ ਨੂੰ ਲੈ ਕੇ ਰਾਜਨੀਤਿਕ ਚਰਚਾ ਜ਼ਰੂਰ ਤੇਜ਼ ਹੋ ਚੁੱਕੀ ਹੈ।

# ਇੰਟਰਨੈਸ਼ਨਲ ਭਾਈ ਮਰਦਾਨਾ ਸੁਸਾਇਟੀ ਵਲੋਂ ਸੇਵਾ, ਸਿੱਖਿਆ ਅਤੇ ਸਿਹਤ ਖੇਤਰਾਂ ਵਿੱਚ ਵਡਮੁੱਲੇ ਯੋਗਦਾਨ ਲਈ ਹਰਮੀਤ ਸਿੰਘ ਕਾਲਕਾ ਸਨਮਾਨਿਤ

ਨਵੀਂ ਦਿੱਲੀ, 18 ਮਈ
-ਕੌਮੀ ਪੱਤ੍ਰਿਕਾ ਬਿਊਰੋ-

ਸਿੱਖ ਕੌਮ ਦੀ ਸੇਵਾ, ਗੁਰਦੁਆਰਾ ਪ੍ਰਬੰਧਾਂ ਵਿੱਚ ਸੁਧਾਰ ਅਤੇ ਲੋਕ ਭਲਾਈ ਦੇ ਖੇਤਰਾਂ ਵਿੱਚ ਕੀਤੇ ਜਾ ਰਹੇ ਵਿਲੱਖਣ ਯੋਗਦਾਨ ਲਈ ਇੰਟਰਨੈਸ਼ਨਲ ਭਾਈ ਮਰਦਾਨਾ ਸੁਸਾਇਟੀ ਵੱਲੋਂ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸਰਦਾਰ ਹਰਮੀਤ ਸਿੰਘ ਕਾਲਕਾ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ।



ਇਸ ਮੌਕੇ ਸੁਸਾਇਟੀ ਦੇ ਪ੍ਰਧਾਨ ਜਗਜੀਤ ਸਿੰਘ ਭੁੱਲਰ ਅਤੇ ਅਹੁਦੇਦਾਰਾਂ ਨੇ ਕਿਹਾ ਕਿ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਸਿਰਫ਼ ਗੁਰਦੁਆਰਿਆਂ ਦੀ ਸੰਭਾਲ ਅਤੇ ਪ੍ਰਬੰਧਨ ਤੱਕ ਹੀ ਸੀਮਿਤ ਨਹੀਂ ਰਹੀ, ਸਗੋਂ ਸਿੱਖਿਆ, ਸਿਹਤ ਸੰਭਾਲ ਅਤੇ ਸਮਾਜਿਕ ਭਲਾਈ ਦੇ ਖੇਤਰਾਂ ਵਿੱਚ ਵੀ ਇਤਿਹਾਸਕ ਸੇਵਾਵਾਂ ਨਿਭਾ ਰਹੀ ਹੈ। ਉਨ੍ਹਾਂ ਕਿਹਾ ਕਿ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਆਮ ਲੋਕਾਂ ਤੱਕ ਮਿਆਰੀ ਸਹੂਲਤਾਂ ਪਹੁੰਚਾਉਣ ਲਈ ਲਗਾਤਾਰ ਨਵੇਂ ਉਪਰਾਲੇ ਕੀਤੇ ਜਾ ਰਹੇ ਹਨ।

ਉਨ੍ਹਾਂ ਦੱਸਿਆ ਕਿ ਸਰਦਾਰ ਹਰਮੀਤ ਸਿੰਘ ਕਾਲਕਾ ਦੀ ਦੂਰਦਰਸ਼ੀ ਅਗਵਾਈ ਹੇਠ ਗੁਰਦੁਆਰਾ ਪ੍ਰਬੰਧਾਂ ਵਿੱਚ ਪਾਰਦਰਸ਼ਤਾ, ਅਨੁਸ਼ਾਸਨ ਅਤੇ ਆਧੁਨਿਕ ਸਹੂਲਤਾਂ ਵਿੱਚ ਵੱਡੇ ਪੱਧਰ ਤੇਮ ਵਾਧਾ ਹੋਇਆ ਹੈ।

ਉਨਾਂ ਦਸਿਆ ਕਿ ਸੰਗਤਾਂ ਨੂੰ ਹੋਰ ਵਧੀਆ ਸੇਵਾਵਾਂ ਮੁਹਈਆ ਕਰਵਾਉਣ ਲਈ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਦਿਨ-ਰਾਤ ਯਤਨ ਕੀਤੇ ਜਾ ਰਹੇ ਹਨ, ਜਿਸ ਕਾਰਨ ਸੰਗਰ ਦਾ ਵਿਸ਼ਵਾਸ ਹੋਰ ਮਜ਼ਬੂਤ ਹੋਇਆ ਹੈ।

ਸੁਸਾਇਟੀ ਦੇ ਪ੍ਰਧਾਨ ਨੇ ਕਿਹਾ ਕਿ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸਿੱਖਿਆ ਦੇ ਖੇਤਰ ਵਿੱਚ ਵਿਦਿਆਰਥੀਆਂ ਲਈ ਅਤੇ ਸਿਹਤ ਸੰਭਾਲ ਦੇ ਖੇਤਰ ਵਿੱਚ ਆਮ ਲੋਕਾਂ ਲਈ ਜੋ ਸੇਵਾਵਾਂ ਮੁਹੱਈਆ ਕਰਵਾਈਆਂ ਜਾ ਰਹੀਆਂ ਹਨ, ਉਹ ਸਮਾਜ ਲਈ ਪ੍ਰੇਰਣਾਦਾਇਕ ਹਨ। ਉਨ੍ਹਾਂ ਕਿਹਾ ਕਿ ਇਹ ਉਪਰਾਲੇ ਮਨੁੱਖਤਾ ਦੀ ਸੇਵਾ ਦੇ ਸਿੱਖ ਸਿਧਾਂਤਾਂ ਨੂੰ ਹੋਰ ਮਜ਼ਬੂਤੀ ਨਾਲ ਅੱਗੇ ਵਧਾ ਰਹੇ ਹਨ।

ਇਸ ਮੌਕੇ ਸਰਦਾਰ ਹਰਮੀਤ ਸਿੰਘ ਕਾਲਕਾ ਨੇ ਇੰਟਰਨੈਸ਼ਨਲ ਭਾਈ ਮਰਦਾਨਾ ਸੁਸਾਇਟੀ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਹ ਸੰਗਤਾਂ ਦੇ ਸਹਿਯੋਗ ਨਾਲ ਧਾਰਮਿਕ, ਵਿਦਿਅਕ ਅਤੇ ਸਮਾਜਿਕ ਸੇਵਾਵਾਂ ਨੂੰ ਹੋਰ ਵਿਸਥਾਰ ਦੇਣ ਲਈ ਵਚਨਬੱਧ ਹਨ।

# ਸੜਕਾਂ ਦਾ ਵਿਛਿਆ ਜਾਲ ਵਿਧਾਇਕ ਦੇਵ ਮਾਨ ਵੱਲੋਂ ਕੀਤਾ ਗਿਆ ਉਦਘਾਟਨ



ਨਾਭਾ, 18 ਮਈ
-ਕੌਮੀ ਪੱਤ੍ਰਿਕਾ ਬਿਊਰੋ-

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਲਗਾਤਾਰ ਪੰਜਾਬ ਵਿੱਚ ਨਵੀਆਂ ਸੜਕਾਂ ਦੇ ਜਾਲ ਵਿਛਾਏ ਜਾ ਰਹੇ ਇਸ ਲੜੀ ਤਹਿਤ ਹਲਕਾ ਨਾਭਾ ਵਿੱਚ ਵੀ ਨਵੀਆਂ ਸੜਕਾਂ ਬਣਾਈਆਂ ਜਾ ਰਹੀਆਂ ਜਿਸ ਹਲਕਾ ਦੇ ਪਿੰਡ ਵਜੀਦੜੀ ਤੋਂ ਪਿੰਡ ਨਾਨੋਵਾਲ 2. 45 ਕਿਲੋਮੀਟਰ ਲੰਬੀ ਸੜਕ ਦਾ ਉਦਘਾਟਨ ਗੁਰਦੇਵ ਸਿੰਘ ਦੇਵ ਮਾਨ ਐਮ ਐਲ ਏ ਨਾਭਾ ਨਾਭਾ ਵੱਲੋਂ ਕੀਤਾ ਗਿਆ ਉਨ੍ਹਾਂ ਦੱਸਿਆ ਕਿ ਇਹ ਸੜਕ ਪਹਿਲੀ ਵਾਰ ਬਣ ਰਹੀ ਹੈ ਇਸ ਉਪਰ ਤਕਰੀਬਨ 1 ਕਰੋੜ 20 ਲੱਖ ਰੁਪਏ ਦੀ ਲਾਗਤ ਨਾਲ ਤਿਆਰ ਹੋਵੇਗੀ ਇਸ ਮੌਕੇ ਪਿੰਡ ਵਾਸੀਆਂ ਵੱਲੋਂ ਵਿਧਾਇਕ ਗੁਰਦੇਵ ਸਿੰਘ ਦੇਵ ਮਾਨ ਦਾ ਧੰਨਵਾਦ ਕੀਤਾ ਗਿਆ ਅਤੇ ਲੋਕਾਂ ਵੱਲੋਂ ਖ਼ੁਸ਼ੀ ਵਿੱਚ ਖੁਸ਼ੀ ਦੀ ਲਹਿਰ ਲੱਡੂ ਵੰਡੇ ਗਏ ਇਸ ਮੌਕੇ ਅਮਨਦੀਪ ਸਿੰਘ ਸਰਪੰਚ , ਰਾਮ ਸਿੰਘ ਭੰਗੂ ਪੰਚ , ਰਾਮ ਸਿੰਘ ਪੰਚ , ਸੁਖਦੀਪ ਸਿੰਘ ਪੰਚਗੁਰਪ੍ਰੀਤ ਸਿੰਘ ਪੰਚ , ਏਕਉਮਕਾਰ ਸਿੰਘ ਪੰਚ , ਜਸਪਾਲ ਸਿੰਘ ਸਾਬਕਾ ਸਰਪੰਚ, ਮਲਕੀਤ ਸਿੰਘ ਨੰਬਰਦਾਰ , ਕੁਲਵਿੰਦਰ ਸਿੰਘ ਪ੍ਰਧਾਨ ਕੋਪਰੇਟ ਸੋਸਾਇਟੀ ਮਟੋਰੜਾ , ਜੋਗਿੰਦਰ ਸਿੰਘ ਸਾਬਕਾ ਸਰਪੰਚ ,ਜੀਵਨ ਸਿੰਘ ਭੰਗੂ ,ਨਿਰਮਲ ਸਿੰਘ , ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਲਗਾਤਾਰ ਪੰਜਾਬ ਵਿੱਚ ਨਵੀਆਂ ਸੜਕਾਂ ਦੇ ਜਾਲ ਵਿਛਾਏ ਜਾ ਰਹੇ ਇਸ ਲੜੀ ਤਹਿਤ ਹਲਕਾ ਨਾਭਾ ਵਿੱਚ ਵੀ ਨਵੀਆਂ ਸੜਕਾਂ ਬਣਾਈਆਂ ਜਾ ਰਹੀਆਂ ਜਿਸ ਹਲਕਾ ਦੇ ਪਿੰਡ ਵਜੀਦੜੀ ਤੋਂ ਪਿੰਡ ਨਾਨੋਵਾਲ 2. 45 ਕਿਲੋਮੀਟਰ ਲੰਬੀ ਸੜਕ ਦਾ ਉਦਘਾਟਨ ਮਨਦੀਪ ਸਿੰਘ ਬਦੇਸ਼ਾ , ਸਰਬਜੀਤ ਸਿੰਘ ਖੱਟੜਾ , ਸਾਧਾ ਰਾਮ ਸ਼ਰਮਾ , ਮਨਪ੍ਰੀਤ ਸਿੰਘ ਸਵੈਚ , ਜਸਬੀਰ ਸਿੰਘ ਜੇ. ਈ. PWD , ਮਨਦੀਪ ਰਾਜਪੁਰਾ, ਸਿਮਰਨ ਅੜਕ ਚੋਹਾਨ , ਜਸਵੀਰ ਸਿੰਘ ਵਜੀਦਪੁਰ ਅਤੇ ਹੋਰ ਅਹੁਦੇਦਾਰਾਂ ਮੌਜੂਦ ਸਨ ।

# ਕੋਹਲੀ ਨੇ 1.50 ਕਰੋੜ ਦੀ ਲਾਗਤ ਨਾਲ ਸੜਕ ਦੀ ਕੀਤੀ ਸ਼ੁਰੂਆਤ



ਪਟਿਆਲਾ, 18 ਮਈ
-ਕੌਮੀ ਪੱਤ੍ਰਿਕਾ ਬਿਊਰੋ-

ਪਟਿਆਲਾ ਦੇ ਘਲੌੜੀ ਗੇਟ ਸਥਿਤ ਮੜੀਆਂ ਵਾਲੇ ਪੁਲ ਤੋਂ ਲੈ ਕੇ ਡਕਾਲਾ ਚੁੰਗੀ ਚੌਕ ਤੱਕ ਬਣਨ ਵਾਲੀ ਕਰੀਬ 1.70 ਕਰੋੜ ਰੁਪਏ ਦੀ ਲਾਗਤ ਵਾਲੀ ਸੜਕ ਦੇ ਨਿਰਮਾਣ ਕਾਰਜ ਦਾ ਉਦਘਾਟਨ ਅੱਜ ਪਟਿਆਲਾ ਦੇ ਵਿਧਾਇਕ ਅਜੀਤ ਪਾਲ ਸਿੰਘ ਕੋਹਲੀ ਵੱਲੋਂ ਕੀਤਾ ਗਿਆ।

ਵਿਧਾਇਕ ਕੋਹਲੀ ਨੇ ਕਿਹਾ ਕਿ ਇਲਾਕੇ ਦੇ ਲੋਕਾਂ ਨੂੰ ਲੰਬੇ ਸਮੇਂ ਤੋਂ ਖਰਾਬ ਸੜਕ ਕਾਰਨ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਸੀ, ਜਿਸ ਨੂੰ ਧਿਆਨ ਵਿੱਚ ਰੱਖਦੇ ਹੋਏ ਇਹ ਵਿਕਾਸ ਕਾਰਜ ਸ਼ੁਰੂ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਲੋਕਾਂ ਨੂੰ ਬਿਹਤਰ ਸੜਕਾਂ ਅਤੇ ਆਧੁਨਿਕ ਸੁਵਿਧਾਵਾਂ ਮੁਹੱਈਆ ਕਰਵਾਉਣ ਲਈ ਵਚਨਬੱਧ ਹੈ।

ਵਿਧਾਇਕ ਕੋਹਲੀ ਨੇ ਕਿਹਾ ਕਿ ਇਸ ਸੜਕ ਦੇ ਬਣਨ ਨਾਲ ਆਵਾਜਾਈ ਸੁਗਮ ਹੋਵੇਗੀ ਅਤੇ ਇਲਾਕੇ ਦੇ ਵਪਾਰੀਆਂ ਤੇ ਰਹਿਣ ਵਾਲੇ ਲੋਕਾਂ ਨੂੰ ਵੱਡੀ ਰਾਹਤ ਮਿਲੇਗੀ।

ਇਸ ਮੌਕੇ ਐਕਸੀਅਨ ਵਨੀਤ ਸਿੰਗਲਾ ਵਾਰਡ 33 ਦੀ ਐਮਸੀ ਗੀਤਾ ਰਾਣੀ, ਵਾਰਡ 40 ਦੇ ਇੰਚਾਰਜ ਗੁਰਪ੍ਰੀਤ ਗੂਰੀ, ਵਾਰਡ 39 ਦੀ ਇੰਚਾਰਜ ਜੋਤੀ, ਵਾਰਡ 35 ਤੋਂ ਰਮੇਸ਼ ਸਿੰਗਲਾ ਸਮੇਤ ਪੁਨੀਤ ਬੁੱਧੀਰਾਜਾ ਅਤੇ ਮਨਦੀਪ ਝੋਲਾ ਵੀ ਹਾਜ਼ਰ ਰਹੇ।

# ਨੌਜਵਾਨਾਂ ਨੇ ਆਪਣੇ ਵਿਛੜੇ ਸਾਥੀਆ ਰਣਬੀਰ ਹੈਪੀ ਅਤੇ ਮੱਖਣ ਰੋਗਲਾ ਦੀ ਯਾਦ ਵਿੱਚ ਖ਼ੂਨਦਾਨ ਕੈਂਪ ਲਗਾਇਆ



ਪਟਿਆਲਾ, 18 ਮਈ
-ਕੌਮੀ ਪੱਤ੍ਰਿਕਾ ਬਿਊਰੋ-

ਸਵਰਗੀ ਰਣਬੀਰ ਹੈਪੀ ਅਤੇ ਮੱਖਣ ਰੋਗਲਾ ਦੀ ਯਾਦ ਵਿੱਚ ਹਰ ਸਾਲ ਦੀ ਤਰ੍ਹਾਂ ਸੇਵੀ ਸੰਸਥਾਵਾ ਯੂਥ ਫੈਡਰੇਸ਼ਨ ਆਫ ਇੰਡੀਆ, ਪਾਵਰ ਹਾਊਸ ਯੂਥ ਕਲੱਬ,ਯੁਵਕ ਸੇਵਾਵਾਂ ਕਲੱਬ ਦੀਪ ਨਗਰ ਵਲੋਂ ਲਾਈਫ ਲਾਈਨ ਬਲੱਡ ਬੈਂਕ ਵਿਖੇ ਖੂਨਦਾਨ ਕੈਂਪ ਲਗਾਇਆ ਗਿਆ, ਜਿਸ ਵਿੱਚ ਮੁੱਖ ਮਹਿਮਾਨ ਡੀ ਐਸ ਪੀ ਸਮਾਣਾ ਫਤਿਹ ਸਿੰਘ ਬਰਾੜ ਨੇ ਸ਼ਿਰਕਤ ਕੀਤੀ ?। ਪ੍ਰੋਗਰਾਮ ਦੀ ਪ੍ਰਧਾਨਗੀ ਸੁਖਜਿੰਦਰ ਸਿੰਘ ਇੰਚਾਰਜ ਜ਼ਿਲ੍ਹਾ ਸਾਝ ਕੇਂਦਰ ਪਟਿਆਲਾ ਅਤੇ ਪਰਮਿੰਦਰ ਭਲਵਾਨ ਮੈਂਬਰ ਨਸ਼ਾ ਮੁਕਤ ਭਾਰਤ ਅਭਿਆਨ, ਮੈਂਬਰ ਜ਼ਿਲ੍ਹਾ ਸਾਂਝ ਕੇਂਦਰ ਪਟਿਆਲਾ, ਮੈਂਬਰ ਜ਼ਿਲ੍ਹਾ ਯੁਵਾ ਸਾਂਝ ਕਮੇਟੀ, ਮੈਂਬਰ ਵੂਮੈਨ ਕੌਸਲਿਗ ਸੈਲ ਨੇ ਕੀਤੀ। ਖੂਨਦਾਨ ਕੈਂਪ ਦਾ ਉਦਘਾਟਨ ਸਵਰਗੀ ਰਣਬੀਰ ਹੈਪੀ ਦੇ ਭਰਾਵਾਂ ਜਗਤਾਰ ਨਿੱਕਾ, ਸਤਬੀਰ ਕਾਲਾ ਅਤੇ ਸਵਰਗੀ ਮੱਖਣ ਰੋਗਲਾ ਦੇ ਭਰਾ ਕੁਲਵੰਤ ਸਿੰਘ ਸਾਬਕਾ ਸਰਪੰਚ ਰੋਗਲਾ ਨੇ ਖੁਦ ਖੂਨਦਾਨ ਕਰਕੇ ਕੀਤਾ।ਵਿਸ਼ੇਸ਼ ਤੌਰ ਤੇ ਰਛਪਾਲ ਸਿੰਘ ਸਾਬਕਾ ਈ ਟੀ ਓ,ਜਗਤਾਰ ਤੂਰ, ਗਵਰਨਰ ਐਵਾਰਡੀ ਜਤਵਿੰਦਰ ਗਰੇਵਾਲ, ਮਨਪ੍ਰੀਤ ਗਰੇਵਾਲ,ਵਰਿੰਦਰ ਮਾਜਰੀ ਅਕਾਲੀਆਂ,ਹੈਪੀ,ਉਦੇ ਸਿੰਘ,ਬਲਜੀਤ ਭਾਖਰ ,ਵਿਨੇ ਕੁਮਾਰ, ਉਪਕਾਰ ਸਿੰਘ, ਡਾਕਟਰ ਹਰਨੇਕ ਸਿੰਘ ਢੋਟ, ਮੰਗਤ ਰਾਮ ਮੰਗਾ,ਗੋਬਿੰਦ ਸਿੰਘ, ਸੁਖਦੇਵ ਸਿੰਘ ਢਿੱਲੋਂ ਲਲੋਡਾ,ਰਾਜੂ ਬਡੂੰਗਰ, ਗੁਰਪ੍ਰੀਤ ਸਿੰਘ ਸੁਨਾਮ, ਖੇਮਕਰਨ ਸਿੰਘ, ਗਗਨਦੀਪ ਸਿੰਘ, ਗੋਤਮ ਹਾਡਾ, ਹਰਵਿੰਦਰ ਚਲੈਲਾ, ਸੁਸ਼ੀਲ ਕੁਮਾਰ, ਸਨੀ ਸ਼ਰਮਾ,ਨੀਨੂ ਰੋਗਲਾ, ਵਿਨੋਦ ਕੁਮਾਰ,ਹੈਪੀ ਹੇਅਰ, ਮੋਹਰਦੀਨ ਖਾਨ ਲੰਗ, ਠੇਕੇਦਾਰ ਗੁਰਬਚਨ ਸਿੰਘ, ਨਜ਼ੀਰ ਮੁਹੰਮਦ, ਗੁਰਜੰਟ ਸਿਉਣਾ,ਰਾਜ ਕੁਮਾਰ,ਸੋਨੀ ਸੋਹਲ,ਹਰਮਨਜੀਤ ਸਿੰਘ ਰੰਧਾਵਾ, ਗੁਰਜੀਤ ਸਿੰਘ ਲੱਕੀ ਹਰਦਾਸਪੁਰ ਨੇ ਸ਼ਿਰਕਤ ਕੀਤੀ। ਇਸ ਮੌਕੇ ਸੰਬੋਧਨ ਕਰਦਿਆ ਡੀ ਐਸ ਪੀ ਸਮਾਣਾ ਫਤਿਹ ਸਿੰਘ ਬਰਾੜ ਨੇ ਕਿਹਾ ਕਿ ਨੌਜਵਾਨਾ ਵਲੋਂ ਵਿਛੜੇ ਸਾਥੀਆਂ ਰਣਬੀਰ ਹੈਪੀ ਅਤੇ ਮੱਖਣ ਰੋਗਲਾ ਦੀ ਯਾਦ ਵਿੱਚ ਖ਼ੂਨਦਾਨ ਕੈਂਪ ਲਗਾ ਕੇ ਉਨ੍ਹਾਂ ਨੂੰ ਸ਼ਰਧਾਂਜਲੀ ਭੇਟ ਕਰਨਾ ਸ਼ਲਾਘਾਯੋਗ ਉਪਰਾਲਾ ਹੈ। ਉਹਨਾਂ ਕਿਹਾ ਕਿ ਖੂਨਦਾਨੀ ਪ੍ਰਮਾਤਮਾ ਵਲੋਂ ਭੇਜੇ ਦੂਤਾ ਸਮਾਨ ਹਨ ਜੋ ਆਪਣਾ ਖੂਨ ਦੇ ਕੇ ਕਿਸੇ ਦੀ ਬੇਸ਼ਕੀਮਤੀ ਜਾਨਾਂ ਬਚਾਉਂਦੇ ਹਨ।ਉਹਨਾਂ ਕਿਹਾ ਕਿ ਖੂਨਦਾਨ ਕਰਨ ਨਾਲ ਕੋਈ ਸਰੀਰਕ ਕਮਜ਼ੋਰੀ ਨਹੀਂ ਆਉਂਦੀ ਸਗੋਂ ਸਰੀਰ ਤੰਦਰੁਸਤ ਰਹਿੰਦਾ ਹੈ।ਇਸ ਮੌਕੇ ਉਹਨਾਂ ਖੂਨਦਾਨੀਆਂ ਦੀ ਹੋਸਲਾ ਅਫਜ਼ਾਈ ਕਰਦਿਆਂ ਕਿਹਾ ਕਿ ਖੂਨਦਾਨ ਸਭ ਦਾਨਾ ਤੋ ਉੱਤਮ ਦਾਨ ਹੈ ਇਸ ਲਈ ਸਾਨੂੰ ਸਾਰਿਆਂ ਨੂੰ ਵੱਧ ਤੋਂ ਵੱਧ ਖੂਨਦਾਨ ਕਰਨ ਲਈ ਅੱਗੇ ਆਉਣਾ ਚਾਹੀਦਾ ਹੈ।ਇਸ ਮੌਕੇ ਲਾਈਫ ਲਾਇਨ ਬਲੱਡ ਬੈਂਕ ਵਲੋਂ ਡਾਕਟਰ ਅਰਸ਼ਪ੍ਰੀਤ ਕੌਰ ਅਤੇ ਸਾਗਰ ਅਰੋੜਾ ਦੀ ਟੀਮ ਵੱਲੋਂ ਬਲੱਡ ਇੱਕਤਰ ਕੀਤਾ ਗਿਆ।

# ਕ੍ਰੀਏਟਿਵ ਲੇਡੀਜ਼ ਕਲੱਬ ਵੱਲੋਂ ਨਾਰੀ ਸ਼ਕਤੀ ਨੂੰ ਸਮਰਪਿਤ ਸ਼ਾਨਦਾਰ ਸਮਾਗਮ

ਲੁਧਿਆਣਾ, 18 ਮਈ
-ਕੌਮੀ ਪੱਤ੍ਰਿਕਾ ਬਿਊਰੋ-

ਕ੍ਰੀਏਟਿਵ ਲੇਡੀਜ਼ ਕਲੱਬ ਵੱਲੋਂ ਮਈ ਮਹੀਨੇ ਦੀ ਥੀਮ ਸਾੜੀ ਵਿੱਚ ਨਜ਼ਾਕਤ, ਨਾਰੀ ਵਿੱਚ ਤਾਕਤ, ਨਾਰੀ ਦਾ ਸਨਮਾਨ, ਦੇਸ਼ ਦਾ ਅਭਿਮਾਨ ਦੇ ਤਹਿਤ ਸ਼ਾਨਦਾਰ ਅਤੇ ਮਨੋਰੰਜਕ ਸਮਾਗਮ ਕਰਵਾਇਆ ਗਿਆ।



ਸਮਾਗਮ ਡਾਇਰੈਕਟਰ ਮਿਸਿਜ਼ ਸੁਰਿੰਦਰ ਬੰਸਲ, ਚੇਅਰਪਰਸਨ ਮਿਸਿਜ਼ ਹਰਜੀਤ ਕੋਚਰ, ਪ੍ਰਧਾਨ ਮਿਸਿਜ਼ ਸਤਿੰਦਰ ਸੋਨੀ, ਵਾਈਸ ਪ੍ਰਧਾਨ ਮਿਸਿਜ਼ ਤਰਨਪ੍ਰੀਤ ਕੌਰ, ਸੀਨੀਅਰ ਐਡਵਾਈਜ਼ਰ ਮਿਸਿਜ਼ ਕੁਲਵੰਤ ਭੰਬਰ, ਫਾਈਨੈਂਸ਼ਲ ਕੋਆਰਡੀਨੇਟਰ ਮਿਸਿਜ਼ ਰੇਣੂ ਭੰਬਰੀ, ਆਨਰੇਬਲ ਚੇਅਰਪਰਸਨ ਮਿਸਿਜ਼ ਸ਼ਸ਼ੀ ਖੁੱਲਰ, ਇਵੈਂਟ ਪਲਾਨਰ ਮਿਸਿਜ਼ ਵਿਨੇਪ੍ਰੀਤ ਕੌਰ ਅਤੇ ਬੋਰਡ ਮੈਂਬਰ ਮਿਸਿਜ਼ ਸਤਿੰਦਰ ਟੋਨੀ ਤੇ ਮਿਸਿਜ਼ ਸਿਮਰਨ ਆਹੂਜਾ ਦੀ ਰਹਿਨੁਮਾਈ ਹੇਠ ਸਫਲਤਾਪੂਰਵਕ ਕਰਵਾਇਆ ਗਿਆ।

ਪ੍ਰੋਗਰਾਮ ਦੀ ਸ਼ੁਰੂਆਤ ਮਿਸਿਜ਼ ਹਰਮੀਤ ਵੱਲੋਂ ਗਣੇਸ਼ ਵੰਦਨਾ ਨਾਲ ਹੋਈ। ਇਸ ਤੋਂ ਬਾਅਦ ਤੰਬੋਲਾ, ਨਵੀਂ ਟੀਮ ਦਾ ਸਵਾਗਤ ਅਤੇ ਅੰਤਾਕਸ਼ਰੀ ਮੁਕਾਬਲਾ ਕਰਵਾਇਆ ਗਿਆ। ਕੈਸ਼ੀਅਰ ਮਿਸਿਜ਼ ਸੁਮਨ ਗੋਗੀਆ ਨੇ ਪਿਛਲੇ ਕਾਰਜਕਾਲ ਦੇ ਬਜਟ ਅਤੇ ਬਚਤਾਂ ਬਾਰੇ ਜਾਣਕਾਰੀ ਸਾਂਝੀ ਕੀਤੀ।

ਅੰਤਾਕਸ਼ਰੀ ਮੁਕਾਬਲੇ ਦੀ ਹੋਸਟਿੰਗ ਮਿਸਿਜ਼ ਸ਼ਸ਼ੀ ਖੁੱਲਰ2 ਅਤੇ ਸਕੱਤਰ ਮਿਸਿਜ਼ ਸਾਕਸ਼ੀ ਗੁਪਤਾ ਵੱਲੋਂ ਕੀਤੀ ਗਈ। ਮੁਕਾਬਲੇ ਵਿੱਚ ਰਾਗਿਨੀ ਟੀਮ ਦੀਆਂ ਮਿਸਿਜ਼ ਅਲਕਾ ਖੰਨਾ, ਮਿਸਿਜ਼ ਰਣਜੀਤ ਬੱਤਰਾ ਅਤੇ ਮਿਸਿਜ਼ ਸੁਮਨ ਗੋਗੀਆ ਜੇਤੂ ਰਹੀਆਂ।

ਮਿਸਿਜ਼ ਵਿਨੇਪ੍ਰੀਤ ਕੌਰ ਅਤੇ ਮਿਸਿਜ਼ ਆਸ਼ੂ ਚੱਢਾ ਵੱਲੋਂ ਪੇਸ਼ ਕੀਤਾ ਗਿਆ ਡਾਂਸ ਸਭ ਦੇ ਆਕਰਸ਼ਣ ਦਾ ਕੇਂਦਰ ਰਿਹਾ।

ਇਸ ਮੌਕੇ ਡਾ. ਤਪਸਵਿਨੀ ਪ੍ਰਧਾਨ, ਸੀਨੀਅਰ ਕਨਸਲਟੈਂਟ ਸਰਜੀਕਲ ਓਨਕੋਲੋਜੀ, ਇੰਦਰਪ੍ਰਸਥ ਅਪੋਲੋ ਹਸਪਤਾਲ ਨੇ ਮਹਿਲਾਵਾਂ ਦੀ ਸਿਹਤ ਸਬੰਧੀ ਜਾਗਰੂਕਤਾ ਭਰਿਆ ਸੰਬੋਧਨ ਦਿੱਤਾ।

ਸਾੜੀ ਥੀਮ ਰੈਂਪ ਵਾਕ ਵਿੱਚ ਮਿਸਿਜ਼ ਨੀਲਮ ਰਹਲਾਨ, ਮਿਸਿਜ਼ ਚੈਰੀ ਕੁਮਾਰ ਅਤੇ ਮਿਸਿਜ਼ ਮਿਸ਼ੀ ਨੂੰ ਜੇਤੂ ਚੁਣਿਆ ਗਿਆ।

ਅੰਤ ਵਿੱਚ ਸਾਰੇ ਮੈਂਬਰਾਂ ਅਤੇ ਆਯੋਜਕਾਂ ਦਾ ਧੰਨਵਾਦ ਕਰਦੇ ਹੋਏ ਸਮਾਗਮ ਦਾ ਸਮਾਪਨ ਕੀਤਾ ਗਿਆ।

ਕੌਮੀ ਪੱਤ੍ਰਿਕਾ

## ਸੰਪਾਦਕੀ

# ਤੇਲ ਕੀਮਤਾਂ 'ਚ ਵਾਧਾ

ਬੀਤੇ ਦਿਨੀਂ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਲੋਕਾਂ ਨੂੰ ਤੇਲ ਦੀ ਖਪਤ ਘਟਾਉਣ ਦੀ ਦੁਹਾਈ ਦਿੱਤੀ ਸੀ ਤੇ ਹੁਣ ਪੈਟਰੋਲ, ਡੀਜ਼ਲ ਅਤੇ ਸੀ ਐੱਨ ਜੀ ਦੀਆਂ ਕੀਮਤਾਂ ਵਧਾ ਕੇ ਜਨਤਾ 'ਤੇ ਵੱਡਾ ਬੋਝ ਪਾ ਦਿੱਤਾ ਗਿਆ ਹੈ। ਪੱਛਮੀ ਏਸ਼ੀਆ ਦੀ ਜੰਗ ਕਾਰਨ ਕੌਮਾਂਤਰੀ ਬਾਜ਼ਾਰ ਵਿੱਚ ਕੱਚੇ ਤੇਲ ਦੀਆਂ ਕੀਮਤਾਂ ਨੂੰ ਲੱਗੀ ਅੱਗ ਦੇਖ ਕੇ ਇਹ ਵਾਧਾ ਤੈਅ ਸੀ, ਪਰ ਸਭ ਜਾਣਦੇ ਹਨ ਕਿ ਪੱਛਮੀ ਬੰਗਾਲ ਸਣੇ ਦੂਜੇ ਰਾਜਾਂ ਦੀਆਂ ਵਿਧਾਨ ਸਭਾ ਚੋਣਾਂ ਕਰਕੇ ਸਰਕਾਰ ਨੇ ਇਸ ਫ਼ੈਸਲੇ ਨੂੰ ਜਾਣਬੁੱਝ ਕੇ ਲਟਕਾਈ ਰੱਖਿਆ। ਐਤਵਾਰ ਨੂੰ ਹੈਦਰਾਬਾਦ ਦੀ ਰੈਲੀ ਵਿੱਚ ਜਦੋਂ ਪ੍ਰਧਾਨ ਮੰਤਰੀ ਨੇ ਦੇਸ਼ ਵਾਸੀਆਂ ਨੂੰ 'ਕਮਰਕੱਸੇ ਕੱਸਣ' ਦਾ ਹੋਕਾ ਦਿੱਤਾ, ਉਦੋਂ ਹੀ ਸਥਿਤੀ ਬਿਲਕੁਲ ਸਪੱਸ਼ਟ ਹੋ ਗਈ ਸੀ ਕਿ ਲੋਕਾਂ ਦੀ ਜੇਬ 'ਤੇ ਡਾਕਾ ਵੱਜਣ ਵਾਲਾ ਹੈ। ਸਰਕਾਰ ਹੁਣ ਤੇਲ ਕੰਪਨੀਆਂ ਦੇ ਘਾਟੇ ਦਾ ਰੋਣਾ ਰੋ ਕੇ ਇਸ ਵਾਧੇ ਨੂੰ ਜਾਇਜ਼ ਠਹਿਰਾ ਰਹੀ ਹੈ। ਦਲੀਲ ਇਹ ਹੈ ਕਿ ਜਦੋਂ ਕੱਚਾ ਤੇਲ 100 ਡਾਲਰ ਪ੍ਰਤੀ ਬੈਰਲ ਤੋਂ ਉੱਤੇ ਸੀ ਤਾਂ ਸਰਕਾਰੀ ਕੰਪਨੀਆਂ ਨੂੰ ਰੋਜ਼ਾਨਾ 1,000 ਕਰੋੜ ਰੁਪਏ ਦਾ ਘਾਟਾ ਪੈ ਰਿਹਾ ਸੀ। ਇਹ ਬੇਤੁਕੀ ਦਲੀਲ ਲੋਕਾਂ ਨੂੰ ਹਜ਼ਮ ਨਹੀਂ ਹੋ ਰਹੀ ਜੋ ਪਹਿਲਾਂ ਹੀ ਅਸਮਾਨੀਂ ਚੜ੍ਹੀ ਮਹਿੰਗਾਈ ਅਤੇ ਖੜ੍ਹੋਤ ਦਾ ਸ਼ਿਕਾਰ ਹੋਈ ਆਮਦਨ ਨਾਲ ਬੁਰੀ ਤਰ੍ਹਾਂ ਪਿਸ ਰਹੇ ਹਨ। ਆਰਥਿਕ ਫ਼ੈਸਲੇ ਜਦੋਂ ਬਾਜ਼ਾਰ ਦੀ ਹਕੀਕਤ ਦੇਖ ਕੇ ਨਹੀਂ, ਸਗੋਂ ਚੋਣਾਂ ਦੇ ਨਫ਼ੇ-ਨੁਕਸਾਨ ਨੂੰ ਦੇਖ ਕੇ ਲਏ ਜਾਣ ਤਾਂ ਸਰਕਾਰ ਲੋਕਾਂ ਦਾ ਵਿਸ਼ਵਾਸ ਗੁਆ ਬੈਠਦੀ ਹੈ। ਕਰੋੜਾਂ ਮੱਧਵਰਗੀ ਪਰਿਵਾਰਾਂ, ਕਿਸਾਨਾਂ ਤੇ ਛੋਟੇ ਵਪਾਰੀਆਂ ਲਈ ਤੇਲ ਦੀਆਂ ਕੀਮਤਾਂ ਵਧਣ ਦਾ ਸਿੱਧਾ ਮਤਲਬ ਹੈ ਥਾਲੀ ਵਿੱਚੋਂ ਰੋਟੀ ਦਾ ਖੁੱਸਣਾ, ਮਹਿੰਗੀ ਆਵਾਜਾਈ ਅਤੇ ਰੋਜ਼ਾਨਾ ਦੀਆਂ ਜ਼ਰੂਰੀ ਵਸਤਾਂ ਦਾ ਆਮ ਆਦਮੀ ਦੀ ਪਹੁੰਚ ਤੋਂ ਬਾਹਰ ਹੋਣਾ। ਇਸ ਤੋਂ ਵੀ ਵੱਡੀ ਚਿੰਤਾ ਵਾਲੀ ਗੱਲ ਇਹ ਹੈ ਕਿ ਕੱਚੇ ਤੇਲ ਦੀ ਦਰਾਮਦ 'ਤੇ ਭਾਰਤ ਦੀ ਹੱਦੋਂ ਵੱਧ ਨਿਰਭਰਤਾ ਦੇਸ਼ ਦੀ ਆਰਥਿਕਤਾ ਨੂੰ ਕੌਮਾਂਤਰੀ ਭੂ-ਸਿਆਸੀ ਝਟਕਿਆਂ ਦੇ ਰਹਿਮੋ-ਕਰਮ 'ਤੇ ਛੱਡ ਦਿੰਦੀ ਹੈ। ਕੇਂਦਰ ਸਰਕਾਰ ਵੱਲੋਂ ਰੂਸ ਤੋਂ ਸਸਤਾ ਤੇਲ ਖਰੀਦਣ ਦੀਆਂ ਕੋਸ਼ਿਸ਼ਾਂ ਨੇ ਕੁਝ ਸਮੇਂ ਲਈ ਸਾਹ ਤਾਂ ਜ਼ਰੂਰ ਦਿਵਾਇਆ, ਪਰ ਇਹ ਰਾਹ ਵੀ ਕੌਮਾਂਤਰੀ ਪਾਬੰਦੀਆਂ, ਸਮੁੰਦਰੀ ਰਸਤਿਆਂ ਦੀਆਂ ਰੁਕਾਵਟਾਂ ਅਤੇ ਸਿਆਸੀ ਦਬਾਅ ਤੋਂ ਮੁਕਤ ਨਹੀਂ ਹੈ। ਮੌਜੂਦਾ ਸੰਕਟ ਭਾਰਤ ਦੀ ਲੰਮੇ ਸਮੇਂ ਦੀ ਊਰਜਾ ਰਣਨੀਤੀ 'ਤੇ ਵੱਡੇ ਸਵਾਲ ਖੜ੍ਹੇ ਕਰਦਾ ਹੈ। ਸਰਕਾਰ ਬਾਹਰਲੇ ਮੁਲਕਾਂ ਦੇ ਤੇਲ 'ਤੇ ਨਿਰਭਰਤਾ ਘਟਾਉਣ ਦੇ ਦਾਅਵੇ ਤਾਂ ਬਹੁਤ ਕਰਦੀ ਹੈ, ਪਰ ਜਨਤਕ ਆਵਾਜਾਈ ਦੇ ਪਸਾਰ, ਇਲੈਕਟ੍ਰਿਕ ਵਾਹਨਾਂ ਅਤੇ ਨਵਿਆਉਣਯੋਗ ਊਰਜਾ ਦੇ ਮਾਮਲੇ ਵਿੱਚ ਜ਼ਮੀਨੀ ਪੱਧਰ ਅਜੇ ਵੀ ਕੋਈ ਠੋਸ ਕਦਮ ਨਹੀਂ ਚੁੱਕੇ ਗਏ। ਦੂਜੇ ਪਾਸੇ, ਤੇਲ 'ਤੇ ਲੱਗਣ ਵਾਲੇ ਟੈਕਸ ਸਰਕਾਰੀ ਖ਼ਜ਼ਾਨੇ ਨੂੰ ਭਰਨ ਦਾ ਸਭ ਤੋਂ ਸੌਖਾ ਸਾਧਨ ਬਣੇ ਹੋਏ ਹਨ, ਜਿਸ ਕਾਰਨ ਆਮ ਉਪਭੋਗਤਾ ਕੌਮਾਂਤਰੀ ਉਥਲ-ਪੁਥਲ ਅਤੇ ਘਰੇਲੂ ਟੈਕਸਾਂ ਦੀ ਦੋਹਰੀ ਮਾਰ ਹੇਠ ਪਿਸਣ ਲਈ ਮਜਬੂਰ ਹੈ। ਭਾਰਤ ਨੂੰ ਅੱਜ ਲਿਫ਼ਾਫ਼ੇਬਾਜ਼ੀ ਦੀ ਨਹੀਂ, ਸਗੋਂ ਇੱਕ ਠੋਸ ਅਤੇ ਵਿਆਪਕ ਊਰਜਾ ਸੁਰੱਖਿਆ ਨੀਤੀ ਦੀ ਲੋੜ ਹੈ। ਆਖ਼ਰਕਾਰ, ਊਰਜਾ ਦੇ ਖੇਤਰ ਵਿੱਚ ਪੈਰਾਂ ਸਿਰ ਹੋਣਾ ਦੇਸ਼ ਦੀ ਸੁਰੱਖਿਆ ਅਤੇ ਹੋਂਦ ਲਈ ਸਭ ਤੋਂ ਵੱਡੀ ਲੋੜ ਹੈ।

## ਭਾਸ਼ਾ ਵਿਭਾਗ ਦੇ ਰਸਾਲੇ 'ਜਨ ਸਾਹਿਤ' ਲਈ ਜੰਗ ਵਿਰੋਧੀ ਕਵਿਤਾਵਾਂ ਦੀ ਮੰਗ

ਹੁਸ਼ਿਆਰਪੁਰ, 18 ਮਈ
-ਕੌਮੀ ਪੱਤ੍ਰਿਕਾ ਬਿਊਰੋ-



ਭਾਸ਼ਾ ਵਿਭਾਗ ਪੰਜਾਬ, ਪਟਿਆਲਾ, ਡਾਇਰੈਕਟਰ ਜਸਵੰਤ ਸਿੰਘ ਜ਼ਫ਼ਰ ਦੀ ਅਗਵਾਈ ਹੇਠ ਪੰਜਾਬੀ ਭਾਸ਼ਾ ਤੇ ਸਭਿਆਚਾਰ ਦੇ ਪ੍ਰਚਾਰ ਪ੍ਰਸਾਰ ਲਈ ਲਗਾਤਾਰ ਗਤੀਵਿਧੀਆਂ ਕਰ ਰਿਹਾ ਹੈ। ਗਤੀਵਿਧੀਆਂ ਦੀ ਇਸੇ ਲੜੀ ਤਹਿਤ ਭਾਸ਼ਾ ਵਿਭਾਗ ਵੱਲੋਂ ਕੱਢੇ ਜਾ ਰਹੇ ਚਾਰ ਰਸਾਲਿਆਂ ਵਿੱਚੋਂ ਜਨ ਸਾਹਿਤ ਰਸਾਲੇ ਦਾ ਅੰਕ 'ਅਕਤੂਬਰ ਤੋਂ ਦਸੰਬਰ 2026' 'ਜੰਗ ਵਿਰੋਧੀ ਕਵਿਤਾਵਾਂ' ਵਿਸ਼ੇਸ਼ ਅੰਕ ਕੱਢਿਆ ਜਾ ਰਿਹਾ ਹੈ। ਇਸ ਸਬੰਧੀ ਵਿਸਤਾਰ ਨਾਲ ਗੱਲ ਕਰਦਿਆਂ ਡਾ. ਜਸਵੰਤ ਰਾਏ ਖੋਜ ਅਫ਼ਸਰ ਦਫ਼ਤਰ, ਜ਼ਿਲ੍ਹਾ ਭਾਸ਼ਾ ਅਫ਼ਸਰ ਹੁਸ਼ਿਆਰਪੁਰ ਨੇ ਦੱਸਿਆ ਕਿ ਪਿਛਲੇ ਸਮੇਂ ਦੌਰਾਨ ਵੱਖ-ਵੱਖ ਦੇਸ਼ਾਂ ਵਿਚਾਲੇ ਚੱਲ ਰਹੇ ਜੰਗਾਂ-ਯੁੱਧਾਂ ਕਾਰਨ, ਵਿਸ਼ਵ ਪੱਧਰ 'ਤੇ ਹੋ ਰਹੇ ਨੁਕਸਾਨ ਤੋਂ ਨਿਜ਼ਾਤ ਪਾਉਣ ਅਤੇ ਦੁਨੀਆ ਦੇ ਭਵਿੱਖ ਨੂੰ ਸੁਰੱਖਿਅਤ, ਸੁਖਮਈ ਤੇ ਸਕੂਨ ਭਰਿਆ ਬਣਾਉਣ ਲਈ ਸੁਹਿਰਦ ਸੰਵੇਦਨਾਵਾਂ ਤੇ ਸੋਚ ਪ੍ਰਣਾਲੀਆਂ ਨੂੰ ਉਤਸ਼ਾਹਿਤ ਕਰਨ ਦੇ ਯਤਨਾਂ ਵਜੋਂ ਵਿਭਾਗ ਵੱਲੋਂ 'ਜੰਗ ਵਿਰੋਧੀ ਕਵਿਤਾਵਾਂ' ਵਿਸ਼ੇਸ਼ ਅੰਕ ਮਹੀਨਾ ਅਕਤੂਬਰ-ਦਸੰਬਰ, 2026 ਪ੍ਰਕਾਸ਼ਿਤ ਕਰਨ ਦਾ ਉਪਰਾਲਾ ਕੀਤਾ ਜਾ ਰਿਹਾ ਹੈ। ਸਾਹਿਤ ਆਪਣੀ ਸੰਵੇਦਨਾ ਰਾਹੀਂ ਇਹੋ ਜਿਹੇ ਮਾਹੌਲ ਨੂੰ ਸਾਵਾਂ ਬਣਾਉਣ ਲਈ ਅਤੀਤ ਵਿੱਚ ਵੀ ਭਾਗੀਦਾਰ ਰਿਹਾ ਹੈ। ਇਸ ਲਈ ਜ਼ਿਲ੍ਹਾ ਹੁਸ਼ਿਆਰਪੁਰ ਦੇ ਕਵੀਆਂ ਤੋਂ ਉਕਤ ਸਬੰਧੀ ਰਚਨਾਵਾਂ ਦੀ ਮੰਗ ਕੀਤੀ ਜਾ ਰਹੀ ਹੈ। ਰਚਨਾਵਾਂ ਵਰਡ ਫਾਇਲ ਵਿੱਚ ਦਫ਼ਤਰ ਜ਼ਿਲ੍ਹਾ ਭਾਸ਼ਾ ਅਫ਼ਸਰ ਹੁਸ਼ਿਆਰਪੁਰ ਦੀ ਈ ਮੇਲ dlo.language.hsp@gmail.com 'ਤੇ 15 ਜੂਨ ਤੋਂ ਪਹਿਲਾਂ ਮੇਲ ਜਾਂ ਦਸਤੀ ਰੂਪ ਵਿੱਚ ਪੁਜਦੀਆਂ ਕਰ ਦਿੱਤੀਆਂ ਜਾਣ। ਰਚਨਾ ਭੇਜਣ ਸਮੇਂ ਕਵੀ ਵੱਲੋਂ ਮੌਲਿਕ ਅਤੇ ਅਣ-ਪ੍ਰਕਾਸ਼ਿਤ ਰਚਨਾ ਹੋਣ ਸਬੰਧੀ ਤਸਦੀਕ ਕਰਨ ਦੇ ਨਾਲ਼ ਨਾਲ਼ ਲਿਖਾਰੀ ਦਾ ਪੂਰਾ ਪਤਾ ਅਤੇ ਫੋਨ ਨੰਬਰ ਵੀ ਦਰਜ ਕੀਤਾ ਜਾਵੇ।ਵਧੇਰੇ ਜਾਣਕਾਰੀ ਲਈ ਦਫ਼ਤਰ ਜ਼ਿਲ੍ਹਾ ਭਾਸ਼ਾ ਅਫ਼ਸਰ ਹੁਸ਼ਿਆਰਪੁਰ, ਪ੍ਰਬੰਧਕੀ ਕੰਪਲੈਕਸ, ਤੀਜੀ ਮੰਜ਼ਿਲ, ਕਮਰਾ ਨੰਬਰ 308 ਨਾਲ਼ ਸੰਪਰਕ ਕੀਤਾ ਜਾ ਸਕਦਾ ਹੈ।

## ਭਾਸ਼ਾ ਵਿਭਾਗ, ਪੰਜਾਬ ਵੱਲੋਂ ਪੁਸਤਕਾਂ ਦਿਤੀ ਜਾ ਰਹੀ ਹੈ ਦੋਗੁਣੀ ਸਹੂਲਤ

ਅੰਮ੍ਰਿਤਸਰ, 18 ਮਈ
-ਕੌਮੀ ਪੱਤ੍ਰਿਕਾ ਬਿਊਰੋ-



ਭਾਸ਼ਾ ਵਿਭਾਗ, ਪੰਜਾਬ ਮਾਂ ਬੋਲੀ ਪੰਜਾਬੀ, ਸਾਹਿਤ ਅਤੇ ਪੁਸਤਕ ਸੱਭਿਆਚਾਰ ਨੂੰ ਵਿਕਸਿਤ ਕਰਨ ਲਈ ਲੰਮੇ ਸਮੇਂ ਤੋਂ ਯਤਨਸ਼ੀਲ ਹੈ।

ਇਸ ਉਦੇਸ਼ ਤਹਿਤ ਪੰਜਾਬ ਸਰਕਾਰ ਅਤੇ ਨਿਰਦੇਸ਼ਕ ਭਾਸ਼ਾ ਵਿਭਾਗ, ਪੰਜਾਬ ਸ. ਜਸਵੰਤ ਸਿੰਘ ਜ਼ਫ਼ਰ ਦੀ ਅਗਵਾਈ ਹੇਠ ਪੁਸਤਕ ਸੱਭਿਆਚਾਰ ਨੂੰ ਵਿਕਸਿਤ ਕਰਨ ਲਈ ਪੁਸਤਕ ਮੈਚਿੰਗ ਗ੍ਰਾਂਟ ਤਹਿਤ ਸਕੂਲਾਂ, ਕਾਲਜਾਂ ਅਤੇ ਪੇਂਡੂ ਲਾਇਬਰੇਰੀਆਂ ਲਈ ਮੁਫ਼ਤ ਪੁਸਤਕਾਂ ਦੇਣ ਸਬੰਧੀ ਵਿਸ਼ੇਸ਼ ਸਕੀਮ ਸ਼ੁਰੂ ਕੀਤੀ ਗਈ ਹੈ। ਇਸ ਸਕੀਮ ਤਹਿਤ ਜਿੰਨੀ ਰਾਸ਼ੀ ਦੀਆਂ ਪੁਸਤਕਾਂ ਕੋਈ ਸੰਸਥਾ ਖਰੀਦੇਗੀ ਉਨੀ ਰਾਸ਼ੀ ਦੀਆਂ ਪੁਸਤਕਾਂ ਸੰਬੰਧਤ ਸੰਸਥਾਂ ਨੂੰ ਮੁਫਤ ਦਿੱਤੀਆਂ ਜਾਣਗੀਆਂ।

ਡਾ. ਇੰਦਰਜੀਤ ਸਿੰਘ ਖੋਜ ਅਫ਼ਸਰ, ਜ਼ਿਲ੍ਹਾ ਭਾਸ਼ਾ ਦਫ਼ਤਰ, ਅੰਮ੍ਰਿਤਸਰ ਨੇ ਦੱਸਿਆ ਕਿ ਇਸ ਸਕੀਮ ਦਾ ਮੁੱਖ ਉਦੇਸ਼ ਵਿਦਿਆਰਥੀਆਂ ਅਤੇ ਪਾਠਕਾਂ ਵਿੱਚ ਪੁਸਤਕਾਂ ਪ੍ਰਤੀ ਰੁਝਾਨ ਵਧਾਉਣ ਅਤੇ ਲਾਇਬ੍ਰੇਰੀਆਂ ਨੂੰ ਵਧੀਆ ਸਾਹਿਤ ਨਾਲ ਸੰਪੰਨ ਕਰਨਾ ਹੈ।

ਇਸ ਪਹਿਲ ਨਾਲ ਪੇਂਡੂ ਖੇਤਰਾਂ ਦੀਆਂ ਲਾਇਬ੍ਰੇਰੀਆਂ ਨੂੰ ਖਾਸ ਤੌਰ 'ਤੇ ਵੱਡਾ ਲਾਭ ਮਿਲੇਗਾ ਅਤੇ ਗਿਆਨ ਦੇ ਖਜ਼ਾਨੇ ਨੂੰ ਹੋਰ ਵਿਸਤਾਰ ਮਿਲੇਗਾ। ਉਹਨਾਂ ਵੱਲੋਂ ਜ਼ਿਲ੍ਹੇ ਦੀਆਂ ਵਿਦਿਅਕ ਸੰਸਥਾਵਾਂ ਅਤੇ ਪੇਂਡੂ ਲਾਇਬਰੇਰੀਆਂ ਨੂੰ ਅਪੀਲ ਕੀਤੀ ਹੈ ਕਿ ਉਹ ਪੰਜਾਬ ਸਰਕਾਰ ਦੀ ਇਸ ਸਕੀਮ ਦਾ ਵੱਧ ਤੋਂ ਵੱਧ ਲਾਭ ਉਠਾਉਣ।

ਉਨ੍ਹਾਂ ਕਿਹਾ ਕਿ ਪੁਸਤਕਾਂ ਖਰੀਦਣ ਦੀਆਂ ਚਾਹਵਾਨ ਸੰਸਥਾਵਾਂ ਆਪਣੇ ਲੈਟਰ ਪੈਡ ▼ਤੇ ਸੰਸਥਾ ਦੇ ਮੁਖੀ ਵੱਲੋਂ ਬੇਨਤੀ ਪੱਤਰ ਜ਼ਿਲ੍ਹਾ ਭਾਸ਼ਾ ਦਫ਼ਤਰ,ਅੰਮ੍ਰਿਤਸਰ (ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ, ਕਮਰਾ ਨੰਬਰ 301, ਤੀਸਰੀ ਮੰਜ਼ਿਲ) ਵਿਖੇ ਦੇ ਸਕਦੇ ਹਨ।

ਉਨ੍ਹਾਂ ਜਾਣਕਾਰੀ ਦਿੰਦਿਆਂ ਦੱਸਿਆ ਕਿ ਜ਼ਿਲ੍ਹਾ ਭਾਸ਼ਾ ਦਫ਼ਤਰ,ਅੰਮ੍ਰਿਤਸਰ ਵਿੱਚ ਮਿਆਰੀ ਧਾਰਮਿਕ, ਸਾਹਿਤਿਕ ਅਤੇ ਇਤਿਹਾਸਿਕ ਪੁਸਤਕਾਂ ਉਪਲੱਬਧ ਹਨ, ਜਿਨ੍ਹਾਂ ਤੇ ਵਿਸ਼ੇਸ਼ ਛੋਟ (500 ਰੁਪਏ ਤੱਕ ਦੀ ਖਰੀਦ ਉੱਪਰ 10 ਫ਼ੀਸਦੀ, 501 ਤੋਂ 1000 ਤੱਕ ਖਰੀਦ ਤੇ 15 ਫੀਸਦੀ, 1001 ਤੋਂ 2000 ਤੱਕ ਦੀ ਖਰੀਦ ਉੱਪਰ 25 ਫੀਸਦੀ, 2001 ਤੋਂ 3000 ਤੱਕ ਦੀ ਖਰੀਦ ਤੇ 30 ਫੀਸਦੀ ਅਤੇ 3000 ਤੋਂ ਵੱਧ ਲਈ 40 ਫੀਸਦੀ ਤੱਕ) ਦਿੱਤੀ ਜਾਂਦੀ ਹੈ।

## ਦੁਧਾਰੂ ਪਸ਼ੂਆਂ ਵਿੱਚ ਮੂੰਹ-ਖੁਰ ਦੀ ਬਿਮਾਰੀ ਤੋਂ ਬਚਾਓ ਲਈ ਟੀਕਾਕਰਨ ਜਰੂਰ ਕਰਵਾਇਆ ਜਾਵੇ : ਡਾ. ਬਿਕਰਮਜੀਤ ਸਿੰਘ

ਪਟਿਆਲਾ, 18 ਮਈ
-ਕੌਮੀ ਪੱਤ੍ਰਿਕਾ ਬਿਊਰੋ-

ਪਸ਼ੂ ਪਾਲਣ ਵਿਭਾਗ ਪਟਿਆਲਾ ਦੇ ਡਿਪਟੀ ਡਾਇਰੈਕਟਰ ਡਾ. ਬਿਕਰਮਜੀਤ ਸਿੰਘ ਨੇ ਪਸ਼ੂ ਪਾਲਕਾਂ ਨੂੰ ਸੁਚੇਤ ਕਰਦੇ ਹੋਏ ਜਾਣਕਾਰੀ ਦਿੱਤੀ ਹੈ ਕਿ ਦੁਧਾਰੂ ਪਸ਼ੂਆਂ ਨੂੰ ਮੂੰਹ-ਖੁਰ ਦੀ ਭਿਆਨਕ ਬਿਮਾਰੀ ਤੋਂ ਬਚਾਅ ਲਈ ਪੰਜਾਬ ਸਰਕਾਰ ਦੇ ਉਪਰਾਲੇ ਵਜੋਂ ਪਸ਼ੂਆਂ ਵਿੱਚ ਮੁਫਤ ਟੀਕਾਕਰਨ ਕੀਤਾ ਜਾ ਰਿਹਾ ਹੈ ਤਾਂ ਜੋ ਪਸ਼ੂਆਂ ਦੀ ਦੁੱਧ ਦੀ ਪੈਦਾਵਾਰ ਵਧੀਆਂ ਹੋਵੇ ਅਤੇ ਪੰਜਾਬ ਵਿੱਚ ਦੁੱਧ ਉਤਪਾਦ ਬਾਹਰ ਭੇਜੇ ਜਾ ਸਕਣ। ਉਨ੍ਹਾਂ ਨੇ ਪਸ਼ੂ ਪਾਲਕਾਂ ਨੂੰ ਅਪੀਲ ਕੀਤੀ ਕਿ ਪਸ਼ੂਆਂ ਨੂੰ ਮੂੰਹ-ਖੁਰ ਦੀ ਭਿਆਨਕ ਬਿਮਾਰੀ ਤੋਂ ਬਚਾਅ ਲਈ ਟੀਕਾਕਰਨ ਲਾਜਮੀ ਕਰਵਾਇਆ ਜਾਵੇ।

ਡਿਪਟੀ ਡਾਇਰੈਕਟਰ ਡਾ. ਬਿਕਰਮਜੀਤ ਸਿੰਘ ਨੇ ਅੱਗੇ ਕਿਹਾ ਕਿ ਪਸ਼ੂ ਪਾਲਣ ਵਿਭਾਗ ਦੇ ਮੰਤਰੀ ਗੁਰਮੀਤ ਸਿੰਘ ਖੁੱਡੀਆ ਦੀ ਗੀਹਨੁਮਾਈ ਤੇ ਪ੍ਰਮੁੱਖ ਸਕੱਤਰ ਰਾਹੁਲ ਭੰਡਾਰੀ ਦੀ ਦੇਖ-ਰੇਖ ਹੇਠ ਵਿਭਾਗ ਵੱਲੋਂ ਦੁਧਾਰੂ ਪਸ਼ੂਆਂ ਲਈ ਮੂੰਹ-ਖੁਰ ਵੈਕਸੀਨ ਟੀਕਾਕਰਨ ਤੋਂ ਪਹਿਲਾਂ ਪੇਟ ਦੇ ਕੀੜਿਆਂ ਦੀਆਂ ਦਵਾਈਆਂ ਮੁਫਤ ਦਿੱਤੀਆਂ ਜਾਂਦੀਆ ਹਨ ਤਾਂ ਜੋ ਪਸ਼ੂਆਂ ਵਿੱਚ ਬਿਮਾਰੀਆਂ ਨਾਲ ਲੜਨ ਲਈ ਤਾਕਤ ਅੰਦਰੂਨੀ ਤੌਰ ਤੇ ਵੱਧ ਸਕੇ ਤੇ ਉਹਨਾਂ ਦੀ ਪਾਚਨ ਪ੍ਰਣਾਲੀ ਸਹੀ ਢੰਗ ਨਾਲ ਕੰਮ ਕਰੇ ਜਿਸ ਸਦਕਾ ਦੁੱਧ ਦੀ ਪੈਦਾਵਾਰ ਹੋਰ ਵੱਧ ਜਾਂਦੀ ਹੈ।

ਉਨ੍ਹਾਂ ਦੱਸਿਆ ਕਿ ਇਹ ਦਵਾਈਆਂ ਹਰ ਸਰਕਾਰੀ ਪਸ਼ੂ ਸੰਸਥਾ ਵੱਲੋ ਮੁਫ਼ਤ ਵੰਡੀਆਂ ਜਾਂਦੀਆ ਹਨ। ਇਸੇ ਤਰ੍ਹਾਂ 100 ਫੀਸਦੀ ਵੈਕਸੀਨੇਸ਼ਨ ਕਰਨ ਨਾਲ ਪੰਜਾਬ ਰਾਜ ਮੂੰਹ-ਖਰ ਦੀ ਬਿਮਾਰੀ ਤੋਂ ਰਹਿਤ ਘੋਸਿਤ ਹੋ ਜਾਵੇਗਾ ਅਤੇ ਦੁੱਧ ਤੋ ਬਣੇ ਪਦਾਰਥ ਬਾਹਰਲੇ ਦੇਸ਼ਾਂ ਨੂੰ ਐਕਸਪੋਰਟ ਕੀਤੇ ਜਾ ਸਕਣਗੇ। ਗੁਣਵੱਤਾ ਭਰਪੂਰ ਦੁੱਧ ਅਤੇ ਦੁੱਧ ਤੋ ਬਣੇ

## ਏਆਈਯੂ ਆਲ ਇੰਡੀਆ ਇੰਟਰ ਯੂਨੀਵਰਸਿਟੀ ਵੁਸ਼ੂ ਚੈਂਪੀਅਨਸ਼ਿਪ ਵਿੱਚ ਸੀ ਟੀ ਯੂਨੀਵਰਸਿਟੀ ਓਵਰਆਲ ਚੈਂਪੀਅਨ




ਲੁਧਿਆਣਾ, 18 ਮਈ
-ਕੌਮੀ ਪੱਤ੍ਰਿਕਾ ਬਿਊਰੋ-

ਸੀ ਟੀ ਯੂਨੀਵਰਸਿਟੀ ਨੇ ਯੂਨੀਵਰਸਿਟੀ ਆਫ ਕਸ਼ਮੀਰ ਵੱਲੋਂ ਕਰਵਾਈ ਗਈ ਏਆਈਯੂ ਆਲ ਇੰਡੀਆ ਇੰਟਰ ਯੂਨੀਵਰਸਿਟੀ ਵੁਸ਼ੂ ਚੈਂਪੀਅਨਸ਼ਿਪ 2026 ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਵੁਸ਼ੂ ਸਾਂਡਾ ਪੁਰਸ਼ ਵਰਗ ਵਿੱਚ ਓਵਰਆਲ ਚੈਂਪੀਅਨ ਬਣਨ ਦਾ ਮਾਣ ਹਾਸਲ ਕੀਤਾ। ਚੈਂਪੀਅਨਸ਼ਿਪ ਵਿੱਚ ਦੇਸ਼ ਭਰ ਦੀਆਂ 185 ਯੂਨੀਵਰਸਿਟੀਆਂ ਅਤੇ 1600 ਤੋਂ ਵੱਧ ਖਿਡਾਰੀਆਂ ਨੇ ਭਾਗ ਲਿਆ।

ਸੀ ਟੀ ਯੂਨੀਵਰਸਿਟੀ ਦੇ ਖਿਡਾਰੀਆਂ ਵਿੱਚ ਲੋਕੇਸ਼ ਨੇ 48 ਕਿਲੋਗ੍ਰਾਮ, ਸਾਗਰ ਨੇ 56 ਕਿਲੋਗ੍ਰਾਮ ਅਤੇ ਸਈਦ ਮੁਹੰਮਦ ਅਲੀ ਰਊਫ ਸ਼ਾਹ ਨੇ 70 ਕਿਲੋਗ੍ਰਾਮ ਭਾਰ ਵਰਗ ਵਿੱਚ ਸੋਨੇ ਦੇ ਤਗਮੇ ਜਿੱਤੇ। ਧੀਰਜ ਨੇ 85 ਕਿਲੋਗ੍ਰਾਮ ਭਾਰ ਵਰਗ ਵਿੱਚ ਚਾਂਦੀ ਦਾ ਤਗਮਾ ਹਾਸਲ ਕੀਤਾ। ਮਹਿਲਾ ਵਰਗ ਵਿੱਚ ਸੋਨੀਆ ਨੇ 45 ਕਿਲੋਗ੍ਰਾਮ ਭਾਰ ਵਰਗ ਵਿੱਚ ਸੋਨੇ ਦਾ ਤਗਮਾ ਜਿੱਤ ਕੇ ਯੂਨੀਵਰਸਿਟੀ ਦਾ ਨਾਮ ਰੌਸ਼ਨ ਕੀਤਾ।

ਯੂਨੀਵਰਸਿਟੀ ਪ੍ਰਬੰਧਨ ਨੇ ਵਾਈਸ ਚੇਅਰਮੈਨ ਹਰਪ੍ਰੀਤ ਸਿੰਘ, ਵਾਈਸ ਚਾਂਸਲਰ ਡਾ. ਨਿਤਿਨ ਟੰਡਨ ਅਤੇ ਡਾਇਰੈਕਟਰ ਡੀਐਸਡਬਲਯੂ ਇੰਜੀ. ਦਵਿੰਦਰ ਸਿੰਘ ਦੇ ਮਾਰਗਦਰਸ਼ਨ ਦੀ ਸ਼ਲਾਘਾ ਕੀਤੀ। ਪ੍ਰੋ ਚਾਂਸਲਰ ਡਾ. ਮਨਬੀਰ ਸਿੰਘ ਨੇ ਖਿਡਾਰੀਆਂ ਅਤੇ ਕੋਚਿੰਗ ਸਟਾਫ ਨੂੰ ਵਧਾਈ ਦਿੰਦਿਆਂ ਕਿਹਾ ਕਿ ਯੂਨੀਵਰਸਿਟੀ ਪੜ੍ਹਾਈ ਦੇ ਨਾਲ-ਨਾਲ ਖੇਡਾਂ ਨੂੰ ਵੀ ਬਰਾਬਰ ਉਤਸ਼ਾਹਿਤ ਕਰਦੀ ਹੈ।

ਸਪੋਰਟਸ ਹੈੱਡ ਗੁਰਦੀਪ ਸਿੰਘ ਨੇ ਖਿਡਾਰੀਆਂ ਦੀ ਮਿਹਨਤ ਅਤੇ ਸਮਰਪਣ ਦੀ ਪ੍ਰਸ਼ੰਸਾ ਕਰਦਿਆਂ ਕਿਹਾ ਕਿ ਇਹ ਉਪਲਬਧੀ ਯੂਨੀਵਰਸਿਟੀ ਵੱਲੋਂ ਦਿੱਤੀਆਂ ਜਾ ਰਹੀਆਂ ਵਿਸ਼ਵ-ਪੱਧਰੀ ਖੇਡ ਸਹੂਲਤਾਂ ਅਤੇ ਮਾਹਿਰ ਕੋਚਿੰਗ ਦਾ ਨਤੀਜਾ ਹੈ।

## ਨਗਰ ਕੌਂਸਲ ਚੋਣਾਂ ਨੂੰ ਪੂਰੀ ਤਰ੍ਹਾਂ ਨਿਰਪੱਖ, ਸ਼ਾਂਤੀਪੂਰਨ ਅਤੇ ਸੁਚਾਰੂ ਢੰਗ ਨਾਲ ਕਰਵਾਇਆ ਜਾਵੇਗਾ : ਡੀ.ਐਸ.ਪੀ. ਬਰਾੜ

ਸਮਾਣਾ, 18 ਮਈ
-ਕੌਮੀ ਪੱਤ੍ਰਿਕਾ ਬਿਊਰੋ-

ਪੰਜਾਬ ਵਿੱਚ ਆਉਣ ਵਾਲੀਆਂ ਨਗਰ ਕੌਂਸਲ ਚੋਣਾਂ ਨੂੰ ਧਿਆਨ ਵਿੱਚ ਰੱਖਦਿਆਂ ਸਮਾਣਾ ਪੁਲਿਸ। ਵੱਲੋਂ ਕਾਨੂੰਨ-ਵਿਵਸਥਾ ਨੂੰ ਮਜ਼ਬੂਤ ਬਣਾਈ ਰੱਖਣ ਲਈ ਵਿਆਪਕ ਤਿਆਰੀਆਂ ਕੀਤੀਆਂ ਗਈਆਂ ਹਨ। ਇਸ ਮੌਕੇ ਗੱਲ ਕਰਦਿਆਂ ਡੀ.ਐਸ.ਪੀ. ਸਮਾਣਾ ਫ਼ਤਿਹ ਸਿੰਘ ਬਰਾੜ ਨੇ ਸਪੱਸ਼ਟ ਕੀਤਾ ਹੈ ਕਿ ਚੋਣਾਂ ਨੂੰ ਪੂਰੀ ਤਰ੍ਹਾਂ ਨਿਰਪੱਖ, ਸ਼ਾਂਤੀਪੂਰਨ ਅਤੇ ਸੁਚਾਰੂ ਢੰਗ ਨਾਲ ਕਰਵਾਇਆ ਜਾਵੇਗਾ। ਓਹਨਾ ਦੱਸਿਆ ਕਿ ਸੰਵੇਦਨਸ਼ੀਲ ਇਲਾਕਿਆਂ ਦੀ ਪਛਾਣ ਕਰਕੇ ਉੱਥੇ ਵਾਧੂ ਪੁਲਿਸ ਬਲ ਤਾਇਨਾਤ ਕੀਤਾ ਜਾਵੇਗਾ। ਇਸ ਤੋਂ ਇਲਾਵਾ, ਨਾਕਾਬੰਦੀ, ਫਲੈਗ ਮਾਰਚ ਅਤੇ ਰਾਤਰੀ ਗਸ਼ਤ ਵਿੱਚ ਵੀ ਵਾਧਾ ਕੀਤਾ ਗਿਆ ਹੈ ਤਾਂ ਜੋ ਕਿਸੇ ਵੀ ਤਰ੍ਹਾਂ ਦੀ ਅਣਚਾਹੀ ਘਟਨਾ ਤੋਂ ਬਚਿਆ ਜਾ ਸਕੇ। ਡੀ ਐਸਪੀ ਬਰਾੜ ਵੱਲੋਂ ਵੋਟਰਾਂ ਨੂੰ ਅਪੀਲ ਕੀਤੀ ਹੈ ਕਿ ਉਹ ਬਿਨਾ ਕਿਸੇ ।ਡਰ ਜਾਂ ਦਬਾਅ ਦੇ ਆਪਣੇ ਵੋਟ ਦਾ ਅਧਿਕਾਰ ਵਰਤਣ ਅਤੇ ਕਿਸੇ ਵੀ ਸ਼ੱਕੀ ਗਤੀਵਿਧੀ ਬਾਰੇ ਤੁਰੰਤ ਪੁਲਿਸ ਨੂੰ ਸੂਚਿਤ ਕਰਨ। ਇਸ ਦੇ ਨਾਲ ਹੀ ਉਮੀਦਵਾਰਾਂ ਅਤੇ ਰਾਜਨੀਤਿਕ ਪਾਰਟੀਆਂ ਨੂੰ ਵੀ ਆਦਰਸ਼ ਚੋਣ ਆਚਾਰ ਸੰਹਿਤਾ ਦੀ ਪਾਲਣਾ ਕਰਨ ਲਈ ਕਿਹਾ ਗਿਆ ਹੈ।

## ਸ੍ਰੀ ਭਗਵਾਨ ਵਿਸ਼ਵਕਰਮਾ ਮੰਦਰ ਕਮੇਟੀ ਲਹੌਰੀ ਗੇਟ ਵੱਲੋਂ ਹਰਜੀਤ ਸਿੰਘ ਰਾਮਗੜ੍ਹੀਆ ਦਾ ਸਨਮਾਨ



ਪਟਿਆਲਾ, 18 ਮਈ
-ਕੌਮੀ ਪੱਤ੍ਰਿਕਾ ਬਿਊਰੋ-

ਅਕਸਰ ਇਕ ਨਾ ਇਕ ਦਿਨ ਇਕ ਮੰਜ਼ਿਲ ਪਾ ਹੀ ਲੈਂਦੇ ਨੇ ਇਹ ਸ਼ਬਦ ਰਾਮਗੜ੍ਹੀਆ ਅਕਾਲ ਜਥੇਬੰਦੀ ਦੇ ਕੌਮੀ ਸੰਚਾਲਕ ਹਰਜੀਤ ਸਿੰਘ ਰਾਮਗੜ੍ਹੀਆ ਤੇ ਇਨ ਬਿਨ ਢੁਕਦੇ ਹਨ ਪਿਛਲੇ ਦਿਨੀ ਪਿਛਲੇ ਦਿਨੀ ਸੰਪਰਦਾਇ ਮੁਖੀ ਜਗਜੀਤ ਸਿੰਘ ਲੋਪੋ ਵਾਲਿਆਂ ਵਲੋ ਸ੍ਰੀ ਅਨੰਦਪੁਰ ਸਾਹਿਬ ਵਿਖੇ ਸੰਤ ਆਸ਼ਰਮ ਦੀ ਸੇਵਾ ਸੰਭਾਲ ਦੇ ਨਾਲ ਨਾਲ ਰਾਮਗੜ੍ਹੀਆ ਅਕਾਲ ਜਥੇਬੰਦੀ ਦਾ ਮੁੱਖ ਦਫਤਰ ਵੀ ਬਣਾਉਣਗੇ ਅੱਜ ਸਥਾਨਕ ਵਿਸ਼ਵਕਰਮਾ ਮੰਦਰ ਲਹੌਰੀ ਗੇਟ ਪਟਿਆਲਾ ਦੀ ਪ੍ਰਬੰਧਕ ਕਮੇਟੀ ਵੱਲੋਂ ਪ੍ਰਧਾਨ ਅਮਰਜੀਤ ਸਿੰਘ ਰਾਮਗੜ੍ਹੀਆ ਦੀ ਅਗਵਾਈ ਹੇਠ ਹਰਜੀਤ ਸਿੰਘ ਰਾਮਗੜ੍ਹੀਆ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ ਜਗਜੀਤ ਸਿੰਘ ਸੱਗੂ ਸਕੱਤਰ ਵਿਸ਼ਵਕਰਮਾ ਮੰਦਰ ਕਮੇਟੀ ਨੇ ਵੱਲੋਂ ਪਟਿਆਲਾ ਪਹੁੰਚਣ ਤੇ ਜੀ ਆਇਆ ਕਿਹਾ ਗਿਆ ਅਤੇ ਰਾਮ ਸਿੰਘ ਧੀਮਾਨ ਨੇ ਜਥੇਬੰਦੀ ਬਾਰੇ ਵਿਸਥਾਰ ਨਾਲ ਚਾਨਣਾ ਪਾਇਆ ਪ੍ਰਧਾਨ ਅਮਰਜੀਤ ਸਿੰਘ ਰਾਮਗੜ੍ਹੀਆ ਵੱਲੋਂ ਰਾਮਗੜ੍ਹੀਆ ਅਕਾਲ ਜਥੇਬੰਦੀ ਵੱਲੋਂ ਕੀਤੇ ਜਾ ਰਹੇ ਕਾਰਜਾਂ ਦੀ ਪ੍ਰਸ਼ੰਸਾ ਕਰਦੇ ਆਂ ਕਿਹਾ ਕਿ ਸਮੁੱਚੀ ਟੀਮ ਵਧਾਈ ਦੀ ਪਾਤਰ ਹੈ ਜਿਨਾਂ ਦੀ ਮਿਹਨਤ ਸਦਕਾ ਪਿਛਲੇ ਦਿਨੀ ਸ਼੍ਰੀ ਆਨੰਦ ਸਾਹਿਬ ਅਨੰਦਪੁਰ ਸਾਹਿਬ ਵਿਖੇ 9 ਮਈ ਨੂੰ ਬਹੁਤ ਹੀ ਵਿਸ਼ਾਲ ਇਕੱਠ ਕਰਕੇ ਰਾਮਗੜ੍ਹੀਆ ਕੌਮ ਦੇ ਮਹਾਨ ਜਰਨੈਲ ਜੱਸਾ ਸਿੰਘ ਰਾਮਗੜ੍ਹੀਆ ਦਾ ਜਨਮ ਦਿਹਾੜਾ ਮਨਾਇਆ ਗਿਆ ਉਨਾਂ ਨੇ ਹਰਜੀਤ ਸਿੰਘ ਰਾਮਗੜ੍ਹੀਆ ਨੂੰ ਅਨੰਦਪੁਰ ਸਾਹਿਬ ਵਿਖੇ ਨਵੀਂ ਸੇਵਾ ਮਿਲਣ ਤੇ ਵਿਸ਼ੇਸ਼ ਸਨਮਾਨ ਕੀਤਾ ਤੇ ਮੁਬਾਰਕਾਂ ਦਿੱਤੀਆਂ ਇਸ ਮੌਕੇ ਤੇ ਸੀਨੀਅਰ ਮੀਤ ਪ੍ਰਧਾਨ ਸਰਜੀਤ ਸਿੰਘ ਧੀਮਾਨ ਮੀਤ ਪ੍ਰਧਾਨ ਬਲਜਿੰਦਰ ਸਿੰਘ ਜੰਡੂ ਜਨਰਲ ਸਕੱਤਰ ਸੁਰਿੰਦਰ ਵਿਰਦੀ ਜੋਇੰਟ ਸੈਕਟਰੀ ਸੁਰਿੰਦਰ ਜੰਡੂ ਅਮਰਜੀਤ ਜੰਡੂ ਦਿਹਾਤੀ ਪ੍ਰਧਾਨ ਹਰਪ੍ਰੀਤ ਸਿੰਘ ਭਮਰਾ ਨਾਭਾ ਤੋਂ ਤਰਸਬੀਰ ਸਿੰਘ ਰੁਪਿੰਦਰ ਸਿੰਘ ਲੋਟੇ ਰਾਜਕੁਮਾਰ ਧੀਮਾਨ ਦਰਬਾਰਾ ਸਿੰਘ ਸਤਵਿੰਦਰ ਸਿੰਘ ਮਣਕੂ ਮੈਂਬਰਾਨ ਹਾਜ਼ਰ ਸਨ.

## ਲੁਧਿਆਣਾ 'ਚ ਰੇਲਿੰਗ ਨਾਲ ਲਟਕਦੀ ਲਾਸ਼ ਬਰਾਮਦ, ਘਰ ਦੀ ਦੂਜੀ ਮੰਜ਼ਿਲ ਦੀਆਂ ਪੌੜੀਆਂ ਨਾਲ ਲਗਾਇਆ ਫਾਹਾ

ਲੁਧਿਆਣਾ, 18 ਮਈ
-ਕੌਮੀ ਪੱਤ੍ਰਿਕਾ ਬਿਊਰੋ-

ਮਹਾਨਗਰ ਦੇ ਜਲੰਧਰ ਬਾਈਪਾਸ ਦੇ ਨਜ਼ਦੀਕ ਅਮਨ ਨਗਰ ਇਲਾਕੇ ਵਿੱਚ ਇਕ ਨੌਜਵਾਨ ਦੀ ਰੇਲਿੰਗ ਨਾਲ ਲਟਕਦੀ ਲਾਸ਼ ਬਰਾਮਦ ਹੋਈ। ਸਥਾਨਕ ਗਰੀਨਲੈਂਡ ਸਕੂਲ ਦੇ ਨਜ਼ਦੀਕ ਇੱਕ ਕਿਰਾਏ ਦੇ ਮਕਾਨ ਵਿੱਚ ਰਹਿਣ ਵਾਲੇ ਨੌਜਵਾਨ ਦੀ ਲਾਸ਼ ਘਰ ਦੀ ਦੂਜੀ ਮੰਜ਼ਿਲ ਦੀਆਂ ਪੌੜੀਆਂ ਨਾਲ ਲੱਗੀ ਰੇਲਿੰਗ ਨਾਲ ਲਟਕ ਰਹੀ ਸੀ। ਸ਼ੱਕੀ ਹਾਲਾਤ ਵਿੱਚ ਜਾਨ ਗਵਾਉਣ ਵਾਲੇ ਨੌਜਵਾਨ ਦੀ ਪਛਾਣ ਪਰਮਿੰਦਰ ਸਿੰਘ ਉਮਰ ਕਰੀਬ 26 ਸਾਲ ਦੇ ਰੂਪ ਵਿੱਚ ਹੋਈ ਹੈ।

ਘਟਨਾ ਦੀ ਜਾਣਕਾਰੀ ਮਿਲਣ ਮਗਰੋਂ ਪੁਲਿਸ ਨੇ ਮੌਕੇ ਤੇ ਪੁੱਜ ਕੇ ਲਾਸ਼ ਨੂੰ ਕਬਜ਼ੇ ਵਿੱਚ ਲਿਆ ਅਤੇ ਅਗਲੇਰੀ ਪੜਤਾਲ ਸ਼ੁਰੂ ਕਰ ਦਿੱਤੀ। ਜਾਣਕਾਰੀ ਮੁਤਾਬਕ ਮ੍ਰਿਤਕ ਪਰਮਿੰਦਰ ਸਿੰਘ ਪੇਸ਼ੇ ਤੋਂ ਪਲੰਬਰ ਦਾ ਕੰਮ ਕਰਦਾ ਸੀ। ਉਹ ਆਪਣੀ ਪਤਨੀ ਸਿਮਰਨ ਅਤੇ ਕਰੀਬ ਚਾਰ ਸਾਲ ਦੇ ਪੁੱਤਰ ਨਾਲ ਕੁਝ ਸਮਾਂ ਪਹਿਲਾਂ ਹੀ ਇਸ ਘਰ ਵਿੱਚ ਕਿਰਾਏ ਦੇ ਮਕਾਨ 'ਚ ਰਹਿਣ ਆਇਆ ਸੀ। ਉਕਤ ਘਟਨਾ ਦਾ ਪਤਾ ਲੱਗਾ ਜਦ ਉਹਨਾਂ ਦੇ ਨਜ਼ਦੀਕ ਹੀ ਰਹਿਣ ਵਾਲੇ ਕਿਸੇ ਗੁਆਂਢੀ ਨੇ ਘਰ ਦੀ ਦੂਜੀ ਮੰਜ਼ਿਲ ਦੀਆਂ ਪੌੜੀਆਂ ਨਾਲ ਲੱਗੀ ਰੇਲਿੰਗ ਨਾਲ ਨੌਜਵਾਨ ਦੀ ਲਟਕਦੀ ਲਾਸ਼ ਵੇਖੀ ਅਤੇ ਰੌਲਾ ਪਾ ਕੇ ਲੋਕਾਂ ਨੂੰ ਬੁਲਾ ਲਿਆ।

ਸ਼ੁਰੂਆਤੀ ਪੜਤਾਲ ਦੌਰਾਨ ਮ੍ਰਿਤਕ ਕੋਲੋਂ ਕੋਈ ਸੁਸਾਈਡ ਨੋਟ ਬਰਾਮਦ ਨਹੀਂ ਹੋਇਆ। ਲਾਸ਼ ਬਰਾਮਦ ਹੋਣ ਮੌਕੇ ਮ੍ਰਿਤਕ ਨੇ ਲਾਲ ਰੰਗ ਦੀ ਨਿੱਕਰ ਪਹਿਨੀ ਹੋਈ ਸੀ ਜਦ ਕਿ ਉਸ ਦਾ ਉੱਪਰਲਾ ਹਿੱਸਾ ਨਿਰਵਸਤਰ ਸੀ।

## ਹਲਵਾਰਾ ਹਵਾਈ ਅੱਡੇ ਤੋਂ ਪਹਿਲੀ ਉੜਾਣ ਸ਼ੁਰੂ, ਪੰਜਾਬੀਆਂ ਦਾ ਸੁਪਨਾ ਸਾਕਾਰ : ਕੇ.ਕੇ. ਬਾਵਾ



ਲੁਧਿਆਣਾ, 18 ਮਈ
-ਕੌਮੀ ਪੱਤ੍ਰਿਕਾ ਬਿਊਰੋ-

ਹਲਵਾਰਾ ਹਵਾਈ ਅੱਡੇ ਤੋਂ ਏਅਰ ਇੰਡੀਆ ਦੀ ਪਹਿਲੀ ਉੜਾਣ ਸ਼ੁਰੂ ਹੋਣ ਮੌਕੇ ਬਾਬਾ ਬੰਦਾ ਸਿੰਘ ਬਹਾਦਰ ਅੰਤਰਰਾਸ਼ਟਰੀ ਫਾਊਂਡੇਸ਼ਨ ਵੱਲੋਂ ਕੇ.ਕੇ. ਬਾਵਾ ਦੀ ਅਗਵਾਈ ਹੇਠ ਮਿਠਾਈਆਂ ਵੰਡ ਕੇ ਖੁਸ਼ੀ ਮਨਾਈ ਗਈ। ਤਖਤ ਸ਼੍ਰੀ ਪਟਨਾ ਸਾਹਿਬ ਦੇ ਸਾਬਕਾ ਜਥੇਦਾਰ ਬਾਬਾ ਰਣਜੀਤ ਸਿੰਘ ਨੇ ਅਰਦਾਸ ਕੀਤੀ, ਜਦਕਿ ਸੰਤ ਸੁਖਬੀਰ ਸਿੰਘ ਅਤੇ ਤਰਨਜੀਤ ਸਿੰਘ ਨਿਮਾਣਾ ਨੇ ਪ੍ਰਸ਼ਾਦ ਵੰਡਿਆ।

ਇਸ ਮੌਕੇ ਸੰਤ ਦੀਪਕ ਸਿੰਘ ਦੌਧਰ, ਅਵਿਨਾਸ਼ ਗੁਪਤਾ, ਐੱਸ.ਐੱਸ. ਖੁਰਾਣਾ, ਸਾਬਕਾ ਮੰਤਰੀ ਮਲਕੀਤ ਸਿੰਘ ਦਾਖਾ, ਪਵਨ ਗਰਗ, ਕਰਨੈਲ ਸਿੰਘ ਗਿੱਲ, ਜਸਵੰਤ ਸਿੰਘ ਛਾਪਾ, ਚੌਧਰੀ ਸੁਰੇਸ਼ ਕੁਮਾਰ, ਡਾ. ਰਾਜੀਵ ਗਰਗ ਅਤੇ ਹੋਰ ਹਾਜ਼ਰ ਸਨ।

ਕੇ.ਕੇ. ਬਾਵਾ ਨੇ ਕਿਹਾ ਕਿ ਹਲਵਾਰਾ ਹਵਾਈ ਅੱਡੇ ਤੋਂ ਉੜਾਣਾਂ ਦੀ ਸ਼ੁਰੂਆਤ ਪੰਜਾਬ ਲਈ ਇਤਿਹਾਸਕ ਪਲ ਹੈ, ਜਿਸ ਨਾਲ ਪ੍ਰਵਾਸੀ ਪੰਜਾਬੀਆਂ, ਵਪਾਰੀਆਂ ਅਤੇ ਕਿਸਾਨਾਂ ਨੂੰ ਵੱਡਾ ਲਾਭ ਮਿਲੇਗਾ। ਉਨ੍ਹਾਂ ਦੱਸਿਆ ਕਿ ਫਾਊਂਡੇਸ਼ਨ ਵੱਲੋਂ ਕਰੀਬ 15 ਸਾਲ ਪਹਿਲਾਂ ਹਲਵਾਰਾ ਨੂੰ ਅੰਤਰਰਾਸ਼ਟਰੀ ਹਵਾਈ ਅੱਡਾ ਬਣਾਉਣ ਲਈ 500 ਪੰਚਾਂ ਅਤੇ ਸਰਪੰਚਾਂ ਦੇ ਦਸਤਖ਼ਤਾਂ ਸਮੇਤ ਮੰਗ ਪੱਤਰ ਤਤਕਾਲੀ ਪ੍ਰਧਾਨ ਮੰਤਰੀ ਡਾ. ਮਨਮੋਹਨ ਸਿੰਘ ਨੂੰ ਭੇਜਿਆ ਗਿਆ ਸੀ। ਉਨ੍ਹਾਂ ਸਾਬਕਾ ਪ੍ਰਧਾਨ ਮੰਤਰੀ ਡਾ. ਮਨਮੋਹਨ ਸਿੰਘ ਨੂੰ ਯਾਦ ਕਰਦਿਆਂ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦਾ ਵੀ ਧੰਨਵਾਦ ਕੀਤਾ।

## ਭਗਤ ਪੂਰਨ ਸਿੰਘ ਵਾਤਾਵਰਣ ਸ਼ਤਾਬਦੀ ਦਾ ਸੁਨਹਿਰੀ ਆਗਾਜ਼- ਰਿਆੜਕੀ ਸੰਸਥਾ ਤੁਗਲਵਾਲਾ ਨੇ ਦੋ ਯਾਦਗਾਰੀ ਸਮਾਗਮਾਂ ਨਾਲ ਮਹਾਨ ਵਿਰਾਸਤ ਨੂੰ ਕੀਤਾ ਜ਼ਿੰਦਾ

ਕਾਹਨੂੰਵਾਨ, 18 ਮਈ
-ਕੌਮੀ ਪੱਤ੍ਰਿਕਾ ਬਿਊਰੋ-



ਤੁਗਲਵਾਲਾ: ਉਹ ਮਹਾਨ ਆਤਮਾ ਜਿਸ ਨੇ ਪੰਜਾਬ ਦੀ ਪਾਕ ਧਰਤੀ ਉੱਤੇ ਗਰੀਬਾਂ, ਅਨਾਥਾਂ ਅਤੇ ਅਪਾਹਜਾਂ ਦੀ ਸਾਂਭ-ਸੰਭਾਲ ਦੇ ਨਾਲ-ਨਾਲ ਸੇਵਾ, ਸਾਹਿਤ, ਧਰਮ ਅਤੇ ਵਾਤਾਵਰਣ ਸੰਭਾਲ ਦੀ ਅਜਿਹੀ ਅਮਰ ਲਾਟ ਜਗਾਈ ਜੋ ਅੱਜ ਵੀ ਉਸੇ ਰੌਸ਼ਨੀ ਨਾਲ ਜਗ ਰਹੀ ਹੈ — ਉਹ ਸਨ ਭਗਤ ਪੂਰਨ ਸਿੰਘ ਜੀ। 1927 ਵਿੱਚ ਆਰੰਭੀ ਉਹਨਾਂ ਦੀ ਵਾਤਾਵਰਣ ਸੰਭਾਲ ਮੁਹਿੰਮ ਦੀ ਸ਼ਤਾਬਦੀ ਮਨਾਉਣ ਦਾ ਸੁਨਹਿਰੀ ਆਗਾਜ਼ ਅੱਜ ਰਿਆੜਕੀ ਸੰਸਥਾ ਤੁਗਲਵਾਲਾ ਵੱਲੋਂ ਦੋ ਯਾਦਗਾਰੀ ਸਮਾਗਮਾਂ ਰਾਹੀਂ ਕੀਤਾ ਗਿਆ ਜਿਨ੍ਹਾਂ ਨੇ ਹਰ ਹਾਜ਼ਰ ਵਿਅਕਤੀ ਦੇ ਮਨ ਉੱਤੇ ਅਮਿੱਟ ਛਾਪ ਛੱਡੀ। ਪਹਿਲਾ ਸਮਾਗਮ — ਰਿਆੜਕੀ ਪਬਲਿਕ ਸਕੂਲ ਤੁਗਲਵਾਲਾ ਵਿਖੇ ਨਵੇਂ ਬਲਾਕ ਦਾ ਉਦਘਾਟਨ ਸ਼ਤਾਬਦੀ ਦੀਆਂ ਸਰਗਰਮੀਆਂ ਦਾ ਰਸਮੀ ਆਰੰਭ ਰਿਆੜਕੀ ਪਬਲਿਕ ਸਕੂਲ ਤੁਗਲਵਾਲਾ ਵਿਖੇ ਭਗਤ ਪੂਰਨ ਸਿੰਘ ਜੀ ਦੇ ਨਾਂ ਸਮਰਪਿਤ ਇੱਕ ਨਵੇਂ ਇਮਾਰਤੀ ਬਲਾਕ ਦੇ ਉਦਘਾਟਨ ਨਾਲ ਹੋਇਆ। ਪਿੰਗਲਵਾੜਾ ਚੈਰੀਟੇਬਲ ਸੁਸਾਇਟੀ ਦੀ ਮੁੱਖੀ ਬੀਬੀ ਇੰਦਰਜੀਤ ਕੌਰ ਜੀ ਨੇ ਪ੍ਰਿੰਸੀਪਲ ਸ੍. ਸਵਰਨ ਸਿੰਘ ਵਿਰਕ ਜੀ ਦੇ ਨਾਲ ਮਿਲ ਕੇ ਇਸ ਬਲਾਕ ਦਾ ਉਦਘਾਟਨ ਕੀਤਾ। ਇਸ ਮੌਕੇ ਸ੍. ਰਾਜਬੀਰ ਸਿੰਘ ਜੀ, ਪ੍ਰਧਾਨ ਸ੍. ਬਖਤਾਵਰ ਸਿੰਘ ਜੀ, ਸਮਾਜ ਸੇਵਕ ਪਵਨ ਸ਼ਰਮਾ ਜੀ, ਹਰਭਾਗ ਸਿੰਘ, ਪ੍ਰਿੰਸੀਪਲ ਇੰਦਰਜੀਤ ਕੌਰ ਜੀ, ਮੁੱਖ ਪ੍ਰਬੰਧਕ ਗਗਨਦੀਪ ਸਿੰਘ ਵਿਰਕ ਅਤੇ ਡਾਇਰੈਕਟਰ ਮਨਪ੍ਰੀਤ ਕੌਰ ਵਿਰਕ ਵੀ ਹਾਜ਼ਰ ਸਨ।

ਪ੍ਰਿੰਸੀਪਲ ਇੰਦਰਜੀਤ ਕੌਰ ਨੇ ਇਸ ਮੌਕੇ ਭਾਵਭਿੱਜੇ ਸ਼ਬਦਾਂ ਵਿੱਚ ਕਿਹਾ ਕਿ ਇਹ ਨਵੀਂ ਇਮਾਰਤ ਸਿਰਫ਼ ਇੱਟਾਂ ਅਤੇ ਸੀਮੈਂਟ ਦੀ ਉਸਾਰੀ ਨਹੀਂ — ਸਗੋਂ ਇਹ ਉਸ ਮਹਾਨ ਆਤਮਾ ਦੀ ਸੋਚ ਨੂੰ ਸਦਾ ਜ਼ਿੰਦਾ ਰੱਖਣ ਦਾ ਪੱਕਾ ਇਰਾਦਾ ਹੈ। ਉਦਘਾਟਨ ਉਪਰੰਤ ਡਾਕਟਰ ਮਹਿੰਦਰ ਸਿੰਘ ਰੰਧਾਵਾ ਆਡੀਟੋਰੀਅਮ ਵਿੱਚ ਮੁੱਖ ਸਮਾਗਮ ਆਰੰਭ ਹੋਇਆ ਜਿੱਥੇ ਵਿਦਿਆਰਥੀਆਂ ਦੀਆਂ ਸੁਰੀਲੀਆਂ ਆਵਾਜ਼ਾਂ ਵਿੱਚ ਗੂੰਜੇ ਸਵਾਗਤੀ ਗੀਤਾਂ ਨੇ ਸਮੁੱਚੇ ਮਾਹੌਲ ਨੂੰ ਭਾਵੁਕ ਅਤੇ ਅਧਿਆਤਮਕ ਰੰਗ ਵਿੱਚ ਰੰਗ ਦਿੱਤਾ। ਸਲਾਨਾ ਇਨਾਮ ਵੰਡ ਸਮਾਰੋਹ ਦੌਰਾਨ ਵੱਖ-ਵੱਖ ਖੇਤਰਾਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਨ ਵਾਲੇ ਵਿਦਿਆਰਥੀਆਂ ਨੂੰ ਭਗਤ ਜੀ ਦੀ ਵਾਤਾਵਰਣ ਸ਼ਤਾਬਦੀ ਨੂੰ ਸਮਰਪਿਤ ਵਿਸ਼ੇਸ਼ ਟਰੋਫੀਆਂ ਦੇ ਕੇ ਸਨਮਾਨਿਤ ਕੀਤਾ ਗਿਆ — ਇਹ ਟਰੋਫੀਆਂ ਆਮ ਇਨਾਮਾਂ ਤੋਂ ਵੱਖਰੀਆਂ ਸਨ ਕਿਉਂਕਿ ਇਹਨਾਂ ਵਿੱਚ ਭਗਤ ਜੀ ਦੀ ਭਾਵਨਾ ਅਤੇ ਸੰਦੇਸ਼ ਦੀ ਛਾਪ ਸੀ।


ਸਭਾ ਨੂੰ ਸੰਬੋਧਨ ਕਰਦਿਆਂ ਬੀਬੀ ਇੰਦਰਜੀਤ ਕੌਰ ਜੀ ਦੀਆਂ ਅੱਖਾਂ ਵਿੱਚ ਭਾਵਨਾਵਾਂ ਛਲਕ ਆਈਆਂ। ਉਹਨਾਂ ਕਿਹਾ ਕਿ ਭਗਤ ਜੀ ਦੀ ਸੇਵਾ-ਭਾਵਨਾ ਨੂੰ ਜਿਸ ਸ਼ਿੱਦਤ ਅਤੇ ਪਿਆਰ ਨਾਲ ਇਸ ਸੰਸਥਾ ਨੇ ਆਪਣੀ ਰੋਜ਼ਾਨਾ ਜ਼ਿੰਦਗੀ ਦਾ ਹਿੱਸਾ ਬਣਾਇਆ ਹੈ ਉਹ ਵੇਖ ਕੇ ਉਹਨਾਂ ਦਾ ਮਨ ਖੁਸ਼ੀ ਨਾਲ ਭਰ ਗਿਆ। ਉਹਨਾਂ ਫ਼ਰਮਾਇਆ ਕਿ ਕੁਦਰਤ ਨਾਲ ਕੀਤਾ ਜ਼ੁਲਮ ਅਸਲ ਵਿੱਚ ਆਉਣ ਵਾਲੀਆਂ ਪੀੜ੍ਹੀਆਂ ਨਾਲ ਕੀਤਾ ਜ਼ੁਲਮ ਹੈ। ਇਸੇ ਭਾਵਨਾ ਨੂੰ ਅੱਗੇ ਵਧਾਉਂਦੇ ਹੋਏ ਬੀਬੀ ਜੀ ਵੱਲੋਂ ਸਮੂਹ ਵਿਦਿਆਰਥੀਆਂ ਨੂੰ ਪਲਾਸਟਿਕ ਦੇ ਵਿਰੁੱਧ ਅਤੇ ਜਲ, ਹਵਾ ਤੇ ਵਾਤਾਵਰਣ ਦੀ ਰਾਖੀ ਦੀ ਸਹੁੰ ਚੁਕਾਈ ਗਈ — ਇਹ ਕੋਈ ਰਸਮੀ ਕਾਰਵਾਈ ਨਹੀਂ ਸੀ, ਇਹ ਇੱਕ ਪੀੜ੍ਹੀ ਦਾ ਆਪਣੀ ਧਰਤੀ ਮਾਂ ਨਾਲ ਕੀਤਾ ਪਵਿੱਤਰ ਵਾਅਦਾ ਸੀ।ਪ੍ਰਿੰਸੀਪਲ ਸ੍. ਸਵਰਨ ਸਿੰਘ ਵਿਰਕ ਨੇ ਕਿਹਾ ਕਿ ਰਿਆੜਕੀ ਸੰਸਥਾ ਅਤੇ ਪਿੰਗਲਵਾੜੇ ਵਿਚਕਾਰ ਦਹਾਕਿਆਂ ਤੋਂ ਚੱਲੀ ਆ ਰਹੀ ਡੂੰਘੀ ਰੂਹਾਨੀ ਅਤੇ ਸਮਾਜਿਕ ਸਾਂਝ ਨੇ ਹੀ ਸੰਸਥਾ ਨੂੰ ਪ੍ਰੇਰਿਤ ਕੀਤਾ ਕਿ ਵਿਦਿਆਰਥੀਆਂ ਨੂੰ ਕਿਤਾਬੀ ਗਿਆਨ ਦੇ ਨਾਲ-ਨਾਲ ਜੀਵਨ ਜਿਉਣ ਦਾ ਅਸਲ ਰੋਲ ਮਾਡਲ ਵੀ ਦਿੱਤਾ ਜਾਵੇ। ਉਹਨਾਂ ਕਿਹਾ ਕਿ ਭਗਤ ਜੀ ਨੇ ਜੀਵਨ ਭਰ ਬਿਨਾਂ ਕਿਸੇ ਲਾਲਚ ਦੇ ਗਰੀਬਾਂ ਅਤੇ ਅਨਾਥਾਂ ਦੀ ਸੇਵਾ ਕੀਤੀ, ਸਾਹਿਤ ਰਾਹੀਂ ਸਮਾਜ ਨੂੰ ਜਾਗਰਿਤ ਕੀਤਾ, ਧਰਮ ਦੀ ਅਸਲ ਭਾਵਨਾ ਨੂੰ ਸੇਵਾ ਵਿੱਚ ਜਿਉਂਦਾ ਕੀਤਾ ਅਤੇ ਵਾਤਾਵਰਣ ਦੀ ਰਾਖੀ ਲਈ ਆਵਾਜ਼ ਉਠਾਈ — ਅਜਿਹੀ ਬਹੁਪੱਖੀ ਸ਼ਖ਼ਸੀਅਤ ਤੋਂ ਵੱਧ ਕੋਈ ਹੋਰ ਰੋਲ ਮਾਡਲ ਨਹੀਂ ਹੋ ਸਕਦਾ।

ਮੁੱਖ ਪ੍ਰਬੰਧਕ ਗਗਨਦੀਪ ਸਿੰਘ ਵਿਰਕ ਨੇ ਦੱਸਿਆ ਕਿ ਸੰਸਥਾ ਕੋਲ ਭਗਤ ਪੂਰਨ ਸਿੰਘ ਜੀ ਵੱਲੋਂ ਆਪਣੇ ਹੱਥੀਂ ਲਿਖੇ ਗਏ 60 ਸਾਲ ਤੋਂ ਵੱਧ ਪੁਰਾਣੇ ਪੱਤਰ ਅੱਜ ਵੀ ਸੁਰੱਖਿਅਤ ਸੰਭਾਲੇ ਹੋਏ ਹਨ ਜੋ ਗੁਰਬਾਣੀ ਦੀ ਰੌਸ਼ਨੀ ਵਿੱਚ ਅੱਜ ਵੀ ਓਨੇ ਹੀ ਪ੍ਰਸੰਗਿਕ ਹਨ। ਉਹਨਾਂ ਦੱਸਿਆ ਕਿ ਸੰਸਥਾ ਆਪਣੇ ਵਿਰਾਸਤੀ ਅਜਾਇਬ ਘਰ ਵਿੱਚ ਭਗਤ ਜੀ ਨੂੰ ਸਮਰਪਿਤ ਇੱਕ ਵਿਸ਼ੇਸ਼ ਬਲਾਕ ਵੀ ਸਥਾਪਿਤ ਕਰੇਗੀ ਜਿੱਥੇ ਇਹ ਇਤਿਹਾਸਕ ਪੱਤਰ ਅਤੇ ਭਗਤ ਜੀ ਨਾਲ ਜੁੜੀਆਂ ਯਾਦਗਾਰੀ ਵਸਤਾਂ ਆਉਣ ਵਾਲੀਆਂ ਪੀੜ੍ਹੀਆਂ ਲਈ ਸੰਭਾਲੀਆਂ ਜਾਣਗੀਆਂ।ਡਾਇਰੈਕਟਰ ਮਨਪ੍ਰੀਤ ਕੌਰ ਵਿਰਕ ਨੇ ਕਿਹਾ ਕਿ ਭਗਤ ਪੂਰਨ ਸਿੰਘ ਜੀ ਦੀ ਵਿਰਾਸਤ ਪਿੰਗਲਵਾੜੇ ਤੋਂ ਪਾਰ ਵੀ — ਹੁਣ ਤੁਗਲਵਾਲਾ ਦੀਆਂ ਕਲਾਸਾਂ ਵਿੱਚ, ਬੱਚਿਆਂ ਦੇ ਹੱਥਾਂ ਵਿੱਚ ਫੜੀਆਂ ਟਰੋਫੀਆਂ ਵਿੱਚ ਅਤੇ ਉਹਨਾਂ ਦੁਆਰਾ ਚੁੱਕੀ ਸਹੁੰ ਵਿੱਚ ਜ਼ਿੰਦਾ ਹੈ — ਅਤੇ ਜ਼ਿੰਦਾ ਰਹੇਗੀ।ਦੂਸਰਾ ਸਮਾਗਮ — ਬਾਬਾ ਆਇਆ ਸਿੰਘ ਰਿਆੜਕੀ ਕਾਲਜ ਤੁਗਲਵਾਲਾ ਵਿਖੇ ਨਾਟਕਾਂ ਦੀ ਗੂੰਜ ਅਤੇ ਜੈਵਿਕ ਖੇਤੀ ਦੀ ਸੇਵਾ ਸ਼ਤਾਬਦੀ ਦੀ ਇਸ ਲੜੀ ਦਾ ਦੂਸਰਾ ਅਤੇ ਓਨਾ ਹੀ ਭਾਵਪੂਰਤ ਸਮਾਗਮ ਬਾਬਾ ਆਇਆ ਸਿੰਘ ਰਿਆੜਕੀ ਕਾਲਜ ਤੁਗਲਵਾਲਾ ਵਿਖੇ ਆਯੋਜਿਤ ਕੀਤਾ ਗਿਆ। ਪਿੰਗਲਵਾੜਾ ਸੰਸਥਾ ਦੀ ਨਾਟਕ ਮੰਡਲੀ ਨੇ ਹਵਾ, ਧਰਤੀ ਅਤੇ ਪਾਣੀ ਦੇ ਸੰਕਟ ਵਰਗੇ ਡੂੰਘੇ ਮਸਲਿਆਂ ਨੂੰ ਬਹੁਤ ਹੀ ਕਲਾਤਮਕ ਅਤੇ ਗੰਭੀਰ ਢੰਗ ਨਾਲ ਮੰਚ ਉੱਤੇ ਪੇਸ਼ ਕੀਤਾ। ਕਾਲਜ ਦੇ ਛੋਟੇ ਵਿਦਿਆਰਥੀਆਂ ਨੇ ਵੀ ਇਸ ਮੌਕੇ ਬਹੁਤ ਭਾਵਪੂਰਵਕ ਇਕਾਂਗੀਆਂ ਅਤੇ ਨਾਟਕ ਖੇਡ ਕੇ ਸਭ ਨੂੰ ਮੋਹ ਲਿਆ। ਨਾਟਕਾਂ ਵਿੱਚ ਵਾਤਾਵਰਣ ਵਿਨਾਸ਼ ਦੇ ਦਰਦ ਨੂੰ ਜਿਸ ਤਾਕਤ ਨਾਲ ਪੇਸ਼ ਕੀਤਾ ਗਿਆ ਉਸ ਨੇ ਸਮੁੱਚੇ ਮਾਹੌਲ ਨੂੰ ਝੰਜੋੜ ਦਿੱਤਾ ਅਤੇ ਸਾਰੇ ਹਾਜ਼ਰੀਨ ਨੇ ਇਹਨਾਂ ਕਲਾਕਾਰਾਂ ਦੀ ਭਰਪੂਰ ਸ਼ਲਾਘਾ ਕੀਤੀ।

ਇਸ ਮੌਕੇ ਵਿਦਿਆਰਥੀਆਂ ਨੇ ਪ੍ਰਣ ਲਿਆ ਕਿ ਉਹ ਹਵਾ, ਧਰਤੀ ਅਤੇ ਪਾਣੀ ਦੀ ਰੱਖਿਆ ਕਰਨਗੇ, ਪਲਾਸਟਿਕ ਦੀ ਇਸ ਧਰਤੀ-ਨਾਸ਼ੂ ਬਿਮਾਰੀ ਨੂੰ ਨਹੀਂ ਫੈਲਣ ਦੇਣਗੇ, ਆਪਣੇ ਮਾਤਾ-ਪਿਤਾ ਨੂੰ ਬਾਜ਼ਾਰੋਂ ਖ਼ਰੀਦੋ-ਫ਼ਰੋਖ਼ਤ ਕਰਨ ਵੇਲੇ ਕੱਪੜੇ ਦੇ ਬਣੇ ਝੋਲੇ ਵਰਤਣ ਲਈ ਪ੍ਰੇਰਿਤ ਕਰਨਗੇ ਅਤੇ ਆਪ ਵੀ ਇਹਨਾਂ ਦੀ ਵਰਤੋਂ ਕਰਨਗੇ।

ਇਨ੍ਹਾਂ ਦੋਵੇਂ ਸਮਾਗਮਾਂ ਨੇ ਇੱਕ ਗੱਲ ਸਾਫ਼ ਕਰ ਦਿੱਤੀ ਕਿ ਭਗਤ ਪੂਰਨ ਸਿੰਘ ਜੀ ਦੀ ਸੇਵਾ, ਸਾਹਿਤ, ਧਰਮ ਅਤੇ ਵਾਤਾਵਰਣ ਪ੍ਰੇਮ ਦੀ ਚੌਹਰੀ ਵਿਰਾਸਤ ਰਿਆੜਕੀ ਸੰਸਥਾ ਦੀ ਰੂਹ ਵਿੱਚ ਵੱਸਦੀ ਹੈ ਅਤੇ ਉਹ ਇਸ ਵਿਰਾਸਤ ਦਾ ਦੀਵਾ ਹਰ ਘਰ, ਹਰ ਮਨ ਅਤੇ ਹਰ ਆਉਣ ਵਾਲੀ ਪੀੜ੍ਹੀ ਵਿੱਚ ਜਗਾਉਣ ਦੇ ਸੰਕਲਪ ਨਾਲ ਅੱਗੇ ਵਧਦੀ ਰਹੇਗੀ।

# ਮੁਫ਼ਤ ਦੀ ਚੀਜ਼ ਸਭ ਤੋਂ ਮਹਿੰਗੀ..



# ਸਮੇਂ ਤੋਂ ਪਹਿਲਾਂ ਚੁਕਾਓ ਘਰ-ਕਰਜ਼



ਰਤਨ ਕੁਮਾਰ ਦੀ ਉਮਰ 32 ਸਾਲ ਹੈ। ਉਸ ਨੇ 20 ਸਾਲ ਲਈ 50 ਲੱਖ ਰੁਪਏ ਦਾ ਕਰਜ਼ ਲਿਆ ਹੈ। ਹੁਣ ਉਸ ਦੀਆਂ ਵਿਆਜ ਦਰਾਂ 10 ਫ਼ੀਸਦੀ ਹਨ ਅਤੇ ਉਹ ਹਰ ਮਹੀਨੇ 48 ਹਜ਼ਾਰ ਰੁਪਏ ਦੀ ਈਐੱਮਆਈ ਚੁਕਾ ਰਿਹਾ ਹੈ। ਉਸ ਦੀ ਤਨਖ਼ਾਹ ਇਕ ਲੱਖ ਰੁਪਏ ਹੈ। ਹੁਣੇ ਜਿਹੇ ਰਤਨ ਨੂੰ ਪੰਜ ਲੱਖ ਰੁਪਏ ਬੋਨਸ ਮਿਲਿਆ ਹੈ। ਉਸ ਦੇ ਹਰ ਮਹੀਨੇ ਦੀ ਤਨਖ਼ਾਹ 'ਚ ਈਐੱਮਆਈ ਦਾ ਬਹੁਤ ਵੱਡਾ ਹਿੱਸਾ ਹੈ। ਇਸ ਲਈ ਰਤਨ ਯੂਰਪ ਦੀ ਟ੍ਰਿਪ ਜਾਂ ਨਵੀਂ ਕਾਰ ਖ਼ਰੀਦਣ ਦੇ ਸੁਪਨੇ ਨੂੰ ਪੂਰਾ ਨਹੀਂ ਕਰ ਪਾ ਰਿਹਾ। ਉਸ ਨੂੰ ਇਹ ਵੀ ਪਤਾ ਹੈ ਕਿ ਉਹ ਆਪਣੀ ਰਿਟਾਇਰਮੈਂਟ ਲਈ ਪੈਸੇ ਨਹੀਂ ਬਚਾ ਪਾ ਰਿਹਾ ਹੈ।

### ਸੁਪਨਾ ਪੂਰਾ ਕਰੀਏ ਜਾਂ ਘਰ-ਕਰਜ਼ ਚੁਕਾਈਏ

ਕਈ ਲੋਕਾਂ ਲਈ ਕਰਜ਼-ਮੁਕਤ ਘਰਾਂ 'ਚ ਰਹਿਣਾ ਭਾਵਨਾਤਮਕ ਤੌਰ 'ਤੇ ਚੰਗਾ ਹੁੰਦਾ ਹੈ। ਸਿੰਘ ਨੇ ਹੁਣ ਪੰਜ ਸਾਲ ਦਾ ਕਰਜ਼ ਚੁਕਾ ਦਿੱਤਾ ਹੈ। ਘਰ ਖ਼ਰੀਦਣ 'ਚ ਉਸ ਨੇ ਆਪਣੀਆਂ ਸਾਰੀਆਂ ਸੇਵਿੰਗ ਖ਼ਤਮ ਕਰ ਦਿੱਤੀਆਂ ਹਨ। ਉਸ ਦੀ ਖ਼ਰੀਦ ਤੋਂ ਬਾਅਦ ਹਾਊਸਿੰਗ ਬਾਜ਼ਾਰ 'ਚ ਮੰਦੀ ਆ ਗਈ। ਉਸ ਦੇ ਘਰ ਦੀ ਕੀਮਤ ਹੁਣ 20 ਫ਼ੀਸਦੀ ਘੱਟ ਹੋ ਚੁੱਕੀ ਹੈ। ਤਿੰਨ ਸਾਲ ਪਹਿਲਾਂ ਉਸਦੀ ਕੰਪਨੀ 'ਚ ਕਾਫ਼ੀ ਕਰਮਚਾਰੀਆਂ ਨੂੰ ਕੱਢਿਆ ਵੀ ਗਿਆ ਸੀ। ਉਸ ਸਮੇਂ ਉਸ ਦੀ ਨੌਕਰੀ ਨਹੀਂ ਗਈ। ਜੇ ਅਜਿਹਾ ਹੁੰਦਾ ਤਾਂ ਨਾ ਸਿਰਫ਼ ਉਸ ਨੂੰ ਹਰ ਮਹੀਨੇ ਪੈਸਾ ਨਾ ਮਿਲਦਾ ਬਲਕਿ ਈਐੱਮਆਈ ਨਾ ਭਰਨ ਦੇ ਕਾਰਨ ਘਰ ਵੀ ਚਲਾ ਜਾਂਦਾ।

ਇਸ ਪਰੇਸ਼ਾਨੀ ਕਾਰਨ ਹੁਣ ਉਹ ਸੋਚ ਰਿਹਾ ਹੈ ਕਿ ਉਸ ਨੂੰ ਬੋਨਸ ਨਾਲ ਘਰ-ਕਰਜ਼ ਚੁਕਾਉਣਾ ਚਾਹੀਦਾ ਸੀ ਨਾ ਕਿ ਨਿਵੇਸ਼ ਕਰਨਾ ਚਾਹੀਦਾ ਸੀ। ਜ਼ਿਆਦਾ ਵਧੀਆ ਇਹ ਹੁੰਦਾ ਕਿ ਉਹ ਇਸ ਰਕਮ ਨੂੰ ਇਨ੍ਹਾਂ ਤਿੰਨ ਉਦੇਸ਼ਾਂ ਲਈ ਵੰਡ ਲੈਂਦਾ। ਹਰ ਆਦਮੀ ਦੀ ਜ਼ਰੂਰਤ ਲਈ ਇਹ ਰਕਮ ਵੱਖ ਹੋ ਸਕਦੀ ਹੈ। ਕੁਝ ਲੋਕਾਂ ਲਈ ਘਰ-ਕਰਜ਼ ਚੁਕਾਉਣਾ ਚੰਗਾ ਨਹੀਂ ਹੋ ਸਕਦਾ ਕਿਉਂਕਿ ਪੂਰਾ ਪੈਸਾ ਇਕ ਜਗ੍ਹਾ ਜਾ ਰਿਹਾ ਹੈ ਜੇ ਉਹ ਅਜਿਹਾ ਕਰਦੇ ਹਨ ਤਾਂ ਬੱਚਿਆਂ ਦੀ ਸਿੱਖਿਆ, ਕਾਰ ਖ਼ਰੀਦਣ ਜਾਂ ਉਨ੍ਹਾਂ ਦੇ ਦੂਜੇ ਸੁਪਨਿਆਂ 'ਤੇ ਸੰਕਟ ਆ ਸਕਦਾ ਹੈ।

*ਜੇ ਤੁਹਾਡੇ ਕੋਲ ਜ਼ਿਆਦਾ ਪੈਸਾ ਹੈ ਤਾਂ ਕੀ ਇਸ ਨਾਲ ਤੁਹਾਨੂੰ ਆਪਣਾ ਮੌਜੂਦਾ ਘਰ-ਕਰਜ਼ ਚੁਕਾਉਣਾ ਚਾਹੀਦਾ ਹੈ ਜਾਂ ਇਸ ਨੂੰ ਦੂਜੇ ਵਿੱਤੀ ਤੱਤਾਂ 'ਚ ਨਿਵੇਸ਼ ਕਰਨਾ ਚਾਹੀਦਾ ਹੈ...*

### ਘਰ-ਕਰਜ਼ 'ਤੇ ਟੈਕਸ ਦਾ ਫ਼ਾਇਦਾ

ਜੇ ਘਰ 'ਚ ਤੁਸੀ ਖ਼ੁਦ ਰਹਿ ਰਹੇ ਹੋ ਤਾਂ ਤੁਹਾਨੂੰ ਸਾਲਾਨਾ ਸੈਕਸ਼ਨ 24 ਦੇ ਤਹਿਤ ਦੋ ਲੱਖ ਦਾ ਫ਼ਾਇਦਾ ਮਿਲੇਗਾ। ਜੇ ਕੋਈ ਜ਼ਿਆਦਾ ਟੈਕਸ ਬ੍ਰੈਕੇਟ 'ਚ ਹੈ ਤਾਂ ਉਸ ਦਾ ਸਾਲਾਨਾ 60 ਹਜ਼ਾਰ ਰੁਪਏ ਟੈਕਸ ਬਚੇਗਾ। ਪਹਿਲੀ ਵਾਰ ਘਰ ਖ਼ਰੀਦਣ ਵਾਲੇ ਲੋਕਾਂ ਨੂੰ ਸੈਕਸ਼ਨ 80-ਈਈ ਦੇ ਤਹਿਤ 50 ਹਜ਼ਾਰ ਦਾ ਜ਼ਿਆਦਾ ਫ਼ਾਇਦਾ ਮਿਲਦਾ ਹੈ। ਇਹ ਛੂਟ ਦੋ ਲੱਖ ਰੁਪਏ ਤੋਂ ਉੱਪਰ ਮਿਲੇਗੀ। ਈਐੱਮਆਈ 'ਤੇ ਸੈਕਸ਼ਨ 80-ਸੀ ਦੇ ਤਹਿਤ ਮੂਲ ਰਕਮ 'ਤੇ 1.5 ਲੱਖ ਦੀ ਛੋਟ ਵੀ ਮਿਲਦੀ ਹੈ। ਹਾਲਾਂਕਿ ਇਸ ਸੈਕਸ਼ਨ ਤਹਿਤ ਪੀਪੀਐੱਫ, ਈਐੱਲਐੱਮਐੱਸ ਅਤੇ ਮਿਊਚਲ ਫੰਡ 'ਚ ਨਿਵੇਸ਼ ਕੀਤਾ ਜਾ ਸਕਦਾ ਹੈ। ਈਐੱਮਆਈ ਘਟਾਓ ਜਾਂ ਕਰਜ਼ ਦਾ ਸਮਾਂ ਮੰਨ ਲਓ ਰਤਨ ਆਪਣੇ ਘਰ-ਕਰਜ਼ 'ਚ ਦੋ ਲੱਖ ਰੁਪਏ ਜਮ੍ਹਾਂ ਕਰਨ ਦੀ ਯੋਜਨਾ ਬਣਾਉਂਦਾ ਹੈ। ਜੇ ਉਹ ਕਰਜ਼ ਦਾ ਸਮਾਂ ਨਹੀਂ ਘਟਾਉਂਦਾ ਤਾਂ ਉਸ ਦੀ ਈਐੱਮਆਈ 2 ਹਜ਼ਾਰ ਤੋਂ ਘੱਟ ਜਾਵੇਗੀ। ਹਾਲਾਂਕਿ ਈਐੱਮਆਈ ਉੱਥੇ ਰਹਿੰਦੀ ਹੈ ਅਤੇ ਉਹ ਸਮਾਂ ਘਟਾਉਂਦਾ ਹੈ ਤਾਂ ਉਸ ਦੇ ਕਰਜ਼ ਦਾ ਸਮਾਂ 20 ਸਾਲ ਤੋਂ ਘੱਟ ਕੇ 18 ਸਾਲ ਹੋ ਜਾਵੇਗਾ। ਹਮੇਸ਼ਾ ਈਐੱਮਆਈ ਦੇ ਘਟਣ ਨਾਲ ਬਦਲੇ ਦੇ ਸਮੇਂ 'ਚ ਕਮੀ ਕਰਵਾਉਣੀ ਚਾਹੀਦੀ ਹੈ। ਇਸ ਤੋਂ ਬਾਅਦ ਤੁਹਾਡੇ ਕੋਲ ਹਰ ਮਹੀਨੇ ਖ਼ਰਚ ਕਰਨ ਲਈ ਘੱਟ ਰਕਮ ਹੋਵੇਗੀ ਤੁਹਾਡੇ ਲਈ ਇਹ ਫ਼ਾਇਦੇਮੰਦ ਹੋਵੇਗਾ।

# ਕਰਜ਼ ਦਰਾਂ ਘਟਣ ਨਾਲ ਹੋਵੇਗਾ ਵੱਡਾ ਅਸਰ

ਨੋਟਬੰਦੀ ਦੇ ਕਈ ਮਹੀਨਿਆਂ ਬਾਅਦ ਰੀਅਲ ਅਸਟੇਟ 'ਚ ਆਸ਼ਾ ਦੀਆਂ ਕਿਰਨਾਂ ਦਿਖਾਈ ਦੇ ਰਹੀਆਂ ਹਨ। ਪਿਛਲੇ ਦਿਨਾਂ 'ਚ ਦੇਸ਼ ਦੇ ਵੱਡੇ ਬੈਂਕਾਂ ਨੇ ਘਰ-ਕਰਜ਼ ਦੀਆਂ ਦਰਾਂ ਇਕ ਚੌਥਾਈ ਫ਼ੀਸਦੀ ਘਟਾ ਕੇ 8.35 ਫ਼ੀਸਦੀ ਕਰ ਦਿੱਤੀਆਂ ਹਨ। ਕੁਝ ਦਿਨਾਂ ਬਾਅਦ ਦੇਸ਼ ਦੀ ਸਭ ਤੋਂ ਵੱਡੀ ਹਾਊਸਿੰਗ ਫਾਈਨਾਂਸ ਕੰਪਨੀ ਨੇ ਵੀ ਦਰਾਂ ਘਟਾ ਦਿੱਤੀਆਂ ਹਨ। ਬੈਂਕ ਨੇ ਘਰ ਖ਼ਰੀਦਣ ਲਈ ਔਰਤਾਂ ਲਈ 8.35 ਫ਼ੀਸਦੀ ਅਤੇ ਦੂਜਿਆਂ ਲਈ 8.4 ਫ਼ੀਸਦੀ ਦੀ ਦਰ ਨਾਲ ਘਰ-ਕਰਜ਼ ਦੇਣ ਦਾ ਫ਼ੈਸਲਾ ਕੀਤਾ ਹੈ। ਇਸ ਤੋਂ ਬਾਅਦ ਆਈਸੀਆਈਸੀਆਈ ਅਤੇ ਐਕਸਿਸ ਬੈਂਕ ਨੇ ਵੀ 30 ਲੱਖ ਰੁਪਏ ਤਕ ਦੇ ਘਰ-ਕਰਜ਼ ਦੀਆਂ ਦਰਾਂ ਘਟਾ ਕੇ 8.35 ਫ਼ੀਸਦੀ ਕਰ ਦਿੱਤੀਆਂ ਹਨ।

**• 35 ਲੱਖ ਤੋਂ ਘੱਟ ਦੇ ਘਰਾਂ ਦੇ ਵਿਕਰੀ**

ਸਾਡੇ ਅੰਕੜਿਆਂ ਦੇ ਵਿਸ਼ਲੇਸ਼ਣ ਤੋਂ ਪਤਾ ਲਗਦਾ ਹੈ ਕਿ ਪਿਛਲੇ ਸਾਲ ਸੱਤ 'ਚੋਂ ਚਾਰ ਵੱਡੇ ਸ਼ਹਿਰਾਂ 'ਚ 35 ਲੱਖ ਤੋਂ ਘੱਟ ਦੇ ਘਰਾਂ ਦੀ ਜ਼ਿਆਦਾਤਰ ਵਿੱਕਰੀ ਹੋਈ ਹੈ। ਇਹ ਟ੍ਰੈਂਡ ਮੈਟ੍ਰੋ ਦੇ ਨਾਲ ਛੋਟੇ ਸ਼ਹਿਰਾਂ 'ਚ ਵੀ ਦਿਖਾਈ ਦਿੱਤਾ ਹੈ।



**• 75 ਲੱਖ ਤੋਂ ਘੱਟ ਦੇ ਬਜਟ ਵਾਲੇ ਗਾਹਕਾਂ ਲਈ ਵੀ ਘਰ-ਕਰਜ਼ ਦੀਆਂ ਦਰਾਂ ਘੱਟ ਹਨ।**

### ਰੇਰਾ ਨਾਲ ਵਧੇਗਾ ਵਿਸ਼ਵਾਸ

ਇਸ ਨਾਲ ਦੇਸ਼ ਦੇ ਰੇਜ਼ੀਡੈਂਸ਼ੀਅਲ ਬਾਜ਼ਾਰ 'ਚ ਰਿਕਵਰੀ ਦੇ ਸੰਕੇਤ ਮਿਲਦੇ ਹਨ। ਰੀਅਲ ਅਸਟੇਟ 'ਚ ਕਈ ਸਾਲਾਂ ਤੋਂ ਵਿਸ਼ਵਾਸ ਦੀ ਕਮੀ ਹੈ। ਹੁਣ ਇਹ ਸੈਕਟਰ ਪਾਰਦਰਸ਼ੀ ਹੋਣੇ ਚਾਹੀਦੇ ਹਨ। ਰੇਰਾ ਦੇ ਬਣਨ ਨਾਲ ਘਰ ਖ਼ਰੀਦਣ ਵਾਲੇ ਗਾਹਕਾਂ 'ਚ ਵਿਸ਼ਵਾਸ ਪੈਦਾ ਹੋਇਆ ਹੈ। ਹੁਣ ਦੇਸ਼ 'ਚ ਕਈ ਰਾਜ ਸਰਕਾਰਾਂ ਇਸ ਕਾਨੂੰਨ ਨੂੰ ਲਾਗੂ ਕਰਨ 'ਚ ਲੱਗੀਆਂ ਹਨ। ਜੇ ਸਾਰੇ ਮਿਲ ਕੇ ਘੱਟ ਕੰਮ ਕਰਨਗੇ ਤਾਂ ਇਸ ਨਾਲ ਗਾਹਕਾਂ ਦਾ ਵਿਸ਼ਵਾਸ ਵਧੇਗਾ ਅਤੇ ਸੈਕਟਰ 'ਚ ਵੀ ਮਜ਼ਬੂਤੀ ਆਵੇਗੀ। ਸਸਤੇ ਘਰਾਂ ਦੇ ਪ੍ਰਾਜੈਕਟ ਦੀ ਲਾਂਚਿੰਗ ਨਾਲ ਸੈਂਟੀਮੈਂਟ 'ਚੋ ਹੋਰ ਸੁਧਾਰ ਹੋਇਆ ਹੈ।

*ਸਾਲ 2017, ਘਰ ਖ਼ਰੀਦਣ ਵਾਲਿਆਂ ਅਤੇ ਰੀਅਲ ਅਸਟੇਟ ਲਈ ਨਵੀਂ ਕਿਰਨ ਲੈ ਕੇ ਆਇਆ ਹੈ। ਨੋਟਬੰਦੀ ਤੋਂ ਬਾਅਦ ਜਦ ਸਰਕਾਰੀ ਬੈਂਕਾਂ ਨੇ ਘਰ-ਕਰਜ਼ ਦੀਆਂ ਦਰਾਂ ਘਟਾ ਦਿੱਤੀਆਂ ਸਨ ਤਾਂ ਲੱਗਾ ਕਿ ਇਹ ਲੋਕਾਂ ਦੇ ਗੁੱਸੇ ਨੂੰ ਘੱਟ ਕਰੇਗਾ...*

### ਘਰ ਦਾ ਸੁਪਨਾ

ਹੁਣੇ ਜਿਹੇ ਦੇਸ਼ ਦੀ ਆਰਥਿਕ ਸਥਿਤੀ 'ਚ ਵੀ ਸੁਧਾਰ ਹੋਇਆ ਹੈ। ਭਾਰਤ ਦੀ ਆਰਥਿਕ ਸਥਿਤੀ 7.1 ਫ਼ੀਸਦੀ ਦੀ ਦਰ ਤੋਂ ਅੱਗੇ ਵਧੇਗੀ। ਕੱਚੇ ਤੇਲ ਦੀਆਂ ਮੰਗਾਂ ਨਿਯੰਤਰਿਤ ਹਨ ਅਤੇ ਮਹਿੰਗਾਈ ਦਰ ਵੀ ਘਟ ਰਹੀ ਹੈ। 2015 ਦੇ ਮੱਧ 'ਚ ਸਰਕਾਰ ਨੇ 2022 ਤਕ ਸਾਰਿਆਂ ਲਈ ਘਰ ਪ੍ਰੋਗਰਾਮ ਦਾ ਐਲਾਨ ਕੀਤਾ ਸੀ। ਅੰਕੜਿਆਂ ਮੁਤਾਬਕ ਸ਼ਹਿਰਾਂ 'ਚ 1.87 ਕਰੋੜ ਦਰਾਂ ਦੀ ਕਮੀ ਹੈ। ਦੋ ਸਾਲ ਬਾਅਦ ਹੁਣ ਬਾਜ਼ਾਰ 'ਚ ਸਥਿਤੀ ਸੁਧਾਰਨ ਦੇ ਸੰਕੇਤ ਮਿਲ ਰਹੇ ਹਨ। 2002 ਅਤੇ 2009 'ਚ ਵੀ ਦਰਾਂ ਘੱਟ ਹੋਣ ਨਾਲ ਘਰਾਂ ਦੀ ਖ਼ਰੀਦ 'ਚ ਵਾਧਾ ਆਇਆ ਸੀ, ਉਸ ਸਮੇਂ ਵਿਆਜ ਦਰਾਂ ਅੱਠ ਫ਼ੀਸਦੀ ਦੀ ਸਤ੍ਹਾ 'ਤੇ ਪਹੁੰਚ ਗਈਆਂ ਸੀ।

### ਨਵੇਂ ਦੌਰ ਦੀ ਸ਼ੁਰੂਆਤ

ਬੈਂਕਾਂ ਦੀਆਂ ਦਰਾਂ ਘਟਣ ਨਾਲ ਰੀਅਲ ਅਸਟੇਟ ਸੈਕਟਰ 'ਚ ਨਵੇਂ ਦੌਰ ਦੀ ਸ਼ੁਰੂਆਤ ਹੋਵੇਗੀ। ਇਹ ਸਰਕਾਰ ਦੇ ਸੁਧਾਰਾਂ ਨਾਲ ਖ਼ਰੀਦਦਾਰਾਂ ਦੇ ਵੱਧਦੇ ਵਿਸ਼ਵਾਸ ਦਾ ਪ੍ਰਤੀਕ ਹੈ। ਇਹ ਛੋਟ ਸਰਕਾਰ ਦੇ ਸਸਤੇ ਘਰਾਂ ਦੀ ਯੋਜਨਾ ਨੂੰ ਵਧਾਉਣ ਦੀ ਇਕ ਪਹਿਲ ਹੈ। ਦਰਾਂ 'ਚ ਕਟੌਤੀ ਨਾਲ ਘੱਟ ਆਮਦਨ ਵਾਲੇ ਲੋਕਾਂ ਨੂੰ ਫ਼ਾਇਦਾ ਹੋਵੇਗਾ।

# ਫ਼ਾਇਦੇਮੰਦ ਹੈ ਈਪੀਐੱਫਓ ਸੰਗਠਨ

**ਨਵਦੀਪ ਸਿੰਘ (ਐਡਵੋਕੇਟ)**

ਕਰਮਚਾਰੀ ਭਵਿੱਖ ਨਿਧੀ ਐਕਟ 1952 ਭਾਰਤ ਵਿਚ ਜੰਮੂ-ਕਸ਼ਮੀਰ ਰਾਜ ਨੂੰ ਛੱਡ ਕੇ ਭਾਰਤ ਦੇ ਹਰ ਰਾਜ ਵਿਚ ਲਾਗੂ ਹੈ। ਇਹ ਐਕਟ 187 ਤਰ੍ਹਾਂ ਦੀਆਂ ਫੈਕਟਰੀਆਂ, ਪ੍ਰਾਈਵੇਟ ਕੰਪਨੀਆਂ ਅਤੇ ਸੰਸਥਾਵਾਂ 'ਤੇ ਲਾਗੂ ਹੈ, ਜਿਸਦੀ ਲਿਸਟ (ਸ਼ਡਿਊਲ ਇਕ) ਵਿਭਾਗ ਦੀ ਵੈੱਬਸਾਈਟ 'ਤੇ ਵੇਖੀ ਜਾ ਸਕਦੀ ਹੈ। ਇਹ ਸੰਗਠਨ ਦੁਆਰਾ ਪ੍ਰਬੰਧਤ ਤਿੰਨ ਸਮਾਜਿਕ ਸੁਰੱਖਿਆ ਯੋਜਨਾਵਾਂ, ਵੱਡੇ ਉਦਯੋਗ, ਲਘੂ ਅਤੇ ਮਾਧਿਅਮ ਉਦਯੋਗਾਂ ਨਾਲ ਸਬੰਧਤ ਕਰਮਚਾਰੀਆਂ ਲਈ ਹੈ। ਔਰਤ ਕਰਮਚਾਰੀਆਂ ਨੂੰ ਪੁਰਸ਼ਾਂ ਕਰਮਚਾਰੀਆਂ ਬਰਾਬਰ ਸੁਵਿਧਾਵਾਂ ਹਨ। ਸੰਖੇਪ 'ਚ ਇਹ ਐਕਟ ਹਰ ਨਿੱਜੀ ਖੇਤਰ ਦੀ ਕੰਪਨੀ ਜਾਂ ਸੰਸਥਾ 'ਤੇ ਲਾਗੂ ਹੈ ਜਿੱਥੇ 20 ਜਾਂ ਇਸ ਤੋਂ ਵੱਧ ਵਰਕਰ, ਕਰਮਚਾਰੀ ਕੰਮ ਕਰਦੇ ਹਨ।

### ਐਕਟ ਦੀ ਪ੍ਰਸੰਗਿਕਤਾ

ਕਰਮਚਾਰੀ ਭਵਿੱਖ ਨਿਧੀ ਅਤੇ ਫੁਟਕਲ ਪ੍ਰਬੰਧ ਐਕਟ 1952 ਹਰ ਉਹ ਫੈਕਟਰੀ 'ਤੇ ਲਾਗੂ ਹੈ ਜੋ ਕੇਂਦਰ ਸਰਕਾਰ ਦੀ ਉਦਯੋਗ ਸ਼ਡਿਊਲ ਇਕ ਸੂਚੀ ਵਿਚ ਆਉਂਦੀ ਹੈ। ਇਸ ਲਈ ਹਰ ਇਕ ਪ੍ਰਾਈਵੇਟ ਕੰਪਨੀ, ਸਕੂਲ, ਟ੍ਰਾਂਸਪੋਰਟ, ਸਕਿਓਰਿਟੀ ਏਜੰਸੀਆਂ, ਠੇਕੇਦਾਰ ਜਿਸ ਕੋਲ 20 ਤੋਂ ਵੱਧ ਵਰਕਰ ਕੰਮ ਕਰਦੇ ਹੋਣ ਜਾਂ ਕਿਸੇ ਵੀ ਸਮੇਂ ਕਰਦੇ ਰਹੇ ਹੋਣ ਉਸ ਨੂੰ ਵਰਕਰਾਂ ਦਾ ਪ੍ਰਾਈਡੈਂਟ ਫੰਡ ਕਟਾਉਣਾ ਜ਼ਰੂਰੀ ਹੈ। ਕੇਂਦਰ ਸਰਕਾਰ ਆਪਣੇ ਗਜ਼ਟ ਨੋਟੀਫਿਕੇਸ਼ਨ ਜਾਰੀ ਕਰਕੇ 20 ਤੋਂ ਘੱਟ ਵਰਕਰ ਦੀ ਸੂਰਤ 'ਚ ਇਹ ਐਕਟ ਕਿਸੇ ਵੀ ਫੈਕਟਰੀ ਜਾਂ ਸੰਸਥਾ 'ਤੇ ਲਾਗੂ ਕਰ ਸਕਦੀ ਹੈ।

ਕਰਮਚਾਰੀ ਭਵਿੱਖ ਨਿਧੀ ਅਤੇ ਫੁਟਕਲ ਐਕਟ 1952 ਦੇ ਸੈਕਸ਼ਨ 16 ਅਤੇ 17 ਅਨੁਸਾਰਪ੍ਰਾਵੀਡੈਂਟ ਫੰਡ ਐਕਟ 1952 ਤੋਂ ਛੋਟ

ਕਰਮਚਾਰੀ ਭਵਿੱਖ ਨਿਧੀ ਫੰਡ ਦੀ ਕਟੌਤੀ ਤੋਂ ਫੈਕਟਰੀ ਜਾਂ ਸੰਸਥਾ ਨੂੰ ਛੋਟ ਮਿਲ ਸਕਦੀ ਹੈ। ਜੇ ਸਰਕਾਰ ਨੂੰ ਤਸੱਲੀ ਹੋਵੇ ਕਿ-

- **ਕੰਪਨੀ ਦੀ ਮਾਲੀ ਹਾਲਤ ਚੰਗੀ ਹੈ।**
- **ਕੰਪਨੀ ਆਪਣੇ ਵਰਕਰਾਂ ਨੂੰ ਪ੍ਰਾਵੀਡੈਂਟ ਫੰਡ ਅਤੇ ਪੈਨਸ਼ਨ ਦੀ ਸਹੂਲਤ ਸਰਕਾਰ ਨਾਲੋਂ ਵਧੀਆ ਦੇ ਸਕਦੀ ਹੈ।**

ਉਪਰੋਕਤ ਧਾਰਾਵਾਂ ਦੇ ਤਹਿਤ ਛੋਟ ਦਾ ਮਕਸਦ ਵਰਕਰਾਂ, ਕਰਮਚਾਰੀਆਂ ਨੂੰ ਬਿਹਤਰ ਸਮਾਜਿਕ ਸੁਰੱਖਿਆ ਦੇਣਾ ਹੈ। ਉਦਾਹਰਨ ਦੇ ਤੌਰ 'ਤੇ ਐੱਚਡੀਐੱਫਸੀ, ਟਾਟਾ ਜਾਂ ਵੱਡੀਆਂ ਕੰਪਨੀਆਂ ਦਾ ਆਪਣਾ ਖ਼ੁਦ ਦਾ ਪੀਐੱਫ ਟਰੱਸਟ ਹੁੰਦਾ ਹੈ। ਉਨ੍ਹਾਂ ਕੰਪਨੀਆਂ ਨੂੰ ਖ਼ੁਦ ਦਾ ਟਰੱਸਟ ਬਣਾਉਣ ਦੀ ਆਗਿਆ ਪਿੱਛੇ ਤਰਕ ਫੰਡ ਦਾ ਕੁਸ਼ਲ ਪ੍ਰਬੰਧਨ ਅਤੇ ਕਲੇਮ ਜਲਦੀ ਸੈਟਲ ਹੋਣਾ ਹੈ। ਜੇ ਐਕਟ ਤੋਂ ਛੋਟ ਪ੍ਰਾਪਤ ਕੰਪਨੀ ਵਰਕਰਾਂ ਨੂੰ ਸੰਤੁਸ਼ਟੀਜਨਕ ਸਮਾਜਿਕ ਸੁਰੱਖਿਆ ਨਹੀਂ ਦੇ ਰਹੀ ਹੈ ਤਾਂ ਕੇਂਦਰ ਸਰਕਾਰ ਗਜ਼ਟ ਨੋਟੀਫਿਕੇਸ਼ਨ ਦੁਆਰਾ ਇਹ ਛੋਟ ਕਤਮ ਕਰ ਸਕਦਾ ਹੈ।

**ਈਪੀਐੱਫ ਐਕਟ ਹੇਠ ਲਿਖੀਆਂ ਸੰਸਥਾਵਾਂ 'ਤੇ ਲਾਗੂ ਨਹੀਂ ਹੁੰਦਾ-**

*ਕਰਮਚਾਰੀ ਭਵਿੱਖ ਨਿਧੀ ਸੰਗਠਨ ਵਿਸ਼ਵ ਦੇ ਵੱਡੇ ਨਾਗਰਿਕ ਸਮਾਜਿਕ ਸੁਰੱਖਿਆ ਪ੍ਰਦਾਨ ਕਰਨ ਵਾਲੇ ਸੰਗਠਨਾਂ 'ਚੋਂ ਇਕ ਹੈ। ਇਸ ਸੰਗਠਨ ਦੀ ਸਥਾਪਨਾ 1952 'ਚ ਪਾਰਲੀਮੈਂਟ 'ਚ ਪਾਸ ਕੀਤੇ 'ਕਰਮਚਾਰੀ ਭਵਿੱਖ ਨਿਧੀ ਤੇ ਫੁਟਕਲ ਪ੍ਰਬੰਧ ਐਕਟ 1952' ਦੁਆਰਾ ਹੋਈ। ਇਸ ਐਕਟ ਨੂੰ ਪਾਸ ਕਰਨ ਦਾ ਮੁੱਖ ਮੰਤਵ ਭਾਰਤੀ ਸੰਵਿਧਾਨ ਤਹਿਤ ਨਿਰਦੇਸ਼ਾਂ ਦੀ ਪਾਲਣਾ ਕਰਨਾ ਅਤੇ ਲਾਗੂ ਕਰਨਾ ਹੈ...*



### ਸਰਕਾਰੀ ਸੰਗਠਨ-ਕੰਪਨੀਆਂ

**ਜੋ ਕੰਪਨੀ ਜਾਂ ਸੰਸਥਾਵਾਂ ਕੇਂਦਰ ਸਰਕਾਰ ਜਾਂ ਰਾਜ ਸਰਕਾਰ ਨਾਲ ਸਬੰਧਤ ਹਨ ਅਤੇ ਉਸ ਦੇ ਕਰਮਚਾਰੀ ਆਪਣੀ ਪੀਪੀਐੱਫ ਫੰਡ ਅਤੇ ਪੈਨਸ਼ਨ ਫੰਡ ਦਾ ਲਾਭ ਸਰਕਾਰ ਕੋਲ ਲੈ ਰਹੇ ਹਨ ਉਹ ਸਰਕਾਰੀ ਅਦਾਰਿਆਂ 'ਤੇ ਈਪੀਐੱਫ ਐਕਟ ਲਾਗੂ ਨਹੀਂ ਹੁੰਦਾ। ਉਦਾਹਰਨ- ਪੰਜਾਬ ਪੁਲਿਸ, ਸਰਕਾਰੀ ਵਿਭਾਗ ਆਦਿ।**

### ਕਿਸੇ ਖ਼ਾਸ ਐਕਟ ਤਹਿਤ ਕੰਪਨੀ ਕਾਰਪੋਰੇਸ਼ਨ ਦਾ ਗਠਨ

ਜੇ ਸਰਕਾਰ ਨੇ ਕਿਸੇ ਖ਼ਾਸ ਐਕਟ ਤਹਿਤ ਕੰਪਨੀ ਜਾਂ ਕਾਰਪੋਰੇਸ਼ਨ ਦਾ ਗਠਨ ਕੀਤਾ ਹੈ ਅਤੇ ਉਸੇ ਐਕਟ ਤਹਿਤ ਕੰਪਨੀ ਦੇ ਕਰਮਚਾਰੀਆਂ ਦੇ ਪ੍ਰਾਵੀਡੈਂਟ ਫੰਡ ਅਤੇ ਪੈਨਸ਼ਨ ਦੀ ਵਿਵਸਥਾ ਕੀਤੀ ਗਈ ਹੈ, ਤਾਂ ਇਹ ਈਪੀਐੱਫ ਐਕਟ ਉਸ ਕੰਪਨੀ-ਕਾਰਪੋਰੇਸ਼ਨ 'ਤੇ ਲਾਗੂ ਨਹੀਂ ਹੁੰਦਾ ਹੈ। ਉਦਾਹਰਨ- ਐੱਲਆਈਸੀ ਐਕਟ ਤਹਿਤ ਲਾਇਫ ਇੰਸ਼ੋਰੈਂਸ ਕਾਰਪੋਰੇਸ਼ਨ ਦਾ ਗਠਨ ਅਤੇ ਰਿਜ਼ਰਵ ਬੈਂਕ ਆਫ ਇੰਡੀਆ ਐਕਟ ਤਹਿਤ ਰਿਜ਼ਰਵ ਬੈਂਕ ਦਾ ਗਠਨ ਆਦਿ। ਇਨ੍ਹਾਂ ਅਦਾਰਿਆਂ ਕੋਲ ਖ਼ੁਦ ਦੇ ਪ੍ਰਾਵੀਡੈਂਟ ਫੰਡ ਅਤੇ ਪੈਨਸ਼ਨ ਫਾਂਡ ਸਬੰਧੀ ਪ੍ਰਬੰਧ ਅਤੇ ਰੂਲ ਹਨ।

### ਕੋਆਪ੍ਰੇਟਿਵ ਸੁਸਾਇਟੀ

***ਕੋਈ ਵੀ ਕੋਆਪ੍ਰੇਟਿਵ ਸੁਸਾਇਟੀ ਜੋ ਕੋਆਪ੍ਰੇਟਿਵ ਸੁਸਾਇਟੀ ਐਕਟ 1912 ਤਹਿਤ ਰਜਿਸਟਰੇਸ਼ਨ ਹੈ ਜਿਸ ਵਿਚ 50 ਤੋਂ ਘੱਟ ਕਰਮਚਾਰੀ ਕੰਮ ਕਰਦੇ ਹਨ ਅਤੇ ਜਿਸ ਵਿਚ ਬਿਜਲੀ ਤੋਂ ਬਿਨਾ ਕੰਮ ਹੁੰਦਾ ਹੈ। ਉਸ 'ਤੇ ਪੀਐੱਫ ਐਕਟ ਲਾਗੂ ਨਹੀਂ ਹੁੰਦਾ ਹੈ, ਜਿਵੇਂ ਖੇਤੀਬਾੜੀ ਕੋਆਪ੍ਰੇਟਿਵ ਸੁਸਾਇਟੀ ਆਦਿ।***

**ਵਾਸਤੂ-ਸ਼ਾਸਤਰ**

# ਵਾਸੂਤ ਮੁਤਾਬਕ ਰੱਖੋ ਮਕਾਨ ਦੀ ਉਚਾਈ

*ਵਾਸਤੂ ਅਨੁਸਾਰ ਉਸਾਰੀ ਅਧੀਨ ਕਿਸੇ ਵੀ ਬਹੁਮੰਜ਼ਿਲੇ ਮਕਾਨ ਦੀ ਉਚਾਈ ਕਿੰਨੀ ਹੋਣੀ ਚਾਹੀਦੀ ਹੈ ਇਸ ਦਾ ਪੂਰਾ ਧਿਆਨ ਰੱਖਿਆ ਜਾਣਾ ਚਾਹੀਦਾ ਹੈ...*

ਵਾਸਤੂ ਅਨੁਸਾਰ ਜੇ ਮਕਾਨ ਦੀ ਉਸਾਰੀ ਕਰੋ ਤਾਂ ਭਵਿੱਖ 'ਚ ਆਉਣ ਵਾਲੀਆਂ ਪਰੇਸ਼ਾਨੀਆਂ ਤੋਂ ਬਚਿਆ ਜਾ ਸਕਦਾ ਹੈ।

ਮਕਾਨ 'ਚ ਚਾਰ-ਦੀਵਾਰੀ ਦੀ ਉਸਾਰੀ ਕਰਦੇ ਸਮੇਂ ਸਦਾ ਧਿਆਨ ਰਖੋ ਕਿ ਦੱਖਣ ਪੱਛਮ ਦਿਸ਼ਾ ਦੀ ਚਾਰ-ਦੀਵਾਰੀ ਉੱਤਰ ਅਤੇ ਪੂਰਬ ਦਿਸ਼ਾ ਦੇ ਮੁਕਾਬਲਤਨ ਮੋਟੀ ਅਤੇ ਉੱਚੀ ਰੱਖੋ। ਜੇ ਮਕਾਨ 'ਚ ਉਸਾਰੀ ਕਾਰਜ ਪੜਾਵਾਂ 'ਚ ਮੁਕੰਮਲ ਕਰਨ ਦੀ ਯੋਜਨਾ ਹੈ ਤਾਂ ਵਾਸਤੂ ਸ਼ਾਸਤਰ ਦੇ ਨਿਯਮਾਂ ਅਨੁਸਾਰ ਕਰਾਓ। ਵਾਸਤੂ ਅਨੁਸਾਰ ਸਭ ਤੋਂ ਪਹਿਲਾਂ ਪੱਛਮ ਜਾਂ ਦੱਖਣ ਦਿਸ਼ਾ 'ਚ ਉਸਾਰੀ ਦਾ ਕੰਮ ਸ਼ੁਰੂ ਕਰਾਓ।

### ਮਕਾਨ ਦੀ ਉਚਾਈ

ਵਾਸਤੂ ਅਨੁਸਾਰ ਕਿਸੇ ਮਕਾਨ ਦੀ ਉਚਾਈ ਕਿੰਨੀ ਹੋਣੀ ਚਾਹੀਦੀ ਹੈ ਇਸ ਦਾ ਪੂਰਾ ਧਿਆਨ ਰੱਖਿਆ ਜਾਣਾ ਚਾਹੀਦਾ। ਉਚਾਈ ਦਾ ਹਿਸਾਬ ਕੱਢਣ ਲਈ ਮਕਾਨ ਦੀ ਚੌੜਾਈ ਦੇ 16 ਵੇਂ ਹਿੱਸੇ 'ਚ ਚਾਰ ਹੱਥ, 96 ਉਂਗਲ ਜੋੜ ਕੇ ਜਿੰਨਾ ਯੋਗ ਹੋਵੇ ਉਸ ਦੇ ਬਰਾਬਰ ਹੋਣੀ ਚਾਹੀਦੀ। ਜੇ ਬਹੁਮੰਜ਼ਿਲੀ ਮਕਾਨ ਦੀ ਯੋਜਨਾ ਹੋਵੇ ਤਾਂ ਪਹਿਲੀ ਉਚਾਈ 'ਚੋਂ12ਵਾਂ ਹਿੱਸਾ ਘੱਟ ਕਰਕੇ ਦੂਜੀ ਮੰਜ਼ਿਲ ਦੀ ਉਚਾਈ ਰੱਖੋ। ਇਹ ਤਰਤੀਬ ਤੀਜੀ ਅਤੇ ਕ੍ਰਮਵਾਰ ਚੌਥੀ ਮੰਜ਼ਿਲ ਲਈ ਵੀ ਰੱਖੋ। ਤੀਜੀ ਮੰਜ਼ਿਲ ਲਈ ਦੂਜੀ ਮੰਜ਼ਿਲ ਨਾਲੋਂ 12 ਵਾਂ ਮਾਨ ਘੱਟ ਕਰੋ। ਹਰੇਕ ਮੰਜ਼ਿਲ ਲਈ ਇਹ ਬਰਾਬਰ ਕ੍ਰਮ ਉਚਾਈ ਲਈ ਹੈ। ਜੇ ਇਸ ਕ੍ਰਮ ਤੋਂ 4, 312, 3 ਹੱਥ ਜੋੜ ਦਿਓ ਤਾਂ ਇਹ ਉਚਾਈ ਉਤਮ, ਦਰਮਿਆਨੀ, ਛੋਟੀ ਤਿੰਨ ਤਰ੍ਹਾਂ ਦੀ ਹੋਵੇਗੀ। ਜੇ ਇਹ ਕ੍ਰਮ ਵੀ ਲੜੀਵਾਰ- 4 ਹੱਥ 'ਚ 20, 18,16 ਉਂਗਲ ਅਤੇ 312 ਅਤੇ 3 ਹੱਥ 'ਚ 27,21,15 ਉਂਗਲ ਹੋਰ ਜੋੜੋ ਤਾਂ ਉਤਮ, ਦਰਿਆਨੀ ਅਤੇ ਛੋਟੀ ਉਚਾਈ ਦੇ ਤਿੰਨ ਤਿੰਨ ਹੋਰ ਹੋ ਜਾਣਗੇ। ਇਸ ਤਰ੍ਹਾਂ ਕੁਲ 12 ਰਦੇ ਹੋਣਗੇ। ਇਨ੍ਹਾਂ 'ਚ 8ਵਾਂ ਅਤੇ 10ਵਾਂ ਰਦਾ ਬਰਾਬਰ ਹੋਣ ਨਾਲ 11 ਰਦੇ ਹੀ ਮੰਨੇ ਜਾਣਗੇ। ਭਵਨ 'ਚ ਉਚਾਈ ਦਾ ਹਿਸਾਬ ਇਸ ਤਰੀਕੇ ਤੋਂ ਹੀ ਰੱਖਣਾ ਸ਼ੁੱਭ ਹੁੰਦਾ ਹੈ।



# ਜਦੋਂ ਈਐੱਮਆਈ ਨਾ ਭਰ ਸਕੋ

*ਜੇ ਕਿਸੇ ਕਾਰਨ ਤੁਸੀਂ ਈਐੱਮਆਈ ਨਾ ਚੁਕਾ ਸਕੋ ਤਾਂ ਬੈਂਕ ਵਾਲੇ ਤੁਹਾਨੂੰ ਪਰੇਸ਼ਾਨ ਕਰਨ ਲਗਦੇ ਹਨ। ਇਸ ਲਈ ਸਮੇਂ 'ਤੇ ਈਐੱਮਆਈ ਭਰਨਾ ਜ਼ਰੂਰੀ ਹੈ। ਜੇ ਤੁਸੀਂ ਇਹ ਅਦਾ ਨਹੀਂ ਕਰਦੇ ਤਾਂ ਤੁਹਾਡੇ ਕੋਲ ਕੁਝ ਸਾਧਨ ਹੁੰਦੇ ਹਨ ਜਿਨ੍ਹਾਂ ਦੀ ਭਰਪਾਈ ਕਰ ਸਕਦੇ ਹੋ...*

ਸ਼ਿਖਾ ਨੇ ਸਾਲ 2011 'ਚ ਇਕ ਕਰਜ਼ ਲਿਆ ਸੀ। ਇਸ ਤੋਂ ਬਾਅਦ ਉਸ ਦਾ ਵਿਆਹ ਹੋ ਗਿਆ ਅਤੇ ਉਸ ਨੇ ਨੌਕਰੀ ਛੱਡ ਦਿੱਤੀ। ਬੈਂਕ ਉਸ ਤਕ ਕਿਸੇ ਕਾਰਨ ਸੰਪਰਕ ਨਹੀਂ ਕਰ ਸਕਿਆ ਅਤੇ ਉਸ ਨੇ ਕਰਜ਼ਾ ਡਿਫਾਲਟ ਕਰ ਦਿੱਤਾ। ਹੁਣ ਉਸ ਕੋਲ ਕੀ ਸਾਧਨ ਹੈ? ਬੈਂਕ ਨੇ ਉਸ ਨੂੰ ਪਰੇਸ਼ਾਨ ਕਰਨਾ ਸ਼ੁਰੂ ਕਰ ਦਿੱਤਾ ਹੈ।

ਸ਼ਿਖਾ ਦੀ ਜਗ੍ਹਾ ਤੁਸੀ ਵੀ ਹੋ ਸਕਦੇ ਹੋ। ਤੁਸੀਂ ਕਰਜ਼ ਲੈ ਰੱਖਿਆ ਹੈ ਅਤੇ ਤੁਹਾਡੀ ਨੌਕਰੀ ਚਲੀ ਗਈ ਹੈ। ਤੁਹਾਨੂੰ ਦੂਜੀ ਨੌਕਰੀ ਉਨੀ ਹੀ ਤਨਖ਼ਾਹ 'ਤੇ ਮਿਲਣ 'ਚ ਪਰੇਸ਼ਾਨੀ ਆ ਰਹੀ ਹੈ। ਅਜਿਹਾ ਵੀ ਹੋ ਸਕਦਾ ਹੈ ਕਿ ਤੁਹਾਡੇ ਕੋਲ ਕਰਜ਼ 'ਤੇ ਕੋਈ ਇੰਸ਼ੋਰੈਂਸ ਵੀ ਨਾ ਹੋਵੇ। ਜੇ ਤੁਹਾਡੇ ਨਾਲ ਅਜਿਹਾ ਕੁਝ ਹੁੰਦਾ ਹੈ ਤਾਂ ਕੁਝ ਸਾਧਨ ਹਨ।

### ਘਬਰਾਓ ਨਾ

ਅਜਿਹੀ ਸਥਿਤੀ 'ਚ ਬਿਲਕੁਲ ਨਾ ਘਬਰਾਓ। ਬੈਂਕ ਕੋਲ ਅਜਿਹੇ ਕਈ ਗਾਹਕ ਹੁੰਦੇ ਹਨ, ਜਿਨ੍ਹਾਂ ਨੇ ਡਿਫਾਲਟ ਕੀਤਾ ਹੈ। ਅਜਿਹਾ ਨਹੀਂ ਹੈ ਕਿ ਤੁਸੀਂ ਇਕੱਲੇ ਹੋ। ਦੂਜੇ ਪਾਸੇ ਬੈਂਕ ਅਜਿਹੀ ਸਥਿਤੀ 'ਚ ਤੁਹਾਡੀ ਮਦਦ ਲਈ ਤਿਆਰ ਰਹਿੰਦਾ ਹੈ।

### ਪੇਪਰ ਤਿਆਰ ਕਰਨ ਤੋਂ ਬਾਅਦ ਬੈਂਕ ਨਾਲ ਗੱਲ ਕਰੋ

ਆਪਣੀਆਂ ਸਾਰੀਆਂ ਈਐੱਮਆਈ ਪੇਮੈਂਟ ਦੀ ਜਾਣਕਾਰੀ ਦੇ ਨਾਲ ਇਕ ਫਾਈਲ ਬਣਾਓ। ਇਸ 'ਚ ਬੈਂਕ ਦਾ ਨੋਟਿਸ, ਕਰਜ਼ ਦੀ ਜਾਣਕਾਰੀ, ਸਮਾਂ, ਵਿਆਜ ਅਤੇ ਈਐੱਮਆਈ ਦੀ ਜਾਣਕਾਰੀ ਵੀ ਦਿਓ। ਬੈਂਕ ਨੂੰ ਇਕਦਮ ਸਹੀ ਜਾਣਕਾਰੀ ਦਿਓ ਕਿ ਤੁਸੀ ਕਰਜ਼ ਕਿਉਂ ਨਹੀਂ ਚੁਕਾ ਪਾਏ। ਉਨ੍ਹਾਂ ਨੂੰ ਕਹੋ ਕਿ ਤੁਸੀ ਉਨ੍ਹਾਂ ਦਾ ਕਰਜ਼ਾ ਚੁਕਾਉਣਾ ਚਾਹੁੰਦੇ ਹੋ। ਇਸ ਲਈ ਬੈਂਕ ਤੋਂ ਤਰੀਕੇ ਪੁੱਛੋ। ਇਸ ਤੋਂ ਬਾਅਦ ਬੈਂਕ ਵੱਲੋਂ ਤੁਹਾਨੂੰ ਇਕ ਈ-ਮੇਲ ਮਿਲੇਗਾ, ਜਿਸ 'ਚ ਤੁਹਾਡੇ ਤੋਂ ਪੂਰੀ ਜਾਣਕਾਰੀ ਮੰਗੀ ਜਾਵੇਗੀ। ਇਹ ਸਭ ਦੇਣ ਤੋਂ ਬਾਅਦ ਬੈਂਕ ਦੇ ਅਧਿਕਾਰੀ ਤੁਹਾਡੇ ਨਾਲ ਸੰਪਰਕ ਕਰਨਗੇ।



### ਸਾਧਨ ਚੁਣੋ

ਕੀ ਬੈਂਕ ਤੁਹਾਡੀ ਕਾਰ ਜਾਂ ਘਰ ਨੂੰ ਜ਼ਬਤ ਕਰ ਸਕਦਾ ਹੈ? ਕਾਨੂੰਨੀ ਤੌਰ 'ਤੇ ਅਜਿਹਾ ਹੋ ਸਕਦਾ ਹੈ। ਪਰ ਤੁਹਾਨੂੰ ਇਸ ਬਾਰੇ ਚਿੰਤਾ ਕਰਨ ਦੀ ਜ਼ਰੂਰਤ ਨਹੀਂ ਹੈ। ਜ਼ਬਤੀ ਦੀ ਪ੍ਰਕਿਰਿਆ ਬਹੁਤ ਲੰਬੀ ਹੁੰਦੀ ਹੈ। ਇੰਨੀ ਲੰਬੀ ਪ੍ਰਕਿਰਿਆ ਵਿਚਕਾਰ ਤੁਸੀ ਬੈਂਕ ਨਾਲ ਡੀਲ ਕਰ ਸਕਦੇ ਹੋ। ਜੇ ਤੁਸੀ ਸਮੇਂ 'ਤੇ ਸਾਰੇ ਈਐੱਮਆਈ ਚੁਕਾਈ ਹੈ ਤਾਂ ਬੈਂਕ ਤੁਹਾਨੂੰ ਸਹੀ ਗਾਹਕ ਮੰਨੇਗਾ ਅਤੇ ਪਰੇਸ਼ਾਨੀ ਤੋਂ ਬਾਹਰ ਨਿਕਲਣ ਦੇ ਤਰੀਕੇ ਵੀ ਦੱਸੇਗਾ।

### ਵਧੀਆ ਸਾਧਨ

• ਕਰਜ਼ ਸੀਮਾ ਵਧਾ ਲਓ

ਜੇ ਈਐੱਮਆਈ 10 ਹਜ਼ਾਰ ਦੀ ਹੈ ਅਤੇ ਜ਼ਿਆਦਾ ਲਗ ਰਿਹਾ ਹੈ ਤਾਂ ਬੈਂਕ ਇਹ ਰਕਮ ਘਟਾ ਕੇ ਤੁਹਾਨੂੰ ਕਰਜ਼ ਦੀ ਸਮਾਂ ਸੀਮਾ ਵਧਾ ਦਵੇਗੀ। ਅਜਿਹੇ 'ਚ ਈਐੱਮਆਈ ਘੱਟ ਜਾਵੇਗੀ ਅਤੇ ਭਾਰ ਘੱਟ ਹੋ ਜਾਵੇਗਾ ਪਰ ਕੁਲ ਪੇਮੈਂਟ ਵੱਧ ਜਾਵੇਗੀ।

• ਪੇਮੈਂਟ ਅੱਗੇ ਵਧਾ ਦਿਓ

ਪਰੇਸ਼ਾਨੀ ਇਹ ਵੀ ਹੋ ਸਕਦੀ ਹੈ ਕਿ ਤੁਸੀਂ ਪੇਮੈਂਟ ਹੀ ਨਾ ਕਰ ਸਕੋ। ਜੇ ਤੁਹਾਨੂੰ ਉਮੀਦ ਹੈ ਕਿ ਕੁਝ ਸਮੇਂ 'ਚ ਨੌਕਰੀ ਮਿਲ ਜਾਵੇਗੀ ਅਤੇ ਦੁਬਾਰਾ ਘਰ ਦੀ ਈਐੱਮਆਈ ਭਰ ਸਕੋਗੇ ਤਾਂ ਤੁਸੀ ਬੈਂਕ ਤੋਂ ਥੋੜ੍ਹੇ ਦਿਨ ਲਈ ਪੇਮੈਂਟ ਨੂੰ ਰੋਕਣ ਲਈ ਕਹਿ ਸਕਦੇ ਹੋ। ਬੈਂਕ ਤੁਹਾਨੂੰ ਰਾਹਤ ਦਿੰਦੇ ਹੋਏ ਥੋੜ੍ਹੀ ਮੋਹਲਤ ਦੇ ਸਕਦਾ ਹੈ। ਅਜਿਹੇ 'ਚ ਤੁਹਾਡੀ ਈਐੱਮਆਈ ਸ਼ੁਰੂ ਤਾਂ ਹੋ ਜਾਵੇਗੀ, ਪਰ ਲੇਟ ਪੇਮੈਂਟ ਦੀ ਸਜਾ ਲੱਗੇਗੀ। ਜੇ ਤੁਹਾਡੇ ਚੈੱਕ ਬਾਊਂਸ ਹੁੰਦੇ ਹਨ ਤਾਂ ਇਸ ਲਈ ਵੀ ਸਜਾ ਭਾਵ ਪੈਨਲਟੀ ਲਗਾਈ ਜਾ ਸਕਦੀ ਹੈ।

• ਜੇ ਤੁਸੀਂ ਕਰਜ਼ ਚੁਕਾ ਹੀ ਨਾ ਸਕੋ

• ਅਜਿਹੀ ਸਥਿਤੀ 'ਚ ਬੈਂਕ ਤੁਹਾਡੀ ਪ੍ਰਾਪਰਟੀ ਜ਼ਬਤ ਕਰ ਲਵੇਗਾ ਅਤੇ 15-30 ਦਿਨ 'ਚ ਇਸ ਦੀ ਨਿਲਾਮੀ ਹੋ ਜਾਵੇਗੀ। ਜੇ ਇਸ ਵਿਚਕਾਰ ਤੁਸੀ ਪੈਸਿਆਂ ਦਾ ਇਤਜ਼ਾਮ ਕਰ ਸਕੋ ਤਾਂ ਤੁਸੀ ਆਪਣੀ ਪ੍ਰਾਪਰਟੀ ਫਿਰ ਤੋਂ ਖ਼ਰੀਦ ਸਕੋਗੇ।

• ਕੋਸ਼ਿਸ਼ ਕਰੋ ਕਿ ਤੁਹਾਡੇ ਸਾਹਮਣੇ ਅਜਿਹੀ ਸਥਿਤੀ ਹੀ ਨਾ ਆਵੇ। ਇਸ ਦਾ ਇਕ ਤਰੀਕਾ ਇਹ ਹੈ ਕਿ ਇਸ ਲਈ ਹਮੇਸ਼ਾ ਤਿਆਰ ਰਹੋ। ਆਮ ਤੌਰ 'ਤੇ ਤੁਹਾਨੂੰ ਇਕ ਐਮਰਜੈਂਸੀ ਫੰਡ ਬਣਾਉਣਾ ਚਾਹੀਦਾ ਹੈ। ਇਸ ਫੰਡ 'ਚ ਛੇ ਮਹੀਨੇ ਤੋਂ ਲੈ ਕੇ ਦੋ ਸਾਲ ਤਕ ਦਾ ਖ਼ਰਚ ਹੋਣਾ ਚਾਹੀਦਾ ਹੈ। ਇਸ ਦਾ ਇਸਤੇਮਾਲ ਸਿਰਫ਼ ਐਮਰਜੈਂਸੀ ਵਰਗੇ ਸਮੇਂ 'ਚ ਹੀ ਕਰੋ।



# ਵਿਦੇਸ਼ੀ ਪੜ੍ਹਾਈ ਲਈ ਹੈਲਥ ਕਵਰ

ਜੇ ਤੁਸੀਂ ਵਿਦੇਸ਼ ਪੜ੍ਹਨ ਜਾ ਰਹੇ ਹੋ ਜਾਂ ਆਪਣੇ ਬੱਚੇ ਨੂੰ ਭੇਜ ਰਹੇ ਹੋ ਤਾਂ ਸਿਹਤ ਨਾਲ ਸਬੰਧਤ ਕੁਝ ਗੱਲਾਂ 'ਤੇ ਜ਼ਰੂਰ ਧਿਆਨ ਦਿਓ ਤਾਂ ਕਿ ਬੱਚੇ ਨੂੰ ਵਿਦੇਸ਼ 'ਚ ਗੰਭੀਰ ਸਮੱਸਿਆ ਨਾ ਆਵੇ।

ਜੇ ਯੂਨੀਵਰਸਿਟੀ ਤੋਂ ਹੈਲਥ ਕਵਰ ਖ਼ਰੀਦਣਾ ਲਾਜ਼ਮੀ ਨਹੀਂ ਹੈ ਤਾਂ ਇਸ ਤੋਂ ਛੋਟ ਦੀ ਮੰਗ ਕਰ ਸਕਦੇ ਹੋ। ਖ਼ਾਸ ਤੌਰ 'ਤੇ ਜੇ ਤੁਸੀ ਡਿਪੈਂਡੈਂਟ ਤੌਰ 'ਤੇ ਪਹਿਲਾਂ ਤੋਂ ਹੀ ਕਵਰਡ ਹੋ ਜਾਂ ਤੁਸੀ ਆਪਣੇ ਲਈ ਖ਼ੁਦ ਹੈਲਥ ਇੰਸ਼ੋਰੈਂਸ ਖ਼ਰੀਦਣਾ ਚਾਹੁੰਦੇ ਹੋ।

ਤੁਸੀਂ ਜਿਸ ਦੇਸ਼ 'ਚ ਪੜ੍ਹਨ ਜਾ ਰਹੇ ਹੋ ਉਥੋਂ ਦੀ ਕਿਸੇ ਕੰਪਨੀ 'ਚ ਮੈਡੀਕਲੇਮ ਖ਼ਰੀਦ ਸਕਦੇ ਹੋ ਜਾਂ ਉੱਥੇ ਜਾਣ ਤੋਂ ਪਹਿਲਾਂ ਕਿਸੇ ਭਾਰਤੀ ਇੰਸ਼ੋਰੈਂਸ ਕੰਪਨੀ ਦੀ ਪਾਲਿਸੀ ਲੈ ਸਕਦੇ ਹੋ। ਕਈ ਵਿਦਿਆਰਥੀ ਹੈਲਥ ਇੰਸ਼ੋਰੈਂਸ ਦੇ ਪ੍ਰੀਮੀਅਮ ਨੂੰ ਟਿਊਸ਼ਨ ਫੀਸ ਨਾਲ ਕਲੱਬ ਕਰਦੇ ਹਨ ਪਰ ਇਹ ਮੁਮਕਿਨ ਹੈ ਕਿ ਯੂਨੀਵਰਸਿਟੀ ਤੁਹਾਨੂੰ ਬੈਸਟ ਡੀਲ ਨਾ ਦੇ ਰਹੀ ਹੋਵੇ। ਇਸ ਲਈ ਮਾਰਕੀਟ 'ਚ ਪ੍ਰੀਮੀਅਮ ਅਤੇ ਦੂਜੇ ਫੀਚਰਾਂ ਦੀ ਤੁਲਨਾ ਕਰਨਾ ਠੀਕ ਰਹੇਗਾ। ਆਨਲਾਈਨ ਚੈਨਲ ਦੇ ਬਾਵਜੂਦ ਕਿਸੇ ਵਿਦੇਸ਼ੀ ਕੰਪਨੀ ਨਾਲ ਹੈਲਥ ਇੰਸ਼ੋਰੈਂਸ ਖ਼ਰੀਦਣਾ ਸੌਖਾ ਨਹੀਂ ਹੁੰਦਾ।

ਇਸ ਲਈ ਪਹਿਲਾਂ ਡੋਮੈਸਟਿਕ ਪਲਾਨ 'ਤੇ ਨਜ਼ਰ ਮਾਰਨ ਨਾਲ ਸ਼ੁਰੂਆਤ ਕਰਨੀ ਚਾਹੀਦੀ ਹੈ। ਐੱਮਆਈਟੀ ਅਤੇ ਸਟੈਨਫੋਰਡ ਵਰਗੀ ਯੂਨੀਵਰਸਿਟੀ ਲਈ ਹੈਲਥ ਇੰਸ਼ੋਰੈਂਸ ਪਲਾਨ ਉਨ੍ਹਾਂ ਦੀ ਗਾਈਡਲਾਈਨਜ਼ ਮੁਤਾਬਕ ਹੋਣਾ ਚਾਹੀਦਾ। ਜੇ ਪ੍ਰੀ-ਪੈਕਜਡ ਪਲਾਨ ਉਨ੍ਹਾਂ ਦੀਆਂ ਜ਼ਰੂਰਤਾਂ ਨਾਲ ਮੇਲ ਨਹੀਂ ਖਾਂਦਾ ਤਾਂ ਇੰਸ਼ੋਰੈਂਸ ਕੰਪਨੀਆਂ ਉਸ 'ਚ ਤਬਦੀਲੀ ਲਈ ਤਿਆਰ ਰਹਿੰਦੀਆਂ ਹਨ।

### ਕੀਮਤ ਦੀ ਤੁਲਨਾ ਕਰੋ

ਜੇ ਤੁਸੀਂ ਕਿਸੇ ਪੱਛਮੀ ਦੇਸ਼ 'ਚ ਪੜ੍ਹਾਈ ਕਰ ਰਹੇ ਹੋ ਤਾਂ ਤੁਹਾਡੇ ਲਈ ਯੂਨੀਵਰਸਿਟੀ ਦੀ ਪਾਲਸੀ ਡੋਮੈਸਟਿਕ ਕੰਪਨੀ ਦੇ ਮੁਕਾਬਲੇ ਕਾਫ਼ੀ ਮਹਿੰਗੀ ਪੈ ਸਕਦੀ ਹੈ। ਹਾਲਾਂਕਿ ਜੇ ਤੁਸੀ ਵਿਦੇਸ਼ ਲਈ ਪਾਲਿਸੀ ਲੈ ਰਹੇ ਹੋ ਤਾਂ ਨਿਯਮ ਬਦਲ ਜਾਂਦੇ ਹਨ। ਮਿਸਾਲ ਲਈ ਜੇ ਚਾਈਨਾ ਮੈਡੀਕਲ ਯੂਨੀਵਰਸਿਟੀ ਹੈਲਥ ਇੰਸ਼ੋਰੈਂਸ਼ ਪਲਾਨ ਲਈ 6,000 ਰੁਪਏ ਦਾ ਸਾਲਾਨਾ ਪ੍ਰੀਮੀਅਮ ਲੈਂਦੀ ਹੈ। ਇਸ ਲਈ ਕਿਸੇ ਭਾਰਤੀ ਬੀਮਾ ਕੰਪਨੀ ਦੀ ਸਕੀਮ 7,500 ਰੁਪਏ ਦੀ ਪਵੇਗੀ।

*ਤੁਸੀਂ ਵਿਦੇਸ਼ 'ਚ ਪੜ੍ਹਨ ਜਾ ਰਹੇ ਹੋ, ਇਸ ਲਈ ਕੈਸ਼ਲੈੱਸ ਸੁਵਿਧਾਵਾਂ, ਕੈਂਪਸ ਕੋਲ ਨੈੱਟਵਰਕ, ਹਸਪਤਾਲ, ਕਲੇਮ ਸੈਟਲਮੈਂਟ ਦੇ ਤਰੀਕੇ ਅਤੇ ਬੀਮਾ ਕੰਪਨੀ ਦੇ ਪਿਛਲੇ ਰਿਕਾਰਡ 'ਤੇ ਜ਼ੂਰਰ ਨਜ਼ਰ ਮਾਰੋ। ਭਾਰਤੀ ਇੰਸ਼ੋਰੈਂਸ ਕੰਪਨੀ ਦਾ ਪਲਾਨ ਵੀ ਵਿਚਾਰਿਆ ਜਾ ਸਕਦਾ ਹੈ...*

'ਚ ਉਸ ਨਾਲੋਂ ਬਿਹਤਰ ਹੋ ਸਕਦੀ ਹੈ। ਯੂਨੀਵਰਸਿਟੀ ਪਲਾਨ 'ਚ ਪ੍ਰੀ-ਐਗਜਿਸਟਿੰਗ ਕਵਰ ਵੀ ਸ਼ਾਮਲ ਹੁੰਦਾ ਹੈ। ਦੂਜਾ ਅਹਿਮ ਫੈਕਟਰ ਸਬ-ਲਿਮਿਟ ਅਤੇ ਡਿਡੈਕਟੇਬਲਜ਼ ਹੁੰਦੇ ਹਨ।

ਯੂਨੀਵਰਸਿਟੀ ਪਲਾਨ 'ਚ ਅਕਸਰ ਹਾਇਰ ਡਿਡਕਟੇਬਲ 500 ਡਾਲਰ ਜਾਂ 30,000 ਰੁਪਏ ਹਨ। ਭਾਰਤੀ ਇੰਸ਼ੋਰੈਂਸ ਕੰਪਨੀ ਲਈ ਇਸ ਦੀ ਸਬ-ਲਿਮਿਟ 100 ਡਾਲਰ ਜਾਂ 6,000 ਰੁਪਏ ਹੈ। ਇਸ ਦਾ ਮਤਲਬ ਇਹ ਹੈ ਕਿ ਜੇ ਤੁਸੀਂ ਹਸਪਤਾਲ 'ਚ ਭਰਤੀ ਹੋ ਅਤੇ ਬਿਲ 1600 ਜਾਂ 96,000 ਰੁਪਏ ਆਉਂਦਾ ਹੈ, ਤਾਂ ਯੂਨੀਵਰਸਿਟੀ ਪਲਾਨ ਸਿਰਫ 1,100 ਜਾਂ 66,000 ਰੁਪਏ ਦਾ ਹੀ ਭੁਗਤਾਨ ਕਰੇਗਾ। ਇਸ ਮਾਮਲੇ 'ਚ ਭਾਰਤੀ ਕੰਪਨੀ 1,500 ਡਾਲਰ ਜਾਂ 90,000 ਰੁਪਏ ਦਾ ਭੁਗਤਾਨ ਕਰੇਗੀ।

ਹਾਲਾਂਕਿ ਸਿਰਫ ਕੀਮਤ ਦੇ ਆਧਾਰ 'ਤੇ ਕੋਈ ਪਾਲਿਸੀ ਨਾ ਖਰੀਦੋ। ਕਵਰ ਸਾਈਜ਼ ਅਤੇ ਦੂਜੇ ਬੈਨੀਫਿਟ ਦਾ ਮੁਕਾਬਲਾ ਕਰਨ ਪਿੱਛੋਂ ਹੀ ਪਾਲਿਸੀ ਖਰੀਦਣ ਦਾ ਫੈਸਲਾ ਕਰਨਾ ਚਾਹੀਦਾ ਹੈ।

### ਧਿਆਨਯੋਗ ਨੁਕਤੇ

ਤੁਸੀਂ ਵਿਦੇਸ਼ 'ਚ ਪੜ੍ਹਨ ਜਾ ਰਹੇ ਹੋ, ਇਸ ਲਈ ਕੈਸ਼ਲੈਸ ਫੈਸਿਲਟੀ, ਕੈਂਪਸ ਕੋਲ ਨੈਟਵਰਕ ਹਸਪਤਾਲ,ਕਲੇਮ ਸੈਟਲਮੈਂਟ ਦੇ ਤਰੀਕੇ ਅਤੇ ਬੀਮਾ ਕੰਪਨੀ ਦੇ ਪਿਛਲੇ ਰਿਕਾਰਡ 'ਤੇ ਜ਼ਰੂਰ ਨਜ਼ਰ ਮਾਰੋ।

ਭਾਰਤੀ ਇੰਸ਼ੋਰੈਂਸ ਕੰਪਨੀ ਦਾ ਪਲਾਨ ਬੇਸ਼ੱਕ ਸਸਤਾ ਪੈਂਦਾ ਹੈ, ਪਰ ਯੂਨੀਵਰਸਿਟੀ ਦੀ ਪਾਲਿਸੀ ਇਨ੍ਹਾਂ ਮਾਮਲਿਆਂ



# ਪਟਿਆਲਾ ਨੂੰ ਹੜ੍ਹਾਂ ਤੋਂ ਮਿਲੇਗੀ ਪੱਕੀ ਰਾਹਤ, ਵੱਡੀ ਨਦੀ ਦੇ ਬੰਨ੍ਹ ਮਜ਼ਬੂਤ ਕਰਕੇ ਕੰਢਿਆਂ 'ਤੇ ਬੂਟੇ ਲਗਾਏ ਜਾਣਗੇ: ਡਾ. ਬਲਬੀਰ ਸਿੰਘ

## ➢ ਸਿਹਤ ਮੰਤਰੀ ਵੱਲੋਂ ਪਟਿਆਲਾ ਦਿਹਾਤੀ ਹਲਕੇ 'ਚ ਵਿਕਾਸ ਕੰਮਾਂ ਦਾ ਜਾਇਜ਼ਾ ➢ ਤ੍ਰਿਪੜੀ 'ਚ ਸੜਕਾਂ ਬਣਾਉਣ ਤੇ ਪਿੰਡ ਹਿਆਣਾ ਕਲਾਂ ਦੇ ਛੱਪੜ ਦਾ ਮਸਲਾ ਹੱਲ ਕਰਨ ਦੇ ਨਿਰਦੇਸ਼

**ਪਟਿਆਲਾ, 18 ਮਈ**
**-ਅਮਰਜੀਤ ਸਿੰਘ ਲਾਂਬਾ-**
**-ਕੌਮੀ ਪੱਤ੍ਰਿਕਾ ਬਿਊਰੋ-**



ਸਿਹਤ ਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਪਟਿਆਲਾ ਦੇ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਤੇ ਹੋਰ ਅਧਿਕਾਰੀਆਂ ਨਾਲ ਬੈਠਕ ਕਰਦੇ ਹੋਏ।

ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਦੱਸਿਆ ਹੈ ਕਿ ਪੰਜਾਬ ਸਰਕਾਰ ਵੱਲੋਂ ਪਟਿਆਲਾ ਨੂੰ ਹੜ੍ਹਾਂ ਤੋਂ ਪੱਕੀ ਰਾਹਤ ਦਿਵਾਉਣ ਦੀ ਯੋਜਨਾ ਉਪਰ ਤੇਜੀ ਨਾਲ ਕੰਮ ਕੀਤਾ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਦੌਲਤਪੁਰ ਤੋਂ ਲੈਕੇ ਡਕਾਲਾ ਰੋਡ ਤੱਕ ਵੱਡੀ ਨਦੀ ਦੇ ਬੰਨ੍ਹ ਮਜ਼ਬੂਤ ਕਰਨ ਸਮੇਤ ਡਕਾਲਾ ਰੋਡ ਤੋਂ ਘੱਗਰ ਤੱਕ 4 ਕਿਲੋਮੀਟਰ ਲੰਬਾਈ ਨੂੰ ਵੀ ਹੋਰ ਡੂੰਘਾ ਕਰਕੇ ਇਸ ਦੀ ਪਾਣੀ ਲਿਜਾਣ ਦੀ ਸਮਰੱਥਾ ਵਧਾਈ ਜਾ ਰਹੀ ਹੈ।

ਡਾ. ਬਲਬੀਰ ਸਿੰਘ, ਅੱਜ ਇੱਥੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਸਮੇਤ ਹੋਰ ਜ਼ਿਲ੍ਹਾ ਅਧਿਕਾਰੀਆਂ ਨਾਲ ਬੈਠਕ ਕਰ ਰਹੇ ਸਨ। ਸਿਹਤ ਮੰਤਰੀ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਰਵਿਦਾਸ ਜੀ ਦੇ 650 ਸਾਲਾ ਜਨਮ ਦਿਨ ਦੇ ਸਬੰਧ ਵਿੱਚ ਇਕੱਲੇ ਪਟਿਆਲਾ ਜ਼ਿਲ੍ਹੇ ਵਿੱਚ ਹੀ 6.5 ਲੱਖ ਬੂਟੇ ਲਾਏ ਜਾਣੇ ਹਨ, ਜਿਸ ਵਿੱਚੋਂ ਵੱਡੀ ਗਿਣਤੀ ਬੂਟੇ ਵੱਡੀ ਨਦੀ ਦੇ ਬੰਨ੍ਹ ਮਜ਼ਬੂਤ ਕਰਕੇ ਇਸਦੇ ਕਿਨਾਰਿਆਂ 'ਤੇ ਲਗਾਏ ਜਾਣ ਦੀ ਤਜਵੀਜ਼ ਹੈ, ਜਿਸ ਲਈ ਜੰਗਲਾਤ ਵਿਭਾਗ ਨੂੰ ਹੁਕਮ ਜਾਰੀ ਕਰ ਦਿੱਤੇ ਗਏ ਹਨ।

ਡਾ. ਬਲਬੀਰ ਸਿੰਘ ਨੇ ਦੱਸਿਆ ਕਿ ਵੱਡੀ ਨਦੀ ਦੇ ਕਿਨਾਰੇ ਦੌਲਤਪੁਰ ਤੇ ਸਨੀ ਇੰਨਕਲੇਵ ਨੇੜੇ 87 ਕਰੋੜ ਰੁਪਏ ਦੀ ਲਾਗਤ ਨਾਲ ਲੱਗ ਰਹੇ ਦੋਵੇਂ ਐਸ.ਟੀ.ਪੀਜ਼ 'ਚੋਂ ਪਾਣੀ ਨੂੰ ਟਰੀਟ ਕਰਕੇ ਇਸ ਨੂੰ ਸਿੰਚਾਈ ਲਈ ਵਰਤਣ ਦੇ ਵੀ ਨਿਰਦੇਸ਼ ਦਿੱਤੇ ਗਏ ਹਨ। ਉਨ੍ਹਾਂ ਨੇ ਇਸ ਮੌਕੇ ਹਿਆਣਾ ਕਲਾਂ ਛੱਪੜ 'ਚ ਮਰੀਆਂ ਮੱਛੀਆਂ ਦੀ ਸਥਿਤੀ ਦਾ ਵੀ ਜਾਇਜ਼ਾ ਲਿਆ ਅਤੇ ਸਬੰਧਤ ਵਿਭਾਗਾਂ ਨੂੰ ਤੁਰੰਤ ਲੋੜੀਂਦੀ ਕਾਰਵਾਈ ਕਰਕੇ ਇਸ ਛੱਪੜ ਦੀ ਸਫ਼ਾਈ ਦੇ ਨਿਰਦੇਸ਼ ਦਿੱਤੇ।

ਸਿਹਤ ਮੰਤਰੀ ਨੇ ਤ੍ਰਿਪੜੀ ਇਲਾਕੇ ਵਿੱਚ ਡੀ.ਐਲ. ਐਫ. ਕਲੋਨੀ ਨੇੜੇ ਟੁੱਟੀਆਂ ਸੜਕਾਂ ਦਾ ਗੰਭੀਰ ਨੋਟਿਸ ਲੈਂਦਿਆਂ ਨਗਰ ਨਿਗਮ ਤੇ ਸੀਵਰੇਜ ਬੋਰਡ ਦੇ ਅਧਿਕਾਰੀਆਂ ਨੂੰ ਇਸ ਸੜਕ ਦੀ ਸਮੱਸਿਆ ਦਾ ਇਸੇ ਹਫ਼ਤੇ ਦੇ ਅੰਦਰ-ਅੰਦਰ ਹੱਲ ਕਰਨ ਦੇ ਨਿਰਦੇਸ਼ ਦਿੱਤੇ। ਉਨ੍ਹਾਂ ਨੇ ਦੱਸਿਆ ਕਿ ਇਰਾਨ-ਇਜ਼ਰਾਇਲ ਜੰਗ ਕਰਕੇ ਲੁਕ ਦਾ ਸੰਕਟ ਆਉਣ ਨਾਲ ਸੜਕਾਂ ਦੇ ਕੰਮ 'ਚ ਕੁਝ ਦੇਰੀ ਹੋਈ ਹੈ ਪਰੰਤੂ ਅਗਲੇ ਕੁਝ ਦਿਨਾਂ ਦੇ ਅੰਦਰ ਪਟਿਆਲਾ ਦਿਹਾਤੀ ਹਲਕੇ ਦੀਆਂ 10 ਮੁੱਖ ਸੜਕਾਂ ਦਾ ਕੰਮ ਮੁਕੰਮਲ ਕਰਵਾ ਦਿੱਤਾ ਜਾਵੇਗਾ।

ਡਾ. ਬਲਬੀਰ ਸਿੰਘ ਨੇ ਇਸ ਦੌਰਾਨ ਐਲ.ਐਂਡ.ਟੀ ਵੱਲੋਂ ਪਾਣੀ ਦੀਆਂ ਪਾਇਪਾਂ ਪਾਉਣ ਕਰਕੇ ਟੁੱਟੀਆਂ ਸੜਕਾਂ, ਪਟਿਆਲਾ ਦਿਹਾਤੀ ਹਲਕੇ 'ਚ 42 ਪਿੰਡਾਂ 'ਚ ਲੋੜਵੰਦਾਂ ਨੂੰ 5 ਮਰਲੇ ਦੇ ਪਲਾਟ ਦੇਣ ਸਮੇਤ ਪਿੰਡਾਂ 'ਚ ਲਾਲ ਲਕੀਰ ਦੇ ਅੰਦਰ ਮਾਲਕਾਨਾ ਹੱਕ ਦੇਣ ਅਤੇ ਬਾਰਨ, ਘਮਰੌਦਾ ਤੇ ਮੰਡੌੜ ਦੇ ਛੱਪੜਾਂ ਦੀ ਸਫ਼ਾਈ ਦੇ ਨਵੀਨੀਕਰਨ ਦੇ ਕੰਮ ਵੀ ਜਾਇਜ਼ਾ ਲਿਆ।

ਇਸ ਬੈਠਕ ਦੌਰਾਨ ਏ.ਡੀ.ਸੀ. ਅਨੁਪ੍ਰਿਤਾ ਜੌਹਲ, ਏ.ਸੀ.ਏ ਪੀਡੀਏ ਪਰਮਦੀਪ ਸਿੰਘ, ਜ਼ਿਲ੍ਹਾ ਮਾਲ ਅਫ਼ਸਰ ਸੰਦੀਪ ਸਿੰਘ, ਜ਼ਿਲ੍ਹਾ ਪਰਿਸ਼ਦ ਦੇ ਡਿਪਟੀ ਸੀਈਓ ਅਮਨਦੀਪ ਕੌਰ ਸਮੇਤ ਨਗਰ ਨਿਗਮ, ਜੰਗਲਾਤ, ਸੀਵਰੇਜ ਬੋਰਡ, ਡਰੇਨੇਜ ਤੇ ਹੋਰ ਸਬੰਧਤ ਵਿਭਾਗਾਂ ਦੇ ਜ਼ਿਲ੍ਹਾ ਅਧਿਕਾਰੀ ਮੌਜੂਦ ਸਨ।

# ਨੌਜਵਾਨ ਆਗੂ ਗੁਰਦੇਵ ਸਿੰਘ ਟਿਵਾਣਾ ਬਣੇ ਜ਼ਿਲ੍ਹਾ ਪਰਿਸ਼ਦ ਪਟਿਆਲਾ ਦੇ ਚੇਅਰਮੈਨ, ਬਿੰਦਰ ਕੌਰ ਦੀ ਉਪ ਚੇਅਰਪਰਸਨ ਵਜੋਂ ਚੋਣ

## ਸਿਹਤ ਮੰਤਰੀ ਡਾ. ਬਲਬੀਰ ਸਿੰਘ ਤੇ ਵਿਧਾਇਕ ਚੇਤਨ ਸਿੰਘ ਜੌੜਾਮਾਜਰਾ ਦੀ ਮੌਜੂਦਗੀ 'ਚ ਸੰਭਾਲੇ ਅਹੁਦੇ



**ਪਟਿਆਲਾ, 18 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਨੌਜਵਾਨ ਆਗੂ ਗੁਰਦੇਵ ਸਿੰਘ ਟਿਵਾਣਾ ਨੂੰ ਜ਼ਿਲ੍ਹਾ ਪਰਿਸ਼ਦ ਪਟਿਆਲਾ ਦਾ ਚੇਅਰਮੈਨ ਚੁਣਿਆ ਗਿਆ ਹੈ। ਉਨ੍ਹਾਂ ਦੇ ਨਾਲ ਬਿੰਦਰ ਕੌਰ ਦੀ ਉਪ ਚੇਅਰਪਰਸਨ ਵਜੋਂ ਚੋਣ ਕੀਤੀ ਗਈ ਹੈ। ਸਰਬਸੰਮਤੀ ਨਾਲ ਚੁਣੇ ਗਏ ਇਨ੍ਹਾਂ ਦੋਵਾਂ ਨੇ ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਅਤੇ ਹਲਕਾ ਸਮਾਣਾ ਦੇ ਐਮ.ਐਲ.ਏ ਸ. ਚੇਤਨ ਸਿੰਘ ਜੌੜਾਮਾਜਰਾ ਦੀ ਮੌਜੂਦਗੀ ਵਿੱਚ ਆਪਣੇ ਅਹੁਦੇ ਸੰਭਾਲ ਲਏ।

ਸਿਹਤ ਮੰਤਰੀ ਡਾ. ਬਲਬੀਰ ਸਿੰਘ ਅਤੇ ਵਿਧਾਇਕ ਚੇਤ ਸਿੰਘ ਜੌੜਾਮਾਜਰਾ ਨੇ ਕਿਹਾ ਕਿ ਪਾਰਟੀ ਦੇ ਮਿਹਨਤੀ ਅਤੇ ਇਮਾਨਦਾਰ ਸਾਥੀ ਗੁਰਦੇਵ ਸਿੰਘ ਟਿਵਾਣਾ ਨੂੰ ਚੇਅਰਮੈਨ ਅਤੇ ਬੀਬੀ ਬਿੰਦਰ ਕੌਰ ਨੂੰ ਵਾਈਸ ਚੇਅਰਪਰਸਨ ਚੁਣੇ ਜਾਣ 'ਤੇ ਮੁਬਾਰਕਾਂ ਦਿੰਦਿਆਂ ਵਿਸ਼ਵਾਸ ਪ੍ਰਗਟਾਇਆ ਕਿ ਇਹ ਦੋਵੇਂ ਆਗੂ ਲੋਕ ਸੇਵਾ ਦੀ ਭਾਵਨਾ ਨਾਲ ਆਪਣੀ ਜ਼ਿੰਮੇਵਾਰੀ ਨਿਭਾਉਂਦੇ ਹੋਏ ਪਟਿਆਲਾ ਦੇ ਵਿਕਾਸ ਨੂੰ ਹੋਰ ਮਜ਼ਬੂਤ ਕਰਨਗੇ। ਉਨ੍ਹਾਂ ਕਿਹਾ ਕਿ ਉਨ੍ਹਾਂ ਨੂੰ ਇਹ ਵੀ ਭਰੋਸਾ ਹੈ ਕਿ ਗੁਰਦੇਵ ਸਿੰਘ ਟਿਵਾਣਾ ਲੋਕਾਂ ਦੀਆਂ ਉਮੀਦਾਂ 'ਤੇ ਖਰਾ ਉਤਰਨਗੇ।

ਸਿਹਤ ਮੰਤਰੀ ਤੇ ਵਿਧਾਇਕ ਨੇ ਕਿਹਾ ਵਾਹਿਗੁਰੂ ਜੀ ਇਨ੍ਹਾਂ ਆਗੂਆਂ ਨੂੰ ਹਮੇਸ਼ਾਂ ਚੜ੍ਹਦੀ ਕਲਾ ਵਿੱਚ ਰੱਖਣ ਅਤੇ ਲੋਕਾਂ ਦੀ ਸੇਵਾ ਕਰਨ ਦੀ ਤਾਕਤ ਬਖ਼ਸ਼ਣ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਤੇ ਪਾਰਟੀ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਦੀ ਅਗਵਾਈ ਹੇਠ ਹਮੇਸ਼ਾ ਲੋਕਾਂ ਨਾਲ ਜੁੜੇ ਆਗੂਆਂ ਨੂੰ ਵੱਡੀ ਜ਼ਿੰਮੇਵਾਰੀ ਦਿੱਤੀ ਗਈ ਹੈ।

ਚੇਅਰਮੈਨ ਗੁਰਦੇਵ ਸਿੰਘ ਟਿਵਾਣਾ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਸਮੇਤ ਵਿਧਾਇਕ ਚੇਤਨ ਸਿੰਘ ਜੌੜਾਮਾਜਰਾ ਅਤੇ ਸਿਹਤ ਮੰਤਰੀ ਡਾ. ਬਲਬੀਰ ਸਿੰਘ ਦਾ ਧੰਨਵਾਦ ਕਰਦਿਆਂ ਵਿਸ਼ਵਾਸ ਦਿਵਾਇਆ ਕਿ ਉਹ ਸੌਂਪੀ ਗਈ ਜ਼ਿੰਮੇਵਾਰੀ ਨੂੰ ਤਨਦੇਹੀ ਅਤੇ ਇਮਾਨਦਾਰੀ ਨਾਲ ਨਿਭਾਉਣਗੇ।

ਇਸ ਮੌਕੇ ਜ਼ਿਲ੍ਹਾ ਪਰਿਸ਼ਦ ਦੇ ਡਿਪਟੀ ਸੀਈਓ ਅਮਨਦੀਪ ਕੌਰ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਜ਼ਿਲ੍ਹਾ ਪਰਿਸ਼ਦ ਦੇ ਚੇਅਰਮੈਨ ਅਤੇ ਵਾਇਸ ਚੇਅਰਮੈਨ ਦੀ ਚੋਣ ਕਰਵਾਉਣ ਲਈ ਜਾਰੀ ਹਦਾਇਤਾਂ ਅਨੁਸਾਰ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਦੇ ਨਿਰਦੇਸ਼ਾਂ ਤਹਿਤ ਅੱਜ ਪ੍ਰੀਜਾਈਡਿੰਗ ਅਫ਼ਸਰ-ਕਮ-ਉਪ ਮੰਡਲ ਮੈਜਿਸਟ੍ਰੇਟ ਪਟਿਆਲਾ ਦੀ ਨਿਗਰਾਨੀ ਹੇਠ ਸਰਕਾਰ ਵੱਲੋਂ ਜਾਰੀ ਰਿਜ਼ਰਵੇਸ਼ਨ ਨੋਟੀਫੀਕੇਸ਼ਨ ਅਨੁਸਾਰ ਜ਼ਿਲ੍ਹਾ ਪਰਿਸ਼ਦ ਪਟਿਆਲਾ ਦੇ ਚੇਅਰਮੈਨ ਦੀ ਜਨਰਲ ਕੈਟਾਗਰੀ ਅਤੇ ਵਾਇਸ ਚੇਅਰਮੈਨ ਐਸ.ਸੀ (ਇਸਤਰੀ) ਲਈ ਰਾਖਵੀ ਸੀਟ ਲਈ ਚੁਣੇ ਮੈਂਬਰਾਂ 'ਚੋ ਚੋਣ ਕੀਤੀ ਗਈ ਹੈ।ਉਨ੍ਹਾਂ ਦੱਸਿਆ ਕਿ ਮੀਟਿੰਗ ਵਿੱਚ ਹਾਜ਼ਰ ਮੈਂਬਰਾਂ ਨੇ ਗੁਰਦੇਵ ਸਿੰਘ ਟਿਵਾਣਾ, ਜ਼ਿਲ੍ਹਾ ਪਰਿਸ਼ਦ ਜ਼ੋਨ ਬੰਮਣਾ ਤੋਂ ਮੈਂਬਰ, ਨੂੰ ਸਰਬ ਸੰਮਤੀ ਨਾਲ ਚੇਅਰਮੈਨ ਵਜੋਂ ਚੁਣਿਆ ਗਿਆ ਅਤੇ ਵਾਇਸ ਚੇਅਰਪਰਸਨ ਵਜੋਂ ਬਿੰਦਰ ਕੌਰ, ਜ਼ੋਨ ਦਫ਼ਤਰੀਵਾਲਾ ਦੀ ਚੋਣ ਕੀਤੀ ਗਈ।

ਇਸ ਮੌਕੇ ਚੇਅਰਮੈਨ ਇੰਪਰੂਵਮੈਂਟ ਟਰੱਸਟ ਹਰਪਾਲ ਸਿੰਘ ਵਿਰਕ, ਚੇਅਰਮੈਨ ਮਾਰਕੀਟ ਕਮੇਟੀ ਸਮਾਣਾ ਬਲਕਾਰ ਸਿੰਘ ਗੱਜੂਮਾਜਰਾ, ਹਰਜਿੰਦਰ ਸਿੰਘ ਮਿੱਟੂ ਜੌੜਾਮਾਜਰਾ, ਸਮੇਤ ਹੋਰ ਆਗੂ ਹਾਜ਼ਰ ਸਨ।

# ਬਹੁਜਨ ਸਮਾਜ ਪਾਰਟੀ ਵੱਲੋਂ ਸਫਾਈ ਕਰਮਚਾਰੀਆਂ ਦੀ ਹੜਤਾਲ ਨੂੰ ਪੂਰਨ ਸਮਰਥਨ ਦਾ ਐਲਾਨ: ਸੁਖਜਿੰਦਰ ਕਕਰਾਲਾ



**ਸਮਾਣਾ, 18 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਬਹੁਜਨ ਸਮਾਜ ਪਾਰਟੀ ਵੱਲੋਂ ਵਿੱਢੀ ਗਈ 'ਪੰਜਾਬ ਸੰਭਾਲੋ ਮੁਹਿੰਮ' ਅੱਜ ਉਸ ਸਮੇਂ ਹੋਰ ਤੇਜ਼ ਹੋ ਗਈ ਜਦੋਂ ਬਸਪਾ ਸੁਤਰਾਣਾ ਦੇ ਜਨਰਲ ਸਕੱਤਰ ਸੁਖਜਿੰਦਰ ਕਕਰਾਲਾ ਪਾਤੜਾ ਵਿਖੇ ਹੜਤਾਲ 'ਤੇ ਬੈਠੇ ਸਫਾਈ ਕਰਮਚਾਰੀਆਂ ਦੇ ਅੰਦੋਲਨ ਵਿੱਚ ਸ਼ਮੂਲੀਅਤ ਕੀਤੀ ਅਤੇ ਉਹਨਾਂ ਦੀਆਂ ਮੰਗਾਂ ਨੂੰ ਜਾਇਜ਼ ਠਹਿਰਾਉਂਦਿਆਂ ਪੂਰਨ ਸਮਰਥਨ ਦਾ ਐਲਾਨ ਕੀਤਾ,ਕਕਰਾਲਾ ਨੇ ਕਿਹਾ ਕਿ ਠੇਕੇਦਾਰੀ ਸਿਸਟਮ ਕਰਮਚਾਰੀਆਂ ਦਾ ਸ਼ੋਸ਼ਣ ਕਰਦਾ ਹੈ ਇਸ ਮੌਕੇ ਇਕੱਠ ਨੂੰ ਸੰਬੋਧਨ ਕਰਦਿਆਂ ਸੁਖਜਿੰਦਰ ਕਕਰਾਲਾ ਨੇ ਕਾਂਗਰਸ, ਅਕਾਲੀ ਦਲ, ਭਾਜਪਾ ਅਤੇ ਆਮ ਆਦਮੀ ਪਾਰਟੀ 'ਤੇ ਤਿੱਖੇ ਨਿਸ਼ਾਨੇ ਸਾਧੇ। ਉਨ੍ਹਾਂ ਕਿਹਾ ਇਹ ਸਾਰੀਆਂ ਸਿਆਸੀ ਪਾਰਟੀਆਂ ਠੇਕੇਦਾਰੀ ਸਿਸਟਮ ਦੀਆਂ ਪੋਸ਼ਕ ਹਨ, ਜੋ ਸਿੱਧੇ ਤੌਰ 'ਤੇ ਕਰਮਚਾਰੀਆਂ ਦੇ ਆਰਥਿਕ ਅਤੇ ਮਾਨਸਿਕ ਸ਼ੋਸ਼ਣ ਲਈ ਜ਼ਿੰਮੇਵਾਰ ਹੈ।

ਬਸਪਾ ਇਸ ਲੁੱਟ ਦੇ ਸਿਸਟਮ ਦੇ ਸਖ਼ਤ ਖ਼ਿਲਾਫ਼ ਹੈ ਅਤੇ ਕਰਮਚਾਰੀਆਂ ਦੇ ਹੱਕਾਂ ਦੀ ਲੜਾਈ ਵਿੱਚ ਮੋਢੇ ਨਾਲ ਮੋਢਾ ਜੋੜ ਕੇ ਖੜ੍ਹੀ ਹੈ,ਕਕਰਾਲਾ ਨੇ ਮੌਜੂਦਾ ਸਰਕਾਰ ਨੂੰ ਚੇਤਾਵਨੀ ਦਿੰਦਿਆਂ ਕਿਹਾ ਸਮੂਹ ਕੱਚੇ ਕਰਮਚਾਰੀਆਂ ਨੂੰ ਬਿਨਾਂ ਕਿਸੇ ਦੇਰੀ ਦੇ ਪੱਕਾ ਕੀਤਾ ਜਾਵੇ। ਆਪਣੇ ਚੋਣ ਵਾਅਦੇ ਮੁਤਾਬਿਕ ਓਲਡ ਪੈਨਸ਼ਨ ਸਕੀਮ (OPS) ਤੁਰੰਤ ਪ੍ਰਭਾਵ ਨਾਲ ਲਾਗੂ ਕੀਤੀ ਜਾਵੇ।ਕਰਮਚਾਰੀਆਂ ਅਤੇ ਪੈਨਸ਼ਨਰਾਂ ਦਾ ਬਕਾਇਆ 18% ਡੀ.ਏ. (41) ਤੁਰੰਤ ਜਾਰੀ ਕੀਤਾ ਜਾਵੇ।

'ਪੰਜਾਬ ਸੰਭਾਲੋ ਮੁਹਿੰਮ' ਦੀ ਮਹੱਤਤਾ 'ਤੇ ਜ਼ੋਰ ਦਿੰਦਿਆਂ ਐਲਾਨ ਕੀਤਾ ਕਿ ਜੇਕਰ ਪੰਜਾਬ ਦੀ ਜਨਤਾ ਬਸਪਾ ਦੀ ਪੰਜਾਬ ਸੰਭਾਲੋ ਮਹਿਮ ਨੂੰ ਅਸ਼ੀਰਵਾਦ ਦੇ ਕੇ ਸੱਤਾ ਵਿੱਚ ਲਿਆਉਂਦੀ ਹੈ, ਤਾਂ ਸਰਕਾਰ ਬਣਦਿਆਂ ਹੀ 100% ਕੱਚੇ ਕਰਮਚਾਰੀਆਂ ਨੂੰ ਪੱਕਾ ਕਰਨ ਅਤੇ ਉਨ੍ਹਾਂ ਦੀਆਂ ਸਾਰੀਆਂ ਜਾਇਜ਼ ਮੰਗਾਂ ਨੂੰ ਲਾਗੂ ਕਰਨ ਦਾ ਫੈਸਲਾ ਲਿਆ ਜਾਵੇਗਾ।

ਉਨ੍ਹਾਂ ਅੰਤ ਵਿੱਚ ਕਿਹਾ ਕਿ 'ਪੰਜਾਬ ਸੰਭਾਲੋ ਮੁਹਿੰਮ' ਦਾ ਮਕਸਦ ਸੂਬੇ ਨੂੰ ਇਹਨਾਂ ਲੁਟੇਰੀਆਂ ਪਾਰਟੀਆਂ ਤੋਂ ਮੁਕਤ ਕਰਵਾ ਕੇ ਲੋਕ-ਪੱਖੀ ਰਾਜ ਸਥਾਪਿਤ ਕਰਨਾ ਹੈ. ਇਸ ਮੌਕੇ ਸੁਖਜਿੰਦਰ ਕਕਰਾਲਾ ਜਨਰਲ ਸਕੱਤਰ ਸੁਤਰਾਣਾ, ਸਤਵੀਰ ਨਾਈਵਾਲਾ ਜਿਲਾ ਕੁਆਰਡੀਨੇਟਰ, ਪ ?ਧਾਨ ਕ੍ਰਿਸ਼ਨ ਬੁਜਰਕ,ਕੈਸੀਅਰ ਭਰਤ ਸਾਹਪੁਰ,ਡਾਂ ਕਰਨੈਲ ਸਿੰਘ ਵਾਈਸ ਪ੍ਰਧਾਨ, ਧਰਮਾ ਮਵੀ ਜਨਰਲ ਸਕੱਤਰ ਬਸਪਾ,ਪੱਪੀ ਗੁਲਾਹੜ,ਗੁਰਦਿਆਲ ਪਾਤੜਾ,ਜੱਗੀ ਪਾਤੜਾ, ਨੈਬ ਸਿੰਘ,ਗੁਰਵਿੰਦਰ ਸਿੰਘ, ਦੇਸਾ ਸਿੰਘ ਨਿਆਲ ਹਾਜਰ ਸਨ।

# ਸਿਹਤ ਵਿਭਾਗ ਵੱਲੋਂ ਅੱਖਾਂ ਦੀ ਜਾਂਚ ਦਾ ਮੁਫਤ ਕੈਂਪ ਪਿੰਡ ਲਲੋਡਾ ਵਿਖੇ ਲਗਾਇਆ



**ਪਟਿਆਲਾ, 18 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਡਾ.ਬਲਬੀਰ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਸਿਵਲ ਸਰਜਨ ਪਟਿਆਲਾ ਡਾ.ਸ਼ੈਲੀ ਜੇਤਲੀ ਦੀ ਅਗਵਾਈ ਹੇਠ ਆਈ ਸਕਰੀਨਿੰਗ ਕੈਂਪ ਪਿੰਡ ਲਲੋਡਾ ਵਿਖੇ ਲਗਾਇਆ ਗਿਆ। ਇਸ ਮੌਕੇ ਸੀਨੀਅਰ ਮੈਡੀਕਲ ਅਫਸਰ ਡਾ.ਮੋਨਿਕਾ ਸੂਦ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਇਸ ਕੈਂਪ ਵਿੱਚ ਵੱਡੀ ਗਿਣਤੀ ਵਿੱਚ ਲੋਕਾਂ ਨੇ ਸ਼ਮੂਲੀਅਤ ਕੀਤੀ ਅਤੇ ਮਾਹਰ ਡਾਕਟਰਾਂ ਵੱਲੋਂ ਦਿੱਤੀਆਂ ਜਾ ਰਹੀਆਂ ਸੇਵਾਵਾਂ ਦਾ ਲਾਭ ਲਿਆ। ਕੈਂਪ ਦੌਰਾਨ ਨਜ਼ਰ ਦੀ ਜਾਂਚ , ਮੋਤੀਆਬਿੰਦ, ਗੁਲੂਕੋਮਾ, ਰਿਫਰੈਕਟਿਵ ਏਰਰ ਆਦਿ ਵਰਗੀਆਂ ਆਮ ਬਿਮਾਰੀਆਂ ਦੀ ਸਕਰੀਨਿੰਗ ਕੀਤੀ ਗਈ। ਅੱਖਾਂ ਦੀ ਸਾਂਭ ਸੰਭਾਲ ਬਾਰੇ ਵੀ ਜਾਗਰੂਕ ਕੀਤਾ ਗਿਆ।

ਉਹਨਾਂ ਦੱਸਿਆ ਕਿ 100 ਮਰੀਜ਼ਾਂ ਦੀ ਅੱਖਾਂ ਦੀ ਜਾਂਚ ਕੀਤੀ ਗਈ, 56 ਮਰੀਜ਼ਾਂ ਨੂੰ ਐਨਕਾਂ ਵੰਡੀਆਂ ਗਈਆਂ, ਲੋੜਵੰਦਾਂ ਨੂੰ ਮੁਫਤ ਦਵਾਈਆਂ ਵੀ ਦਿੱਤੀਆਂ ਗਈਆਂ ਅਤੇ 1 ਰਿਫਰੈਕਟਿਵ ਏਰਰ ਵਾਲੇ ਮਰੀਜ਼ਾ ਨੂੰ ਮਾਤਾ ਕੌਸ਼ਲਿਆ ਹਸਪਤਾਲ ਰੈਫਰ ਕੀਤਾ ਗਿਆ। ਉਹਨਾਂ ਜਾਣਕਾਰੀ ਦਿੱਤੀ ਕਿ ਆਉਣ ਵਾਲੇ ਦਿਨਾਂ ਵਿੱਚ ਵੀ ਇਹ ਵਿਸ਼ੇਸ਼ ਕੈਂਪ ਜਾਰੀ ਰਹਿਣਗੇ। ਉਹਨਾਂ ਦੱਸਿਆ ਕਿ ਕੱਲ 18 ਮਈ ਨੂੰ ਕੈਂਪ ਪਿੰਡ ਖੁਰਦ ਵਿੱਚ ਲੱਗੇਗਾ ਅਤੇ ਵੱਧ ਤੋਂ ਵੱਧ ਲੋਕਾਂ ਨੂੰ ਸ਼ਮੂਲੀਅਤ ਕਰਕੇ ਕੈਂਪ ਦਾ ਲਾਹਾ ਲੈਣਾ ਚਾਹੀਦਾ ਹੈ। ਕੈਂਪ ਵਿੱਚ ਮੁੱਖ ਮੰਤਰੀ ਸਿਹਤ ਯੋਜਨਾ ਵਾਲੇ ਕਾਰਡ ਵੀ ਬਣਾਏ ਗਏ। ਕੈਂਪ ਵਿੱਚ ਸ਼ਾਮਿਲ ਹੋਣ ਵਾਲੇ ਲੋਕਾਂ ਨੂੰ ਵੱਧ ਤੋਂ ਵੱਧ ਮੁੱਖ ਮੰਤਰੀ ਸਿਹਤ ਯੋਜਨਾ ਵਾਲੇ ਕਾਰਡ ਬਣਾਉਣ ਲਈ ਜਾਗਰੂਕ ਵੀ ਕੀਤਾ ਗਿਆ। ਕੈਂਪ ਵਿੱਚ ਅੱਖਾਂ ਦੇ ਮਾਹਰ ਡਾ.ਰਵਨੀਤ ਕੌਰ, ਡਾ.ਮਨਿੰਦਰ ਸਿੰਘ, ਅਪਥਾਲਮਿਕ ਅਫਸਰ ਸੀਮਾ ਰਾਣੀ, ਜਿਲ੍ਹਾ ਬੀ.ਸੀ.ਸੀ ਜਸਬੀਰ ਕੌਰ, ਬੀ.ਈ.ਈ ਸ਼ਾਯਾਨ ਅਤੇ ਸਿਹਤ ਕਰਮਚਾਰੀ ਮੌਜੂਦ ਸਨ।

# ਨਗਰ ਕੌਂਸਲ ਸੁਨਾਮ 'ਚ 5 ਤੇ ਨਗਰ ਕੌਂਸਲ ਧੂਰੀ 'ਚ 9 ਨਾਮਜ਼ਦਗੀਆਂ ਪ੍ਰਾਪਤ ਹੋਈਆਂ

**ਸੰਗਰੂਰ, 18 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਵਧੀਕ ਡਿਪਟੀ ਕਮਿਸ਼ਨਰ (ਪੇਂਡੂ ਵਿਕਾਸ) -ਕਮ- ਵਧੀਕ ਜ਼ਿਲ੍ਹਾ ਚੋਣ ਅਫਸਰ, ਸੰਗਰੂਰ, ਸ. ਸੁਖਚੈਨ ਸਿੰਘ ਨੇ ਦੱਸਿਆ ਕਿ ਸੰਗਰੂਰ ਜ਼ਿਲ੍ਹੇ ਦੀਆਂ ਚਾਰ ਨਗਰ ਕੌਂਸਲ ਚੋਣਾਂ ਲਈ ਨਾਮਜ਼ਦਗੀ ਪੱਤਰ ਦਾਖਲ ਕਰਨ ਦੇ ਅੱਜ ਦੂਜੇ ਦਿਨ ਕੁੱਲ 14 ਉਮੀਦਵਾਰਾਂ ਵੱਲੋਂ ਆਪਣੇ ਕਾਗਜ ਭਰੇ ਗਏ ਹਨ।

ਉਹਨਾਂ ਦੱਸਿਆ ਕਿ ਨਗਰ ਕੌਂਸਲ ਸੁਨਾਮ ਵਿਖੇ ਅੱਜ 5 ਉਮੀਦਵਾਰਾਂ ਵੱਲੋਂ ਆਪਣੇ ਨਾਮਜ਼ਦਗੀ ਪੱਤਰ ਭਰੇ ਗਏ ਹਨ। ਜਦਕਿ ਨਗਰ ਕੌਂਸਲ ਧੂਰੀ ਵਿਖੇ 9 ਉਮੀਦਵਾਰਾਂ ਵੱਲੋਂ ਨਾਮਜ਼ਦਗੀ ਪੱਤਰ ਦਾਖਲ ਕੀਤੇ ਗਏ ਹਨ।

ਉਨਾਂ ਦੱਸਿਆ ਕਿ ਨਗਰ ਕੌਂਸਲ ਭਵਾਨੀਗੜ੍ਹ ਤੇ ਲੌਂਗੋਵਾਲ ਵਿਖੇ ਕਿਸੇ ਵੀ ਉਮੀਦਵਾਰ ਵੱਲੋਂ ਨਾਮਜ਼ਦਗੀ ਪੱਤਰ ਦਾਖਲ ਨਹੀਂ ਕੀਤੇ ਗਏ ਹਨ। ਵਧੀਕ ਜ਼ਿਲ੍ਹਾ ਚੋਣ ਅਫਸਰ ਨੇ ਦੱਸਿਆ ਕਿ ਸੰਗਰੂਰ ਜ਼ਿਲ੍ਹੇ ਦੀਆਂ ਚਾਰ ਨਗਰ ਕੌਂਸਲਾਂ ਸਨਾਮ, ਧੂਰੀ, ਭਵਾਨੀਗੜ੍ਹ ਤੇ ਲੌਂਗੋਵਾਲ ਲਈ ਹੋਣ ਵਾਲੀਆਂ ਚੋਣਾਂ ਲਈ 16/05/2026 ਤਕ ਨਾਮਜ਼ਦਗੀ ਪੱਤਰ ਨਿਰਧਾਰਿਤ ਥਾਵਾਂ 'ਤੇ ਸਵੇਰੇ 11 ਵਜੇ ਤੋਂ ਦੁਪਹਿਰ 03 ਵਜੇ ਤਕ ਪ੍ਰਾਪਤ ਕੀਤੇ ਜਾ ਰਹੇ ਹਨ।

# ਜ਼ਿਲ੍ਹਾ ਮਾਲੇਰਕੋਟਲਾ 'ਚ 17 ਨਾਮਜ਼ਦਗੀ ਪੱਤਰ ਦਾਖਲ ਹੁਣ ਤੱਕ ਕੁਲ 18 ਨਾਮਜ਼ਦਗੀਆਂ ਪੁੱਜੀਆਂ: ਰਿੰਪੀ ਗਰਗ

**ਮਲੇਰਕੋਟਲਾ, 18 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

26 ਮਈ 2026 ਨੂੰ ਨਗਰ ਕੌਂਸਲ ਅਤੇ ਨਗਰ ਪੰਚਾਇਤਾਂ ਦੀਆਂ ਹੋਣ ਵਾਲੀਆਂ ਆਮ ਚੋਣਾਂ ਲਈ ਅੱਜ ਨਾਮਜ਼ਦਗੀ ਦਾਖਲ ਕਰਨ ਦੇ ਦੂਜੇ ਦਿਨ ਜ਼ਿਲ੍ਹੇ ਚ ਵੱਖ-ਵੱਖ ਉਮੀਦਵਾਰਾਂ ਵੱਲੋਂ 17 ਨਾਮਜ਼ਦਗੀ ਪੱਤਰ ਦਾਖਲ ਕਰਵਾਏ ਗਏ ਹਨ। ਇਹ ਜਾਣਕਾਰੀ ਮਾਲੇਰਕੋਟਲਾ ਦੇ ਵਧੀਕ ਜ਼ਿਲਾ ਚੋਣਕਾਰ ਅਫਸਰ-ਕਮ-ਵਧੀਕ ਡਿਪਟੀ ਕਮਿਸ਼ਨਰ (ਪੇਂਡੂ ਵਿਕਾਸ) ਰਿੰਪੀ ਗਰਗ ਨੇ ਦਿੱਤੀ। ਉਨ੍ਹਾਂ ਦੱਸਿਆ ਕਿ ਹੁਣ ਤੱਕ ਜ਼ਿਲ੍ਹੇ' ਚ ਕੁਲ 18 ਨਾਮਜ਼ਦਗੀਆਂ ਪੁੱਜੀਆਂ ਹਨ । ਉਨ੍ਹਾਂ ਹੋਰ ਦੱਸਿਆ ਕਿ ਨਾਮਜ਼ਦਗੀਆਂ ਭਰਨ ਦੇ ਦੂਜੇ ਦਿਨ ਨਗਰ ਕੌਂਸਲ ਮਾਲੇਰਕੋਟਲਾ ਲ਼ਈ 17 ਉਮੀਦਵਾਰ ਵੱਲੋਂ ਆਪਣੇ ਨਾਮਜ਼ਦਗੀ ਪੱਤਰ ਦਾਖਲ ਕੀਤੇ ਗਏ। ਇਸ ਤਰ੍ਹਾਂ ਨਗਰ ਕੌਂਸਲ ਅਹਿਮਦਗੜ੍ਹ ਅਤੇ ਨਗਰ ਪੰਚਾਇਤ ਅਮਰਗੜ੍ਹ ਵਿਖੇ ਕਿਸੇ ਉਮੀਦਵਾਰ ਵੱਲੋਂ ਆਪਣਾ ਨਾਮਜਦਗੀ ਪੱਤਰ ਦਾਖਲ ਨਹੀਂ ਕੀਤਾ ਗਿਆ ਹੈ ।

ਇਸ ਮੌਕੇ ਉਨ੍ਹਾਂ ਹੋਰ ਦੱਸਿਆ ਕਿ ਨਗਰ ਕੌਂਸਲਾਂ ਲਈ ਚੋਣ ਲੜ ਰਹੇ ਉਮੀਦਵਾਰ ਲਈ ਕਮਿਸ਼ਨ ਦੁਆਰਾ ਖਰਚ ਸੀਮਾ ਨਗਰ ਕੌਂਸਲਾਂ ਲਈ ਸ਼੍ਰੇਣੀ-ਏ ਲਈ 3,60,000 ਰੁਪਏ, ਸ਼੍ਰੇਣੀ ਬੀ 2,30,000 ਰੁਪਏ, ਸ਼੍ਰੇਣੀ ਸੀ 2,00,000 ਰੁਪਏ ਨਿਰਧਾਰਤ ਕੀਤੀ ਗਈ ਹੈ।

ਉਨ੍ਹਾਂ ਹੋਰ ਦੱਸਿਆ ਕਿ 18 ਮਈ 2026 ਦਿਨ ਸ਼ਨੀਵਾਰ ਤੱਕ ਨਾਮਜ਼ਦਗੀਆਂ ਦਾਖਲ ਕੀਤੇ ਜਾ ਸਕਦੇ ਹਨ । ਨਾਮਜ਼ਦਗੀ ਪੱਤਰਾਂ ਦੀ ਜਾਂਚ 18 ਮਈ (ਸੋਮਵਾਰ) ਨੂੰ ਹੋਵੇਗੀ। ਨਾਮਜ਼ਦਗੀਆਂ ਵਾਪਸ ਲੈਣ ਦੀ ਆਖਰੀ ਮਿਤੀ 19 ਮਈ (ਮੰਗਲਵਾਰ) (ਦੁਪਹਿਰ 03:00 ਵਜੇ ਤੱਕ) ਹੈ। ਸਾਰੇ ਨਾਮਜ਼ਦਗੀ ਫਾਰਮ ਨਿਰਧਾਰਤ ਹਲਫੀਆ ਬਿਆਨ ਦੇ ਨਾਲ ਹੋਣੇ ਚਾਹੀਂਦੇ ਹਨ ਅਤੇ ਜੇਕਰ ਉਮੀਦਵਾਰ ਕਿਸੇ ਰਾਜਨੀਤਿਕ ਪਾਰਟੀ ਦੁਆਰਾ ਸਪਾਂਸਰ ਕੀਤਾ ਗਿਆ ਹੈ, ਤਾਂ ਸਬੰਧਤ ਰਾਜਨੀਤਿਕ ਪਾਰਟੀ ਦਾ ਅਧਿਕਾਰਤ ਪੱਤਰ ਹੋਣਾ ਲਾਜ਼ਮੀ ਹੈ।

ਉਨ੍ਹਾਂ ਦੱਸਿਆ ਕਿ ਇਹ ਪੋਲਿੰਗ 26 ਮਈ (ਮੰਗਲਵਾਰ) ਨੂੰ ਸਵੇਰੇ 08:00 ਵਜੇ ਤੋਂ ਸ਼ਾਮ 05:00 ਵਜੇ ਤੱਕ ਹੋਵੇਗੀ। ਪੋਲ ਹੋਈਆਂ ਵੋਟਾਂ ਦੀ ਗਿਣਤੀ 29 ਮਈ 2026 (ਸ਼ੁੱਕਰਵਾਰ) ਨੂੰ ਗਿਣਤੀ ਕੇਂਦਰਾਂ 'ਤੇ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਜ਼ਿਲ੍ਹੇ ਵਿੱਚ ਇਨ੍ਹਾਂ ਚੋਣਾਂ ਨੂੰ ਨਿਰਪੱਖ, ਸੁਤੰਤਰ ਅਤੇ ਸ਼ਾਂਤੀਪੂਰਨ ਢੰਗ ਨਾਲ ਕਰਵਾਉਣ ਲਈ ਸਾਰੇ ਪ੍ਰਬੰਧ ਕੀਤੇ ਗਏ ਹਨ।

# ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਵੱਲੋਂ ਮਹਿੰਗਾਈ ਖ਼ਿਲਾਫ਼ ਡੀਸੀ ਦਫ਼ਤਰ ਨੂੰ ਮੰਗ ਪੱਤਰ ਸੌਂਪਿਆ

**ਅੰਮ੍ਰਿਤਸਰ, 18 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਵੱਲੋਂ ਵੱਧ ਰਹੀ ਮਹਿੰਗਾਈ ਅਤੇ ਪੰਜਾਬ ਦੀਆਂ ਜਨਤਕ ਸਮੱਸਿਆਵਾਂ ਨੂੰ ਲੈ ਕੇ ਅੱਜ ਡਿਪਟੀ ਕਮਿਸ਼ਨਰ ਅੰਮ੍ਰਿਤਸਰ ਨੂੰ ਮੰਗ ਪੱਤਰ ਸੌਂਪਿਆ ਗਿਆ। ਇਹ ਮੰਗ ਪੱਤਰ ਪਾਰਟੀ ਦੇ ਜਨਰਲ ਸਕੱਤਰ ਉਪਕਾਰ ਸਿੰਘ ਸੰਧੂ ਦੀ ਅਗਵਾਈ ਹੇਠ ਦਿੱਤਾ ਗਿਆ।

ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਉਪਕਾਰ ਸਿੰਘ ਸੰਧੂ ਨੇ ਕਿਹਾ ਕਿ ਪੰਜਾਬ ਵਿੱਚ ਮਹਿੰਗਾਈ ਨੇ ਆਮ ਲੋਕਾਂ ਦਾ ਜੀਵਨ ਮੁਸ਼ਕਲ ਬਣਾ ਦਿੱਤਾ ਹੈ ਅਤੇ ਹਾਲਾਤ ਇਨ੍ਹਾਂ ਗੰਭੀਰ ਹੋ ਚੁੱਕੇ ਹਨ ਕਿ ਹਰ ਵਰਗ ਪ੍ਰਭਾਵਿਤ ਹੋ ਰਿਹਾ ਹੈ। ਉਨ੍ਹਾਂ ਕਿਹਾ ਕਿ ਮਹਿੰਗਾਈ ਦੀ ਇਸ ਅੱਗ ਉੱਤੇ ਕਾਬੂ ਪਾਉਣ ਲਈ ਸਰਕਾਰ ਨੂੰ ਤੁਰੰਤ ਪ੍ਰਭਾਵਸ਼ਾਲੀ ਕਦਮ ਚੁੱਕਣ ਦੀ ਲੋੜ ਹੈ। ਉਨ੍ਹਾਂ ਦੱਸਿਆ ਕਿ ਡੀਸੀ ਅੰਮ੍ਰਿਤਸਰ ਰਾਹੀਂ ਪੰਜਾਬ ਸਰਕਾਰ ਨੂੰ ਭੇਜੇ ਮੰਗ ਪੱਤਰ ਵਿੱਚ ਸੂਬੇ ਦੀਆਂ ਵੱਖ-ਵੱਖ ਜਨਤਕ ਸਮੱਸਿਆਵਾਂ ਦੇ ਹੱਲ ਦੀ ਮੰਗ ਕੀਤੀ ਗਈ ਹੈ। ਉਨ੍ਹਾਂ ਦੋਸ਼ ਲਗਾਇਆ ਕਿ ਮੌਜੂਦਾ ਆਪ ਸਰਕਾਰ ਪੰਜਾਬ ਦੀ ਜਨਤਾ ਨਾਲ ਕੀਤੇ ਵਾਅਦੇ ਪੂਰੇ ਕਰਨ ਵਿੱਚ ਅਸਫਲ ਰਹੀ ਹੈ ਅਤੇ ਉੱਚ ਪੱਧਰ 'ਤੇ ਭ੍ਰਿਸ਼ਟਾਚਾਰ ਨੂੰ ਨਜ਼ਰਅੰਦਾਜ਼ ਕੀਤਾ ਜਾ ਰਿਹਾ ਹੈ। ਉਪਕਾਰ ਸਿੰਘ ਸੰਧੂ ਨੇ ਚੇਤਾਵਨੀ ਦਿੰਦਿਆਂ ਕਿਹਾ ਕਿ ਜੇਕਰ ਪੰਜਾਬ ਦੀਆਂ ਸਮੱਸਿਆਵਾਂ ਦਾ ਜਲਦ ਹੱਲ ਨਾ ਕੀਤਾ ਗਿਆ ਤਾਂ ਪਾਰਟੀ ਵੱਲੋਂ ਆਗੂਆਂ ਨਾਲ ਵਿਚਾਰ-ਵਟਾਂਦਰਾ ਕਰਕੇ ਅਗਲੀ ਰਣਨੀਤੀ ਤੈਅ ਕੀਤੀ ਜਾਵੇਗੀ। ਇਸ ਦੌਰਾਨ ਉਨ੍ਹਾਂ ਕੇਂਦਰ ਸਰਕਾਰ ਵੱਲੋਂ ਸੋਨੇ ਉੱਤੇ ਟੈਕਸ ਵਧਾਉਣ ਦੇ ਫੈਸਲੇ ਦੀ ਵੀ ਨਿੰਦਾ ਕੀਤੀ।

# ਟੀਮ ਹਿਊਮਨ ਸਰਵਿਸ ਸੋਸਾਇਟੀ ਵੱਲੋਂ ਰੇਹੜੀਆਂ ਹਟਾਉਣ ਦਾ ਵਿਰੋਧ



**ਪਟਿਆਲਾ, 18 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਟੀਮ ਹਿਊਮਨ ਸਰਵਿਸ ਸੋਸਾਇਟੀ ਵੱਲੋਂ ਨੈਸ਼ਨਲ ਹਾਈਵੇਅ ਪਸਿਆਣਾ ਬਸ ਸਟੈਂਡ ਕੋਲ ਗਰੀਬ ਬੇਰੁਜਗਾਰ ਲੋਕਾਂ ਵੱਲੋਂ 10 ਸਾਲ ਤੋਂ ਰੇਹੜੀ ਲਗਾ ਕੇ ਆਪਣੇ ਪਰਿਵਾਰਾਂ ਦਾ ਪੇਟ ਭਰਨ ਵਾਲਿਆਂ ਦੀ ਰੇਹੜੀਆਂ ਹਟਾਉਣ ਦਾ ਵਿਰੋਧ ਕੀਤਾ ਗਿਆ।

ਟੀਮ ਹਿਊਮਨ ਸਰਵਿਸ ਪਟਿਆਲਾ ਵੱਲੋਂ ਜੋ ਬੇਰੋਜਗਾਰ ਨੌਜਵਾਨ ਬਜ਼ੁਰਗ ਜਿਨ੍ਹਾਂ ਨੂੰ ਕਿਸੀ ਵੀ ਸਰਕਾਰ ਵੱਲੋਂ ਨੌਕਰੀ ਨਹੀਂ ਦਿੱਤੀ ਗਈ ਉਹ ਗਰੀਬ ਪਰਿਵਾਰ ਪਿਛਲੇ 10 ਸਾਲਾਂ ਤੋਂ ਜੂਸ, ਕੁਲਚੇ ਤੇ ਖਾਣ ਪੀਣ ਦੀਆਂ ਰੇਹੜੀਆਂ ਲਗਾ ਕੇ ਮਿਹਨਤ ਕਰਕੇ ਆਪਣੇ ਪਰਿਵਾਰ ਦਾ ਪੇਟ ਭਰ ਰਹੇ ਹਨ, ਉਨ੍ਹਾਂ ਦੀਆਂ ਰੇਹੜੀਆਂ ਹਟਾਉਣਾ ਇੱਕ ਗਲਤ ਗੱਲ ਹੈ। ਜਤਿੰਦਰ ਸ਼ਰਮਾ ਤੇ ਸੋਸਾਇਟੀ ਮੈਂਬਰਾਂ ਨੇ ਬੋਲਦੇ ਕਿਹਾ ਕਿ ਸਾਡੀ ਟੀਮ ਇਸ ਕੰਮ ਦਾ ਪੂਰੇ ਤੌਰ ਤੇ ਵਿਰੋਧ ਕਰਦੀ ਹੈ। ਅਗਰ ਸਰਕਾਰਾਂ ਕਿਸੇ ਨੂੰ ਨੌਕਰੀ ਨਹੀਂ ਦੇ ਸਕਦੀਆਂ ਤਾਂ ਉਨ੍ਹਾਂ ਦਾ ਕਿਸੇ ਦੀ ਰੋਜੀ ਰੋਟੀ ਖੋਹਣ ਦਾ ਵੀ ਕੋਈ ਹੱਕ ਨਹੀਂ ਹੈ। ਸਾਡੀ ਟੀਮ ਸਰਕਾਰ ਤੋਂ ਬੇਨਤੀ ਕਰਦੀ ਹੈ ਕਿ ਅਜਿਹਾ ਨਾ ਕੀਤਾ ਜਾਵੇ ਤੇ ਚੇਤਾਵਨੀ ਵੀ ਦਿੰਦੀ ਹੈ ਕਿ ਅਗਰ ਇਨ੍ਹਾਂ ਪਰਿਵਾਰਾ ਨਾ ਧੱਕਾ ਕੀਤਾ ਗਿਆ ਤਾਂ ਨੈਸ਼ਨਲ ਹਾਈਵੇ ਤੇ ਜਾਮ ਲਗਾ ਕੇ ਗਰੀਬ ਪਰਿਵਾਰਾਂ ਦਾ ਸਾਥ ਦਿੱਤਾ ਜਾਵੇਗਾ। ਸਾਡੀ ਟੀਮ ਕਿਸੀ ਵੀ ਨਾਲ ਧੱਕਾ ਹੁੰਦਾ ਹੈ ਤਾਂ ਉਸ ਦੇ ਨਾਲ ਖੜਦੀ ਹੈ ਤੇ ਖੜਦੀ ਰਹੇਗੀ। ਇਸ ਮੌਕੇ ਤੇ ਭਾਰੀ ਗਿਣਤੀ ਵਿੱਚ ਪਿੰਡ ਵਾਸੀ ਕੌਰਜੀਵਾਲਾ, ਪਸਿਆਣਾ, ਰਾਜਗੜ੍ਹ ਗਰੀਬ ਪਰਿਵਾਰ ਮੌਜੂਦ ਰਹੇ। ਵਿਸ਼ੇਸ਼ ਤੌਰ ਤੇ ਪੰਜਾਬ ਪ੍ਰਧਾਨ ਜਤਿੰਦਰ ਸ਼ਰਮਾ ਐਸ.ਸੀ.ਸੈਲ. ਦੇ ਪੰਜਾਬ ਚੇਅਰਮੈਨ ਕਰਮਜੀਤ ਲਚਕਾਣੀ ਪੰਜਾਬ, ਚੇਅਰਪ੍ਰਸਨ ਵਰਮਾ ਗੋਇਲ ਚੇਅਰਮੈਨ ਗੋਲਡੀ ਵਾਲਿਆ, ਹਿਮਾਨਸ਼ੂ ਮੰਨੂ, ਗੁਰਪ੍ਰੀਤ ਸਿੰਘ, ਕਰਨਵੀਰ ਸਿੰਘ, ਆਸ਼ੂ, ਅਜੈ ਵਾਲਮੀਕਿ ਤੇ ਭਾਰੀ ਗਿਣਤੀ ਵਿੱਚ ਪਿੰਡ ਵਾਸੀ ਮੌਜੂਦ ਸਨ।

# ਜੰਗਲਾਤ ਕਰਮੀਆਂ ਦੀ ਮੀਟਿੰਗ ਵਿੱਚ ਕਈ ਅਹਿਮ ਫੈਸਲੇ ਲਏ ਗਏ : ਸੂਰਜ ਯਾਦਵ




**ਪਟਿਆਲਾ, 18 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਦੀ ਕਲਾਸ ਫੋਰਥ ਗੋਰਮਿੰਟ ਇੰਪਲਾਈਜ ਯੂਨੀਅਨ ਪੰਜਾਬ 1680 22-ਬੀ ਚੰਡੀਗੜ੍ਹ ਦੀ ਜਿਲ੍ਹਾ ਸਬ ਕਮੇਟੀ ਜੰਗਲਾਤ,ਜੰਗਲੀ ਜੀਵ ਅਤੇ ਜੰਗਲਾਤ ਨਿਗਮ ਦੇ ਕ੍ਰਮੀਆਂ ਦੀ ਮੀਟਿੰਗ ਸੱਤਪਾਲ ਲੰਗ ਦੀ ਪ੍ਰਧਾਨਗੀ ਹੇਠ ਹੋਈ ਮੀਟਿੰਗ ਵਿੱਚ ਜੰਗਲਾਤ, ਜੰਗਲੀ ਜੀਵ,ਜੰਗਲਾਤ ਨਿਗਮ ਦੇ ਚੌਥਾ ਦਰਜਾ ਕਰਮਚਾਰੀਆਂ ਕੱਚੇ ਅਤੇ ਪੱਕੇਆਂ ਦੀਆਂ ਚੀਰਾਂ ਤੋਂ ਲਟਕਦੀਆਂ ਮੰਗਾਂ ਰੈਗੂਲਾਈਜੇਸ਼ਨ ਅਤੇ ਤਨਖਾਹਾਂ ਨਾਂ ਮਿਲਣ ਵਰਗੇ ਇਸ਼ੂ ਵਿਚਾਰੇ ਗਏ। ਇਸ ਲਈ ਫੈਸਲਾ ਕੀਤਾ ਗਿਆ ਕਿ ਯੂਨੀਅਨ ਦੇ ਸੂਬਾ ਪ੍ਰਧਾਨ ਦਰਸ਼ਨ ਸਿੰਘ ਲੂਬਾਣਾਂ,ਸਕੱਤਰ ਜਰਨਲ ਰਣਜੀਤ ਸਿੰਘ ਰਾਣਵਾਂ ਨਾਂਲ ਗੱਲਬਾਤ ਕਰਕੇ ਆਉਣ ਵਾਲੇ ਦਿਨਾਂ ਵਿੱਚ ਇੱਕ ਧਰਨਾਂ ਮੋਹਾਲੀ ਵਣ ਭਵਨ ਅੱਗੇ ਲਗਾਈਆਂ ਜਾਵੇਗਾ। ਇਹ ਵੀ ਵਿਚਾਰ ਕੀਤਾ ਗਿਆ ਕਿ ਲੇਬਰ ਕੋਰਡਾਂ ਵੱਲੋਂ ਘੱਟੋ ਘੱਟ ਉਜਰਤਾਂ 35000/- ਰੁ: ਕਰਵਾਉਣ ਅਤੇ ਮਾਨਯੋਗ ਸੁਪਰੀਮ ਕੋਰਟ ਦਾ ਅਗਸਤ 2025 ਦਾ ਫੈਸਲਾ ਲਾਗੂ ਕਰਾਉਣ ਪੁਰਾਣੀਂ ਪੈਨਸ਼ਨ ਲਾਗੂ ਕਰਾਉਣ ਅਤੇ ਪੰਜਾਬ ਸਰਕਾਰ ਵੱਲੋਂ ਰਹਿੰਦਾ ਮਹਿੰਗਾਈ ਭੱਤਾ ਅਤੇ ਬਕਾਇਆ ਜਾਰੀ ਕਰਵਾਉਣ ਵਰਗੇ ਇਸੂ ਵੀ ਸ਼ਾਮਲ ਕੀਤੇ ਜਾਣਗੇ। ਇਹ ਵੀ ਫੈਸਲਾ ਕੀਤਾ ਗਿਆ ਕਿ ਮਿਤੀ 19 ਮਈ 2026 ਨੂੰ ਪੰਜਾਬ ਏਟਕ ਦੇ ਸੱਦੇ ਤੇ ਕਿਰਤ ਭਵਨ ਪੰਜਾਬ ਦੇ ਮੋਹਾਲੀ ਦਫਤਰ ਵਿਖੇ ਕੀਤੀ ਜਾਂਣ ਵਾਲੀ ਵਿਸ਼ਾਲ ਰੈਲੀ ਵਿੱਚ ਜੰਗਲਾਤ ਕਾਮਾਂ ਵਧ ਚੜ੍ਹ ਕੇ ਸ਼ਾਮਲ ਹੋਵੇਗਾ।ਇਸ ਮੀਟਿੰਗ ਵਿੱਚ ਆਗੂ ਸ਼ਾਮਲ ਸਨ ਚੇਅਰਮੈਨ ਦਰਸ਼ਨ ਸਿੰਘ ਮੱਲੇਵਾਲ,ਸਕੱਤਰ ਬਲਵਿੰਦਰ ਸ਼ਾਮਲਾ, ਪ੍ਰਧਾਨ ਤਰਲੋਚਨ ਗਿਰ ਮਾੜੂ, ਸੀਨੀਅਰ ਮੀਤ ਪ੍ਰਧਾਨ ਤਰਲੋਚਨ ਮੰਡੋਲੀ, ਤ੍ਰਿਵੈਣੀ ਪ੍ਰਸ਼ਾਦ ਤਿਵਾੜੀ, ਸਾਮ ਸਿੰਘ,ਲਕਸ਼ਮੀ ਨਰਾਈਣ, ਸੋਮ ਦੱਤ ਜੰਗਲੀ ਜੀਵ,ਲਛਮਣ ਸਿੰਘ,ਧਰਮਪਾਲ,ਕਰਮ ਸਿੰਘ,ਸੰਤ ਰਾਮ, ਰਾਮ ਕੇਵਲ, ਦਰਬਾਰਾ ਸਿੰਘ, ਸਰੋਜ, ਜਸਪਾਲ, ਗੁਰਮੀਤ ਸਿੰਘ, ਆਦ ਆਗੂ ਸਾਮਲ ਸਨ।

# ਸਰਕਾਰੀ ਹਾਈ ਸਕੂਲ ਉੱਪਲ ਦੇ ਵਿਦਿਆਰਥੀਆਂ ਨੇ ਮਾਰੀਆਂ ਮੱਲਾਂ



**ਮਾਛੀਵਾੜਾ ਸਾਹਿਬ, 18 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਬੀਤੇ ਦਿਨੀਂ ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਦਸਵੀਂ ਜਮਾਤ ਦੇ ਐਲਾਨੇ ਗਏ ਨਤੀਜੇ ਵਿੱਚ ਨਾਇਬ ਰਸਾਲਦਾਰ ਬਸਤਾ ਸਿੰਘ ਸਰਕਾਰੀ ਹਾਈ ਸਕੂਲ ਉੱਪਲ ਦਾ ਨਤੀਜਾ 100 ਫੀਸਦੀ ਰਿਹਾ। ਬਲਾਕ ਮਾਛੀਵਾੜਾ ਦੋ ਵਿਚੋਂ ਪਹਿਲਾ ਸਥਾਨ ਪ੍ਰਾਪਤ ਕਰਨ ਵਾਲਾ ਵਿਦਿਆਰਥੀ ਰੋਬਿਨ ਕੁਮਾਰ ਹੈ, ਇੰਨਾ ਹੀ ਨਹੀਂ ਪੂਰੇ ਬਲਾਕ ਦੇ ਸਰਕਾਰੀ ਸਕੂਲਾਂ ਦੇ ਸਭ ਤੋਂ ਵੱਧ ਅੰਕ ਪ੍ਰਾਪਤ ਕਰਨ ਵਾਲੇ ਵੀਹ ਵਿਦਿਆਰਥੀਆਂ ਵਿਚੋਂ ਅੱਠ ਵਿਦਿਆਰਥੀ ਇਸ ਸੰਸਥਾ ਦੇ ਹੀ ਹਨ। ਹੈਡਮਾਸਟਰ ਸ਼੍ਰੀ ਨਵਦੀਪ ਸ਼ਰਮਾ ਜੀ ਨੇ ਦੱਸਿਆ ਕਿ ਇਸ ਸਾਲ ਦਾ ਨਤੀਜਾ ਵੀ ਸ਼ਾਨਦਾਰ ਰਿਹਾ ਅਤੇ ਸਾਰੇ ਹੀ ਵਿਦਿਆਰਥੀ 60% ਤੋਂ ਉੱਪਰ ਅੰਕ ਲੈ ਕੇ ਪਾਸ ਹੋਏ ਹਨ। ਹਰ ਸਾਲ ਦੀ ਤਰ੍ਹਾਂ ਉੱਪਲ ਪਿੰਡ ਦੇ ਵਾਸੀ ਸ਼੍ਰੀ ਗੁਰਸੇਵਕ ਸਿੰਘ ਜੀ ਅਤੇ ਉਹਨਾਂ ਦੇ ਪਰਿਵਾਰ ਵੱਲੋਂ ਉਹਨਾਂ ਦੀ ਮਾਤਾ ਅਮਰਜੀਤ ਕੌਰ (ਰਿਟਾਇਰਡ ਅਧਿਆਪਕ) ਦੀ ਯਾਦ ਵਿੱਚ ਦਸਵੀਂ ਜਮਾਤ ਦੀ ਬੋਰਡ ਦੀ ਪ੍ਰੀਖਿਆ ਵਿੱਚੋਂ ਪਹਿਲੇ ਤਿੰਨ ਸਥਾਨ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਨੂੰ ਨਕਦ ਰਾਸ਼ੀ, ਸਨਮਾਨ ਚਿੰਨ ਅਤੇ ਸਰਟੀਫਿਕੇਟ ਦੇ ਕੇ ਸਨਮਾਨਿਤ ਕੀਤਾ ਗਿਆ। ਜਿਸ ਵਿੱਚ ਰੋਬਿਨ ਕੁਮਾਰ ਨੇ 92 ਫੀਸਦੀ ਅੰਕ ਲੈਕੇ ਪਹਿਲਾ, ਜਗਜੀਤ ਸਿੰਘ ਨੇ 90 ਫੀਸਦੀ ਲੈਕੇ ਦੂਜਾ ਅਤੇ ਲਵਪ੍ਰੀਤ ਕੌਰ ਨੇ 87 ਫੀਸਦੀ ਅੰਕ ਲੈਕੇ ਤੀਜਾ ਸਥਾਨ ਪ੍ਰਾਪਤ ਕਰਕੇ ਇਨਾਮ ਹਾਸਿਲ ਕੀਤੇ। ਜਿਕਰਯੋਗ ਹੈ ਕਿ ਇਹ ਪਰਿਵਾਰ ਹਰ ਸਾਲ ਹੀ ਦਸਵੀਂ ਜਮਾਤ ਦੀ ਪ੍ਰੀਖਿਆ ਵਿੱਚੋਂ ਪਹਿਲੇ ਤਿੰਨ ਸਥਾਨ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਨੂੰ ਸਨਮਾਨਿਤ ਕਰਦਾ ਹੈ। ਹੈਡਮਾਸਟਰ ਜੀ ਨੇ ਗੁਰਸੇਵਕ ਸਿੰਘ ਜੀ ਅਤੇ ਪਰਿਵਾਰਿਕ ਮੈਂਬਰਾਂ ਦਾ ਧੰਨਵਾਦ ਕੀਤਾ ਅਤੇ ਸਲਾਂਘਾ ਕਰਦਿਆਂ ਕਿਹਾ ਕਿ ਪਿੰਡ ਵਾਸੀਆਂ ਵੱਲੋਂ ਅਜਿਹੇ ਉਪਰਾਲੇ ਹੀ ਸੰਸਥਾ ਅਤੇ ਵਿਦਿਆਰਥੀਆਂ ਨੂੰ ਨਿਤ ਨਵੀਆਂ ਉਚਾਈਆਂ ਪ੍ਰਾਪਤ ਕਰਨ ਲਈ ਪ੍ਰੇਰਦੇ ਹਨ। ਗੁਰਸੇਵਕ ਸਿੰਘ ਜੀ ਨੇ ਹੈਡਮਾਸਟਰ ਜੀ ਅਤੇ ਸਾਰੇ ਹੀ ਅਧਿਆਪਕਾਂ ਦਾ ਵੀ ਧੰਨਵਾਦ ਕੀਤਾ ਕਿਉਂਕਿ ਉਹਨਾਂ ਦੀ ਮਿਹਨਤ ਸਦਕਾ ਹੀ ਵਿਦਿਆਰਥੀ ਚੰਗੇ ਅੰਕ ਲੈ ਕੇ ਪਾਸ ਹੋਏ ਹਨ।

ਵਿਦਿਆਰਥੀਆਂ ਨੂੰ ਵੀ ਹੱਲਾਸ਼ੇਰੀ ਦਿੰਦਿਆਂ ਭਵਿੱਖ ਵਿੱਚ ਹੋਰ ਅੱਗੇ ਵੱਧਣ ਦੀ ਕਾਮਨਾ ਕੀਤੀ ਗਈ। ਵਿਸ਼ੇਸ਼ ਤੌਰ ਤੇ ਪਹੁੰਚੇ ਸਰਪੰਚ ਜਸਦੀਪ ਸਿੰਘ ਜੱਜ ਜੀ ਨੇ ਵੀ ਸਕੂਲ ਹੈਡਮਾਸਟਰ ਅਤੇ ਸਟਾਫ਼ ਦੀ ਅਣਥੱਕ ਮਿਹਨਤ ਦੀ ਸ਼ਲਾਂਘਾ ਕੀਤੀ ਅਤੇ ਕਿਹਾ ਕਿ ਪਿੰਡ ਦੀ ਪੰਚਾਇਤ ਸਕੂਲ ਦੇ ਵਿਕਾਸ ਲਈ ਹਮੇਸ਼ਾ ਤਤਪਰ ਹੈ।

ਬਲਾਕ ਪ੍ਰਧਾਨ ਸ੍ਰੀ ਗੁਰਪ੍ਰੀਤ ਸਿੰਘ ਜੀ ਵਲੋਂ ਵਿਸ਼ੇਸ਼ ਤੌਰ ਤੇ ਕਿਹਾ ਗਿਆ ਕਿ ਹੈਡਮਾਸਟਰ ਨਵਦੀਪ ਸ਼ਰਮਾ ਜੀ ਨੇ ਜਦੋਂ ਦੀ ਸਕੂਲ ਦੀ ਡੋਰ ਸੰਭਾਲੀ ਹੈ ਤਾਂ ਸਕੂਲ ਨਿੱਤ ਨਵੀਆਂ ਉਚਾਈਆਂ ਹਾਸਿਲ ਕਰ ਰਿਹਾ ਹੈ , ਨਾਲ ਹੀ ਉਹਨਾਂ ਸਾਰੇ ਹੀ ਵਿਦਿਆਰਥੀਆਂ, ਅਧਿਆਪਕਾਂ ਅਤੇ ਪਿੰਡ ਵਾਸੀਆਂ ਨੂੰ ਇਸ ਪ੍ਰਾਪਤੀ ਲਈ ਮੁਬਾਰਕਬਾਦ ਵੀ ਦਿੱਤੀ। ਹੈਡਮਾਸਟਰ ਜੀ ਵਲੋਂ ਸਮੂਹ ਪਤਵੰਤੇ ਸੱਜਣਾ ਦਾ ਧੰਨਵਾਦ ਕੀਤਾ ਗਿਆ। ਇਸ ਮੌਕੇ ਪ੍ਰਭਜੀਤ ਕੌਰ,ਮੀਨਾ ਕੁਮਾਰੀ, ਪ੍ਰਿਤਪਾਲ ਕੌਰ, ਸਰਬਜੀਤ ਕੌਰ,ਜਸਦੀਪ ਕੌਰ, ਹਰਦੀਪ ਸਿੰਘ ਹਰਮਨਜੋਤ ਸਿੰਘ, ਸੁਖਵੀਰ ਸਿੰਘ, ਸਤਨਾਮ ਸਿੰਘ, ਹਰਪ੍ਰੀਤ ਸਿੰਘ ਅਤੇ ਪ੍ਰਵੀਨ ਕੌਰ ਹਾਜ਼ਰ ਸਨ।

# ਮੁੱਖ ਚੋਣ ਅਧਿਕਾਰੀ, ਚੰਡੀਗੜ੍ਹ ਨੇ ਇਲੈਕਟੋਰਲ ਰੋਲਸ ਦੀ ਸਪੈਸ਼ਲ ਇੰਟੈਂਸਿਵ ਰਿਵਿਜ਼ਨ ਸਬੰਧੀ ਰਾਜਨੀਤਿਕ ਦਲਾਂ ਨਾਲ ਮੀਟਿੰਗ ਕੀਤੀ

**ਚੰਡੀਗੜ੍ਹ, 18 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਭਾਰਤ ਦੇ ਚੋਣ ਕਮਿਸ਼ਨ ਨੇ ਸਪੈਸ਼ਲ ਇੰਟੈਂਸਿਵ ਰਿਵਿਜ਼ਨ ਦੇ ਤੀਜੇ ਪੜਾਅ ਦਾ ਐਲਾਨ ਕੀਤਾ ਹੈ, ਜਿਸ ਵਿੱਚ 16 ਰਾਜਾਂ ਅਤੇ 3 ਕੇਂਦਰ ਸ਼ਾਸਿਤ ਪ੍ਰਦੇਸ਼ਾਂ (ਯੂਟੀਜ਼) ਨਾਲ ਕੇਂਦਰ ਸ਼ਾਸਿਤ ਪ੍ਰਦੇਸ਼ ਚੰਡੀਗੜ੍ਹ ਵੀ ਸ਼ਾਮਲ ਹੈ।




ਸਪੈਸ਼ਲ ਇੰਟੈਂਸਿਵ ਰਿਵਿਜ਼ਨ (ਐੱਸਆਈਆਰ) ਦੇ ਸ਼ਡਿਊਲ ਅਤੇ ਪ੍ਰਕਿਰਿਆ ਦੀ ਜਾਣਕਾਰੀ ਦੇਣ ਹਿਤ ਸੁਸ਼੍ਰੀ ਪ੍ਰੇਰਣਾ ਪੁਰੀ, ਆਈਏਐੱਸ, ਮੁੱਖ ਚੋਣ ਅਧਿਕਾਰੀ, ਯੂ.ਟੀ. ਚੰਡੀਗੜ੍ਹ ਦੁਆਰਾ ਰਾਜਨੀਤਿਕ ਦਲਾਂ ਦੇ ਪ੍ਰਤੀਨਿਧੀਆਂ ਨਾਲ ਇੱਕ ਮੀਟਿੰਗ ਆਯੋਜਿਤ ਕੀਤੀ ਗਈ। ਮੀਟਿੰਗ ਵਿੱਚ ਰਾਸ਼ਟਰੀ ਰਾਜਨੀਤਿਕ ਦਲਾਂ ਦੇ ਪ੍ਰਤੀਨਿਧੀਆਂ ਨੇ ਹਿੱਸਾ ਲਿਆ।

ਮੀਟਿੰਗ ਦੀ ਸ਼ੁਰੂਆਤ ਵਿੱਚ ਮੁੱਖ ਚੋਣ ਅਧਿਕਾਰੀ ਨੇ ਦੱਸਿਆ ਕਿ ਚੰਡੀਗੜ੍ਹ ਵਿੱਚ ਅੰਤਿਮ ਸਪੈਸ਼ਲ ਇੰਟੈਂਸਿਵ ਰਿਵਿਜ਼ਨ (ਐੱਸਆਈਆਰ) ਸਾਲ 2002 ਵਿੱਚ ਕੀਤਾ ਗਿਆ ਸੀ। ਤੀਬਰ ਸ਼ਹਿਰੀਕਰਣ, ਨਿਰੰਤਰ ਪ੍ਰਵਾਸਨ, 18 ਵਰ੍ਹੇ ਦੀ ਉਮਰ ਪ੍ਰਾਪਤ ਕਰਕੇ ਮਤਦਾਤਾ ਬਣਨ ਵਾਲੇ ਯੁਵਾ ਨਾਗਰਿਕਾਂ ਦੀ ਸੰਖਿਆ ਵਿੱਚ ਵਾਧਾ, ਮੌਤਾਂ ਬਾਰੇ ਜਾਣਕਾਰੀ ਸਮੇਂ 'ਤੇ ਪ੍ਰਾਪਤ ਨਾ ਹੋਣ ਅਤੇ ਅਵੈਧ ਵਿਦੇਸ਼ੀ ਨਾਗਰਿਕਾਂ ਦੇ ਨਾਮ ਇਲੈਕਟੋਰਲ ਰੋਲ ਵਿੱਚ ਸ਼ਾਮਲ ਹੋਣ ਦੇ ਮੱਦੇਨਜ਼ਰ, ਤਰੁਟੀਰਹਿਤ ਅਤੇ ਭਰੋਸੇਯੋਗ ਇਲੈਕਟੋਰਲ ਰੋਲ ਤਿਆਰ ਕਰਨ ਲਈ ਇਹ ਇੰਟੈਂਸਿਵ ਰਿਵਿਜ਼ਨ ਜ਼ਰੂਰੀ ਹੋ ਗਿਆ ਹੈ। ਸਪੈਸ਼ਲ ਇੰਟੈਂਸਿਵ ਰਿਵਿਜ਼ਨ (ਐੱਸਆਈਆਰ) ਦੀ ਯੋਗਤਾ ਮਿਤੀ 01.07.2026 ਨਿਰਧਾਰਿਤ ਕੀਤੀ ਗਈ ਹੈ।

ਮੁੱਖ ਚੋਣ ਅਧਿਕਾਰੀ ਨੇ ਦੱਸਿਆ ਕਿ ਇਹ ਰਿਵਿਜ਼ਨ ਭਾਰਤ ਦੇ ਚੋਣ ਕਮਿਸ਼ਨ ਦੁਆਰਾ ਨਿਰਧਾਰਿਤ ਦਿਸ਼ਾ-ਨਿਰਦੇਸ਼ਾਂ ਅਤੇ ਸਮਾਂ-ਸਾਰਣੀ ਦੇ ਅਨੁਸਾਰ ਕੀਤਾ ਜਾਵੇਗਾ। ਇਸ ਇੰਟੈਂਸਿਵ ਰਿਵਿਜ਼ਨ ਦਾ ਉਦੇਸ਼ ਇਹ ਸੁਨਿਸ਼ਚਿਤ ਕਰਨਾ ਹੈ ਕਿ ਸਾਰੇ ਪਾਤਰ ਨਾਗਰਿਕਾਂ ਦੇ ਨਾਮ ਇਲੈਕਟੋਰਲ ਰੋਲ ਵਿੱਚ ਸ਼ਾਮਲ ਹੋਣ ਤਾਕਿ ਉਹ ਆਪਣੇ ਵੋਟ ਦੇ ਅਧਿਕਾਰ ਦਾ ਪ੍ਰਯੋਗ ਕਰ ਸਕਣ, ਕੋਈ ਅਪਾਤਰ ਵਿਅਕਤੀ ਇਲੈਕਟੋਰਲ ਰੋਲ ਵਿੱਚ ਸ਼ਾਮਲ ਨਾ ਹੋਵੇ ਅਤੇ ਇਲੈਕਟੋਰਲ ਰੋਲ ਵਿੱਚ ਨਾਮ ਜੋੜਨ ਜਾਂ ਹਟਾਉਣ ਦੀ ਪ੍ਰਕਿਰਿਆ ਪੂਰੀ ਤਰ੍ਹਾਂ ਪਾਰਦਰਸ਼ੀ ਬਣੀ ਰਹੇ।

ਉਨ੍ਹਾਂ ਨੇ ਅੱਗੇ ਜਾਣਕਾਰੀ ਦਿੱਤੀ ਕਿ ਘਰ-ਘਰ ਵੈਰਿਫਿਕੇਸ਼ਨ ਦੇ ਦੌਰਾਨ, ਬੂਥ ਲੈਵਲ ਅਧਿਕਾਰੀ (ਬੀਐੱਲਓ/2*®) ਪਹਿਲਾਂ ਤੋਂ ਭਰੇ ਹੋਏ ਗਣਨਾ ਫਾਰਮ (Pre-filled Enumeration Form) ਦੇ ਨਾਲ ਹਰੇਕ ਘਰ ਤਿੰਨ ਵਾਰ ਜਾਣਗੇ। ਜੇਕਰ ਸਬੰਧਿਤ ਵਿਅਕਤੀ ਘਰ 'ਤੇ ਉਪਲਬਧ ਨਹੀਂ ਹੁੰਦਾ ਹੈ, ਤਾਂ ਬੂਥ ਲੈਵਲ ਅਧਿਕਾਰੀ (ਬੀਐੱਲਓ/BLO) ਗਣਨਾ ਫਾਰਮ ਨੂੰ ਦਰਵਾਜ਼ੇ ਦੇ ਹੇਠਾਂ ਪਾ ਦੇਣਗੇ ਅਤੇ ਅਗਲੀ ਯਾਤਰਾ ਦੇ ਦੌਰਾਨ ਉਸ ਨੂੰ ਪ੍ਰਾਪਤ ਕਰਨਗੇ। ਨਾਗਰਿਕ ਔਨਲਾਇਨ ਮਾਧਿਅਮ ਨਾਲ ਵੀ ਗਣਨਾ ਫਾਰਮ ਭਰ ਕੇ ਉਸ ਨੂੰ ਡਾਊਨਲੋਡ ਕਰ ਸਕਦੇ ਹਨ। ਬੂਥ ਲੈਵਲ ਅਧਿਕਾਰੀ (ਬੀਐੱਲਓ/BLO) ਆਪਣੇ ਨਾਲ ਘੋਸ਼ਣਾ ਪੱਤਰ ਸਹਿਤ ਫਾਰਮ ਨੰਬਰ 6 ਵੀ ਲੈ ਕੇ ਜਾਣਗੇ, ਤਾਕਿ ਯੁਵਾ ਪਾਤਰ ਨਿਵਾਸੀ ਵੀ ਵੋਟਰਾਂ ਵਜੋਂ ਰਜਿਸਟਰ ਕੀਤੇ ਜਾ ਸਕਣ।

ਮੁੱਖ ਚੋਣ ਅਧਿਕਾਰੀ ਨੇ ਦੱਸਿਆ ਕਿ ਚੰਡੀਗੜ੍ਹ ਸੰਸਦੀ ਹਲਕੇ ਵਿੱਚ 70% ਮੈਪਿੰਗ ਕੀਤੀ ਗਈ ਹੈ ਅਤੇ ਰਾਜਨੀਤਿਕ ਦਲਾਂ ਨੂੰ ਸਮਾਂ-ਸਾਰਣੀ ਅਤੇ ਪ੍ਰਕਿਰਿਆ ਬਾਰੇ ਜਾਣਕਾਰੀ ਦਿੱਤੀ ਗਈ ਹੈ, ਸਪੈਸ਼ਲ ਇੰਟੈਂਸਿਵ ਰਿਵਿਜ਼ਨ (ਐੱਸਆਈਆਰ) ਇੱਕ ਸਹਿਭਾਗੀ ਪ੍ਰਕਿਰਿਆ ਹੈ ਜਿਸ ਵਿੱਚ ਵੋਟਰਾਂ, ਰਾਜਨੀਤਿਕ ਦਲਾਂ ਅਤੇ ਚੋਣ ਅਧਿਕਾਰੀਆਂ ਸਮੇਤ ਸਾਰੇ ਹਿਤਧਾਰਕਾਂ ਦੀ ਮਹੱਤਵਪੂਰਨ ਭੂਮਿਕਾ ਹੈ। ਸਾਰੇ ਰਾਜਨੀਤਿਕ ਦਲਾਂ ਨੂੰ ਹਰੇਕ ਪੋਲਿੰਗ ਬੂਥ ਲਈ ਬੀਐੱਲਏਜ਼/(BLAs) (ਬੂਥ ਲੈਵਲ ਏਜੰਟਸ/Booth Level Agents) ਨਿਯੁਕਤ ਕਰਨ ਦੀ ਬੇਨਤੀ ਕੀਤੀ ਗਈ, ਤਾਕਿ ਸਪੈਸ਼ਲ ਇੰਟੈਂਸਿਵ ਰਿਵਿਜ਼ਨ (ਐੱਸਆਈਆਰ) ਪ੍ਰਕਿਰਿਆ ਦੇ ਸੰਚਾਲਨ ਵਿੱਚ ਪੂਰੀ ਪਾਰਦਰਸ਼ਤਾ ਅਤੇ ਸਹਿਭਾਗਿਤਾ ਸੁਨਿਸ਼ਚਿਤ ਕੀਤੀ ਜਾ ਸਕੇ। ਉਨ੍ਹਾਂ ਨੇ ਇਹ ਵੀ ਦੱਸਿਆ ਕਿ ਸਪੈਸ਼ਲ ਇੰਟੈਂਸਿਵ ਰਿਵਿਜ਼ਨ (ਐੱਸਆਈਆਰ) ਪ੍ਰਕਿਰਿਆ ਪੂਰੀ ਹੋਣ ਤੱਕ ਅਜਿਹੀਆਂ ਮੀਟਿੰਗਾਂ ਨਿਯਮਿਤ ਤੌਰ 'ਤੇ ਆਯੋਜਿਤ ਕੀਤੀਆਂ ਜਾਣਗੀਆਂ। ਮੀਟਿੰਗ ਦੇ ਦੌਰਾਨ ਰਾਜਨੀਤਿਕ ਦਲਾਂ ਦੇ ਪ੍ਰਤੀਨਿਧੀਆਂ ਦੁਆਰਾ ਉਠਾਏ ਗਏ ਵਿਭਿੰਨ ਪ੍ਰਸ਼ਨਾਂ ਅਤੇ ਖ਼ਦਸ਼ਿਆਂ ਦਾ ਸਮਾਧਾਨ ਵੀ ਕੀਤਾ ਗਿਆ।

ਮੀਟਿੰਗ ਵਿੱਚ ਇਹ ਵੀ ਦੱਸਿਆ ਗਿਆ ਕਿ ਗਣਨਾ ਪੜਾਅ ਦੇ ਦੌਰਾਨ ਇੱਕ ਬੀਐੱਲਏ/(BLA) (ਬੂਥ ਲੈਵਲ ਏਜੰਟ/Booth Level Agent) ਰੋਜ਼ਾਨਾ ਅਧਿਕਤਮ 50 ਗਣਨਾ ਫਾਰਮ ਜਮ੍ਹਾਂ ਕਰ ਸਕਦਾ ਹੈ। ਗਣਨਾ ਪੜਾਅ ਸਮਾਪਤ ਹੋਣ ਦੇ ਬਾਅਦ ਐਬਸੈਂਟ, ਸ਼ਿਫਟਡ, ਡਿਲੀਟਡ-ਏਐੱਸਡੀ (Absent, Shifted, Deleted-ASD) ਮਤਦਾਤਿਆਂ ਦੀ ਸੂਚੀ ਸਬੰਧਿਤ ਪਾਰਟ ਬੀਐੱਲਓ (BLO) ਦੁਆਰਾ ਬੀਐੱਲਏ (2*1) ਨੂੰ ਉਪਲਬਧ ਕਰਵਾਈ ਜਾਵੇਗੀ। ਬੀਐੱਲਏ (2*1) ਨੂੰ ਆਗਾਮੀ ਦਿਨਾਂ ਵਿੱਚ ਟ੍ਰੇਨਿੰਗ ਵੀ ਪ੍ਰਦਾਨ ਕੀਤੀ ਜਾਵੇਗੀ। ਮੁੱਖ ਚੋਣ ਅਧਿਕਾਰੀ (ਸੀਈਓ/35®) ਨੇ ਦੱਸਿਆ ਕਿ ਆਮ ਜਨਤਾ ਅਤੇ ਮਤਦਾਤਿਆਂ ਦੀ ਸਹਾਇਤਾ ਹਿਤ ਵਿਭਿੰਨ ਦਫ਼ਤਰਾਂ ਵਿੱਚ ਹੈਲਪ ਡੈਸਕ ਸਥਾਪਿਤ ਕੀਤੇ ਜਾਣਗੇ। ਇਸ ਤੋਂ ਇਲਾਵਾ ਬਿਮਾਰ, ਦਿੱਵਯਾਂਗਜਨਾਂ ਅਤੇ ਵੰਚਿਤ ਵਰਗਾਂ ਨੂੰ ਜ਼ਰੂਰੀ ਸਹਿਯੋਗ ਅਤੇ ਸਹਾਇਤਾ ਵੀ ਸੁਨਿਸ਼ਚਿਤ ਕੀਤੀ ਜਾਵੇਗੀ ਅਤੇ ਵਿਸਤ੍ਰਿਤ ਦਿਸ਼ਾ-ਨਿਰਦੇਸ਼ ਉਪਲਬਧ ਕਰਵਾਏ ਜਾਣਗੇ।

ਸਾਰੇ ਪੋਲਿੰਗ ਸਟੇਸ਼ਨਾਂ 'ਤੇ 16.05.26 (ਸ਼ਨੀਵਾਰ) ਅਤੇ 17.05.26 (ਐਤਵਾਰ) ਨੂੰ ਵਿਸ਼ੇਸ਼ ਕੈਂਪ ਆਯੋਜਿਤ ਕੀਤੇ ਜਾਣਗੇ। ਯੂ.ਟੀ. ਚੰਡੀਗੜ੍ਹ ਦੇ ਨਿਵਾਸੀਆਂ ਨੂੰ ਅਪੀਲ ਕਰਦੇ ਹੋਏ ਮੁੱਖ ਚੋਣ ਅਧਿਕਾਰੀ ਨੇ ਕਿਹਾ ਕਿ ਉਹ ਪਿਛਲੇ ਸਪੈਸ਼ਲ ਇੰਟੈਂਸਿਵ ਰਿਵਿਜ਼ਨ (ਐੱਸਆਈਆਰ/SIR) (Previous SIR) ਤੋਂ ਆਪਣੇ ਵੇਰਵਿਆਂ ਦੀ ਪੁਸ਼ਟੀ ਕਰਕੇ ਆਪਣੇ ਸਬੰਧਿਤ ਬੂਥ ਲੈਵਲ ਅਧਿਕਾਰੀਆਂ ਨਾਲ ਸਾਂਝਾ ਕਰਨ ਤਾਕਿ ਮੈਪਿੰਗ ਪ੍ਰਕਿਰਿਆ ਸੁਚਾਰੂ ਰੂਪ ਨਾਲ ਪੂਰਨ ਕੀਤੀ ਜਾ ਸਕੇ। ਪਿਛਲੇ ਸਪੈਸ਼ਲ ਇੰਟੈਂਸਿਵ ਰਿਵਿਜ਼ਨ (ਐੱਸਆਈਆਰ/SIR) (Previous SIR) ਨਾਲ ਸਬੰਧਿਤ ਵੇਰਵੇ ਵੋਟਰਸ ਸਰਵਿਸ ਪੋਰਟਲ (VotersÓ Service Portal) ਅਤੇ ਸੀਈਓ (35®) ਚੰਡੀਗੜ੍ਹ ਦੀ ਅਧਿਕਾਰਿਤ ਵੈੱਬਸਾਇਟ 'ਤੇ ਉਪਲਬਧ ਹਨ।

ਕਿਸੇ ਵੀ ਸਹਾਇਤਾ ਹਿਤ ਨਾਗਰਿਕ ਕੰਮਕਾਜੀ ਦਿਨਾਂ ਵਿੱਚ ਵੋਟਰ ਹੈਲਪਲਾਇਨ ਨੰਬਰ 1950 'ਤੇ ਸੰਪਰਕ ਕਰ ਸਕਦੇ ਹਨ ਜਾਂ 539©5" ਮੋਬਾਈਲ ਐਪਲੀਕੇਸ਼ਨ 'ਤੇ ਉਪਲਬਧ ਬੀਐੱਲਓ(2*®) ਨਾਲ ਕਾਲ ਬੇਨਤੀ ਬੁੱਕ ਕਰੋ ਸੁਵਿਧਾ ਦਾ ਉਪਯੋਗ ਕਰ ਸਕਦੇ ਹਨ। ਮੀਟਿੰਗ ਵਿੱਚ ਏਡੀਸੀ (143)-ਅਤੇ-ਚੋਣਕਾਰ ਰਜਿਸਟ੍ਰੇਸ਼ਨ ਅਧਿਕਾਰੀ (ਈਆਰਓ/ERO) ਸ਼੍ਰੀ ਅਮਨਦੀਪ ਸਿੰਘ ਭੱਟੀ; ਸਹਾਇਕ ਚੋਣਕਾਰ ਰਜਿਸਟ੍ਰੇਸ਼ਨ ਅਧਿਕਾਰੀ ਸ਼੍ਰੀ ਰਾਜੀਵ ਤਿਵਾਰੀ ਸਹਿਤ ਮੁੱਖ ਚੋਣ ਅਧਿਕਾਰੀ, ਯੂਟੀ, ਚੰਡੀਗੜ੍ਹ ਦਫ਼ਤਰ ਦੇ ਹੋਰ ਅਧਿਕਾਰੀ ਵੀ ਉਪਸਥਿਤ ਰਹੇ।

## ਸੀਐੱਮ ਦੀ ਧਰਮਪਤਨੀ ਸੁਮਨ ਸੈਣੀ ਨੇ ਸਵਰਗਵਾਸੀ ਊਸ਼ਾ ਗੁਪਤਾ ਦੇ ਦੇਹਾਂਤ 'ਤੇ ਜਤਾਇਆ ਦੁੱਖ, ਭੇਟ ਕੀਤੀ ਸ਼ਰਧਾਂਜਲੀ



**ਕਰਨਾਲ, 18 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਮੇਅਰ ਰੇਣੂ ਬਾਲਾ ਗੁਪਤਾ ਦੀ ਜੇਠਾਣੀ ਅਤੇ ਭਾਜਪਾ ਦੇ ਸਾਬਕਾ ਕਾਰਜਕਾਰੀ ਜ਼ਿਲ੍ਹਾ ਪ੍ਰਧਾਨ ਬ੍ਰਿਜ ਗੁਪਤਾ ਦੀ ਵੱਡੀ ਭਾਬੀ ਸਵਰਗਵਾਸੀ ਸ਼੍ਰੀਮਤੀ ਊਸ਼ਾ ਗੁਪਤਾ ਦੇ ਦੇਹਾਂਤ ਤੋਂ ਬਾਅਦ ਦੁੱਖ ਪ੍ਰਗਟ ਕਰਨ ਵਾਲਿਆਂ ਦਾ ਤਾਂਤਾ ਲੱਗਿਆ ਹੋਇਆ ਹੈ।

ਵੱਖ-ਵੱਖ ਰਾਜਨੀਤਿਕ, ਸਮਾਜਿਕ, ਪ੍ਰਸ਼ਾਸਨਿਕ ਅਤੇ ਹੋਰ ਖੇਤਰਾਂ ਨਾਲ ਜੁੜੇ ਵੱਡੀ ਗਿਣਤੀ ਵਿੱਚ ਗਣਮਾਨਯ ਲੋਕ ਪਹੁੰਚ ਕੇ ਦੁਖੀ ਪਰਿਵਾਰ ਨੂੰ ਸਾਂਤਵਨਾ ਦੇ ਰਹੇ ਹਨ। ਇਸੀ ਕੜੀ ਵਿੱਚ ਸ਼ੁੱਕਰਵਾਰ ਨੂੰ ਹਰਿਆਣਾ ਰਾਜ ਬਾਲ ਕਲਿਆਣ ਪਰਿਸ਼ਦ ਦੀ ਉਪ ਪ੍ਰਧਾਨ ਅਤੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਦੀ ਧਰਮਪਤਨੀ ਸੁਮਨ ਸੈਣੀ ਵੀ ਚੌਧਰੀ ਕਾਲੋਨੀ ਸਥਿਤ ਨਿਵਾਸ 'ਤੇ ਸ਼ੋਕ ਪ੍ਰਗਟ ਕਰਨ ਲਈ ਪਹੁੰਚੀ।

ਸੀਐੱਮ ਦੀ ਧਰਮਪਤਨੀ ਸੁਮਨ ਸੈਣੀ ਨੇ ਸਭ ਤੋਂ ਪਹਿਲਾਂ ਦਿਵੰਗਤ ਊਸ਼ਾ ਗੁਪਤਾ ਦੇ ਚਿੱਤਰ 'ਤੇ ਪੁਸ਼ਪਾਂਜਲੀ ਅਰਪਿਤ ਕੀਤੀ। ਇਸ ਤੋਂ ਬਾਅਦ ਉਨ੍ਹਾਂ ਨੇ ਪਰਿਵਾਰਕ ਮੈਂਬਰਾਂ ਨਾਲ ਆਤਮਿਕ ਤੌਰ 'ਤੇ ਗੱਲਬਾਤ ਕਰਦੇ ਹੋਏ ਆਪਣੀ ਅਤੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਵੱਲੋਂ ਗਹਿਰੀ ਸੰਵੇਦਨਾਵਾਂ ਪ੍ਰਗਟ ਕੀਤੀਆਂ ਅਤੇ ਸ਼ੋਕਾਗ੍ਰਸਤ ਪਰਿਵਾਰ ਨੂੰ ਹੌਸਲਾ ਦਿੱਤਾ।

ਇਸ ਦੌਰਾਨ ਉਨ੍ਹਾਂ ਕਿਹਾ ਕਿ ਇਸ ਅਥਾਹ ਦੁੱਖ ਦੀ ਘੜੀ ਵਿੱਚ ਪੂਰਾ ਸਮਾਜ ਗੁਪਤਾ ਪਰਿਵਾਰ ਦੇ ਨਾਲ ਖੜ੍ਹਾ ਹੈ। ਇਸੇ ਵੇਲੇ ਹੋਰ ਆਗੂਆਂ ਅਤੇ ਮਹਿਮਾਨਾਂ ਨੇ ਵੀ ਸਵਰਗਵਾਸੀ ਊਸ਼ਾ ਗੁਪਤਾ ਦੇ ਸਾਦਗੀਪੂਰਨ, ਮਿਲਣਸਾਰ ਅਤੇ ਧਾਰਮਿਕ ਵਿਅਕਤਿਤਵ ਨੂੰ ਯਾਦ ਕਰਦੇ ਹੋਏ ਉਨ੍ਹਾਂ ਨੂੰ ਭਾਵਭੀਨੀ ਸ਼ਰਧਾਂਜਲੀ ਅਰਪਿਤ ਕੀਤੀ।

ਪਰਿਵਾਰ ਵੱਲੋਂ ਜਾਣਕਾਰੀ ਦਿੱਤੀ ਗਈ ਹੈ ਕਿ ਸਵਰਗਵਾਸੀ ਊਸ਼ਾ ਗੁਪਤਾ ਦੀ ਪੁੰਨਿਆ ਸਮ੍ਰਿਤੀ ਵਿੱਚ ਪ੍ਰਾਰਥਨਾ ਸਭਾ 24 ਮਈ ਨੂੰ ਕਰਨਾਲ ਦੇ ਅਨਮੋਲ ਗਾਰਡਨ ਵਿੱਚ ਆਯੋਜਿਤ ਕੀਤੀ ਜਾਵੇਗੀ। ਇਸ ਵਿੱਚ ਰਾਜਨੀਤਿਕ, ਸਮਾਜਿਕ ਅਤੇ ਧਾਰਮਿਕ ਖੇਤਰ ਨਾਲ ਜੁੜੇ ਵੱਡੀ ਗਿਣਤੀ ਵਿੱਚ ਲੋਕ ਸ਼ਾਮਲ ਹੋ ਕੇ ਸ਼ਰਧਾਂਜਲੀ ਭੇਟ ਕਰਨਗੇ।

## ਆਮ ਆਦਮੀ ਪਾਰਟੀ ਵੱਲੋਂ ਪੈਟਰੋਲ-ਡੀਜ਼ਲ ਦੀਆਂ ਕੀਮਤਾਂ 'ਚ ਵਾਧੇ ਖਿਲਾਫ਼ ਵਿਸ਼ਾਲ ਰੋਸ ਪ੍ਰਦਰਸ਼ਨ




**ਜਲੰਧਰ, 18 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਆਮ ਆਦਮੀ ਪਾਰਟੀ (ਆਪ) ਦੇ ਜ਼ਿਲਾ ਪ੍ਰਧਾਨ (ਸ਼ਹਿਰੀ) ਅਤੇ ਜ਼ਿਲਾ ਯੋਜਨਾ ਕਮੇਟੀ ਦੇ ਚੇਅਰਮੈਨ ਸ੍ਰੀ ਅੰਮ੍ਰਿਤਪਾਲ ਸਿੰਘ ਦੀ ਅਗਵਾਈ ਵਿੱਚ ਅੱਜ ਜ਼ਿਲੇ ਦੇ ਭਾਰੀ ਗਿਣਤੀ ਅਹੁਦੇਦਾਰਾਂ ਅਤੇ ਵਲੰਟੀਅਰਾਂ ਵੱਲੋਂ ਸਥਾਨਕ ਗੁਰੂ ਨਾਨਕ ਮਿਸ਼ਨ ਚੌਕ ਨਜ਼ਦੀਕ ਵਿਸ਼ਾਲ ਰੋਸ ਪ੍ਰਦਰਸ਼ਨ ਕਰਕੇ ਤੇਲ ਦੀਆਂ ਕੀਮਤਾਂ ਅਤੇ ਮਹਿੰਗਾਈ ਨੂੰ ਸਿਖਰ 'ਤੇ ਲਿਜਾਣ ਲਈ ਕੇਂਦਰ ਦੀ ਭਾਜਪਾ ਸਰਕਾਰ ਦੀ ਸਖ਼ਤ ਨਿਖੇਧੀ ਕੀਤੀ ਗਈ।

ਸ੍ਰੀ ਅੰਮ੍ਰਿਤਪਾਲ ਸਿੰਘ ਨੇ ਕਿਹਾ ਕਿ ਕੇਂਦਰ ਸਰਕਾਰ ਵੱਲੋਂ ਕੀਤਾ ਗਿਆ ਇਹ ਵਾਧਾ ਆਮ ਲੋਕਾਂ ਨੂੰ ਮਹਿੰਗਾਈ ਦੀ ਮਾਰ ਮਾਰਨ ਵਾਲਾ ਹੈ, ਜਿਸ ਦਾ ਆਮ ਆਦਮੀ ਪਾਰਟੀ ਸਖ਼ਤ ਵਿਰੋਧ ਕਰਦੀ ਹੈ। ਉਨ੍ਹਾਂ ਕਿਹਾ ਕਿ ਮਹਿੰਗਾਈ ਖਿਲਾਫ਼ ਲੋਕਾਂ ਦੀ ਲੜਾਈ ਜਾਰੀ ਰਹੇਗੀ। ਉਨ੍ਹਾਂ ਕਿਹਾ ਕਿ ਕੇਂਦਰ ਦੀ ਬੀ.ਜੇ.ਪੀ.ਸਰਕਾਰ ਦੇਸ਼ ਅੰਦਰ ਹਰ ਖੇਤਰ ਵਿੱਚ ਬੁਰੀ ਤਰ੍ਹਾਂ ਫੇਲ੍ਹ ਸਾਬਿਤ ਹੋਈ ਹੈ। ਉਨ੍ਹਾਂ ਕਿਹਾ ਕਿ ਪੰਜਾਬ ਇਕ ਖੇਤੀ ਪ੍ਰਧਾਨ ਸੂਬਾ ਹੈ ਅਤੇ ਦੇਸ਼ ਦੇ ਅੰਨ ਭੰਡਾਰ ਵਿੱਚ ਸਾਰੇ ਸੂਬਿਆਂ ਨਾਲੋਂ ਵੱਧ ਯੋਗਦਾਨ ਪਾਇਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਹੁਣ ਸੂਬੇ ਵਿੱਚ ਝੋਨੇ ਦੀ ਲਵਾਈ ਦੇ ਮੌਕੇ ਤੇਲ ਦੀਆਂ ਕੀਮਤਾਂ ਵਿੱਚ ਵਾਧਾ ਕੀਤਾ ਗਿਆ ਹੈ, ਜੋ ਇਕ ਕਿਸਾਨ ਵਿਰੋਧੀ ਤੇ ਮੰਦਭਾਗਾ ਫੈਸਲਾ ਹੈ।

ਜ਼ਿਲ੍ਹਾ ਪ੍ਰਧਾਨ ਨੇ ਕਿਹਾ ਕਿ ਕੇਵਲ ਚਹੇਤੇ ਕਾਰਪੋਰੇਟ ਘਰਾਣਿਆਂ ਨੂੰ ਫਾਇਦਾ ਪਹੁੰਚਾਉਣ ਲਈ ਆਮ ਜਨਤਾ, ਕਿਸਾਨਾਂ ਅਤੇ ਛੋਟੇ ਕਾਰੋਬਾਰੀਆਂ ਉੱਤੇ ਮਹਿੰਗਾਈ ਦਾ ਬੋਝ ਪਾਇਆ ਗਿਆ ਹੈ। ਉਨ੍ਹਾਂ ਕਿਹਾ ਕਿ ਸੱਤਾ ਵਿੱਚ ਆਉਣ ਤੋਂ ਪਹਿਲਾਂ ਪ੍ਰਧਾਨ ਮੰਤਰੀ ਮੋਦੀ ਵੱਲੋਂ ਕੀਤੇ ਗਏ ਵੱਡੇ-ਵੱਡੇ ਵਾਅਦਿਆਂ ਦੇ ਬਾਵਜੂਦ ਅੱਜ ਪੂਰਾ ਦੇਸ਼ ਵਧਦੀ ਮਹਿੰਗਾਈ ਦਾ ਸਾਹਮਣਾ ਕਰ ਰਿਹਾ ਹੈ। ਉਨ੍ਹਾਂ ਕਿਹਾ ਕਿ ਪੱਛਮੀ ਬੰਗਾਲ ਚੋਣਾਂ ਤੋਂ ਤੁਰੰਤ ਬਾਅਦ ਕੇਂਦਰ ਸਰਕਾਰ ਨੇ ਕਮਰਸ਼ੀਅਲ ਐਲਪੀਜੀ ਸਿਲੰਡਰ ਦੀ ਕੀਮਤ ਵਿੱਚ ਵਾਧਾ ਕਰਕੇ ਛੋਟੇ ਕਾਰੋਬਾਰੀਆਂ ਅਤੇ ਵਪਾਰੀਆਂ ਨਾਲ ਧੱਕਾ ਕੀਤਾ ਹੈ। ਇਸ ਦੇ ਨਾਲ ਹੀ ਕੇਂਦਰ ਨੇ ਪੈਟਰੋਲ ਦੀ ਕੀਮਤ ਵਿੱਚ ?3.14 ਪ੍ਰਤੀ ਲੀਟਰ, ਡੀਜ਼ਲ ਵਿੱਚ ?3.11 ਪ੍ਰਤੀ ਲੀਟਰ ਅਤੇ ਸੀਐਨਜੀ ਦੀ ਕੀਮਤ ਵਿੱਚ ?2 ਦਾ ਵਾਧਾ ਕੀਤਾ ਹੈ। ਉਨ੍ਹਾਂ ਕਿਹਾ ਕਿ ਭਾਜਪਾ ਸਰਕਾਰ ਵਲੋਂ ਕੀਮਤਾਂ ਵਿੱਚ ਇਹ ਵਾਧਾ ਸਿਰਫ਼ ਨਜ਼ਦੀਕੀ ਕੁਝ ਚੋਣਵੇਂ ਕਾਰਪੋਰੇਟ ਘਰਾਣਿਆਂ ਨੂੰ ਲਾਭ ਪਹੁੰਚਾਉਣ ਲਈ ਕੀਤਾ ਜਾ ਰਿਹਾ ਹੈ।

ਭਾਰੀ ਗਿਣਤੀ ਵਿੱਚ ਪੁੱਜੇ ਆਮ ਆਦਮੀ ਪਾਰਟੀ ਦੇ ਅਹੁਦੇਦਾਰਾਂ ਅਤੇ ਵਲੰਟੀਅਰਾਂ ਨੇ ਪੈਟਰੋਲ, ਡੀਜ਼ਲ ਅਤੇ ਸੀਐਨਜੀ ਦੀਆਂ ਕੀਮਤਾਂ ਵਿੱਚ ਕੀਤੇ ਗਏ ਵਾਧੇ ਦੀ ਸਖ਼ਤ ਨਿਖੇਧੀ ਕਰਦਿਆਂ ਮੰਗ ਕੀਤੀ ਕਿ ਕੇਂਦਰ ਸਰਕਾਰ ਇਸ ਵਾਧੇ ਨੂੰ ਤੁਰੰਤ ਵਾਪਸ ਲਵੇ। ਉਨ੍ਹਾਂ ਕਿਹਾ ਜੇਕਰ ਇਹ ਵਾਧਾ ਵਾਪਸ ਨਾ ਲਿਆ ਗਿਆ ਤਾਂ ਲੋਕਾਂ ਵਲੋਂ ਮਹਿੰਗਾਈ ਖਿਲਾਫ਼ ਲੜਾਈ ਜਾਰੀ ਰੱਖੀ ਜਾਵੇਗੀ। ਇਸ ਮੌਕੇ ਸ੍ਰੀ ਹਰਿੰਦਰਪਾਲ ਸਿੰਘ ਮਨੋਚਾ ਅਤੇ ਸ੍ਰੀ ਪਵਨ ਕੁਮਾਰ ਹੰਸ ਤੋਂ ਇਲਾਵਾ ਭਾਰੀ ਗਿਣਤੀ ਵਿੱਚ ਆਮ ਆਦਮੀ ਪਾਰਟੀ ਦੇ ਆਗੂ ਅਤੇ ਵਰਕਰ ਹਾਜ਼ਰ ਸਨ।

## ਤਰਨ ਤਾਰਨ ਜ਼ਿਲ੍ਹੇ 'ਚ ਵੋਟਰ ਸੂਚੀਆਂ ਦੀ ਸਪੈਸ਼ਲ ਇੰਟੈਂਸਿਵ ਰਵੀਜ਼ਨ ਦੀਆਂ ਤਿਆਰੀਆਂ ਮੁਕੰਮਲ : ਜ਼ਿਲ੍ਹਾ ਚੋਣ ਅਫ਼ਸਰ

**ਤਰਨਤਾਰਨ, 18 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਭਾਰਤ ਚੋਣ ਕਮਿਸ਼ਨ, ਨਵੀਂ ਦਿੱਲੀ ਵੱਲੋਂ ਪੰਜਾਬ ਰਾਜ ਵਿੱਚ ਵੋਟਰ ਸੂਚੀਆਂ ਦੀ ਸਪੈਸ਼ਲ ਇੰਟੈਂਸਿਵ ਰਵੀਜ਼ਨ ਸਬੰਧੀ ਨੋਟੀਫਿਕੇਸ਼ਨ ਜਾਰੀ ਕਰ ਦਿੱਤਾ ਗਿਆ ਹੈ। ਇਸ ਅਧੀਨ ਪੰਜਾਬ ਰਾਜ ਵਿੱਚ 25 ਜੂਨ 2026 ਤੋਂ 24 ਜੁਲਾਈ 2026 ਤੱਕ ਬੀ.ਐਲ.ਓਜ਼ ਘਰ-ਘਰ ਜਾ ਕੇ ਫਾਰਮ ਭਰਵਾਉਣਗੇ। ਇਹ ਪ੍ਰਗਟਾਵਾ ਜ਼ਿਲ੍ਹਾ ਚੋਣ ਅਫ਼ਸਰ-ਕਮ-ਡਿਪਟੀ ਕਮਿਸ਼ਨਰ ਤਰਨ ਤਾਰਨ ਸ੍ਰੀ ਰਾਹੁਲ ਨੇ ਅੱਜ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਕੀਤੀ ਪ੍ਰੈਸ ਕਾਨਫਰੰਸ ਦੌਰਾਨ ਕੀਤਾ। ਇਸ ਦੌਰਾਨ ਉਨ੍ਹਾਂ ਰਾਜਨੀਤਿਕ ਪਾਰਟੀਆਂ ਦੇ ਨੁਮਾਇੰਦਿਆਂ ਨਾਲ ਮੀਟਿੰਗ ਵੀ ਕੀਤੀ।



ਉਨ੍ਹਾਂ ਦੱਸਿਆ ਕਿ ਜ਼ਿਲ੍ਹਾ ਤਰਨ ਤਾਰਨ ਵਿੱਚ ਐਸ.ਆਈ.ਆਰ ਕਰਵਾਉਣ ਸਬੰਧੀ ਸਾਰੀਆਂ ਤਿਆਰੀਆਂ ਮੁਕੰਮਲ ਕਰ ਲਈਆਂ ਗਈਆਂ ਹਨ ਅਤੇ ਇਸ ਕੰਮ ਨੂੰ ਪੂਰੇ ਪਾਰਦਰਸ਼ੀ ਤਰੀਕੇ ਨਾਲ ਨੇਪਰੇ ਚਾੜ੍ਹਿਆ ਜਾਵੇਗਾ। ਉਨ੍ਹਾਂ ਦੱਸਿਆ ਕਿ ਇਸ ਕੰਮ ਲਈ ਜ਼ਿਲ੍ਹਾ ਤਰਨ ਤਾਰਨ ਵਿੱਚ ਕੁੱਲ 911 ਬੂਥਾਂ 'ਤੇ 911 ਬੀ.ਐਲ.ਓਜ਼, 92 ਬੀ.ਐਲ.ਓਜ਼ ਸੁਪਰਵਾਈਜ਼ਰ, 4 ਚੋਣਕਾਰ ਰਜਿਸਟਰੇਸ਼ਨ ਅਫ਼ਸਰ ਤੇ 8 ਸਹਾਇਕ ਚੋਣਕਾਰ ਰਜਿਸਟਰੇਸ਼ਨ ਅਫ਼ਸਰ ਲਗਾਏ ਗਏ ਹਨ।

ਉਨ੍ਹਾਂ ਦੱਸਿਆ ਕਿ ਜ਼ਿਲ੍ਹਾ ਤਰਨ ਤਾਰਨ ਵਿੱਚ ਇਸ ਸਮੇਂ 775205 ਵੋਟਰ ਹਨ, ਜਿਸ ਅਨੁਸਾਰ ਹਰੇਕ ਬੀ.ਐਲ.ਓ ਨੂੰ ਔਸਤ 850 ਵੋਟਰਾਂ ਦੀ ਐਸ.ਆਈ.ਆਰ ਕਰਨੀ ਹੋਵੇਗੀ। ਐਸ.ਆਈ.ਆਰ ਅਧੀਨ ਜ਼ਿਲ੍ਹਾ ਤਰਨ ਤਾਰਨ ਵਿੱਚ 775205 ਵੋਟਰਾਂ ਵਿੱਚੋਂ 720441 ਵੋਟਰ 2003 ਦੀ ਵੋਟਰ ਸੂਚੀ ਨਾਲ ਮੈਪ ਕਰ ਦਿੱਤੇ ਗਏ ਹਨ, ਜੋ ਕਿ ਤਕਰੀਬਨ 93 ਫੀਸਦੀ ਬਣਦਾ ਹੈ। ਉਨ੍ਹਾਂ ਕਿਹਾ ਕਿ ਭਾਵੇਂ ਕਿ ਸਾਰੇ ਵੋਟਰਾਂ ਨੂੰ ਐਸ.ਆਈ.ਆਰ ਅਧੀਨ ਫਾਰਮ ਭਰਨਾ ਜਰੂਰੀ ਹੈ, ਫਿਰ ਵੀ ਮੈਪ ਕੀਤੇ ਹੋਏ ਵੋਟਰਾਂ ਲਈ ਐਸ.ਆਈ.ਆਰ ਦੀ ਪ੍ਰਕਿਰਿਆ ਕਾਫੀ ਆਸਾਨ ਹੋਵੇਗੀ। ਜੇਕਰ ਕੋਈ ਵੋਟਰ ਐਸ.ਆਈ.ਆਰ ਅਧੀਨ ਇਨੂਮੀਰੇਸ਼ਨ ਫਾਰਮ ਨਹੀਂ ਭਰਦਾ ਹੈ ਤਾਂ ਉਸ ਨੂੰ ਡਰਾਫਟ ਵੋਟਰ ਸੂਚੀ ਵਿੱਚ ਸ਼ਾਮਿਲ ਨਹੀਂ ਕੀਤਾ ਜਾਵੇਗਾ, ਜੋ ਮਿਤੀ 31 ਜੁਲਾਈ 2026 ਨੂੰ ਪ੍ਰਕਾਸ਼ਿਤ ਕੀਤੀ ਜਾਵੇਗੀ। ਦਾਅਵੇ ਅਤੇ ਇਤਰਾਜ਼ ਮਿਤੀ 30 ਅਗਸਤ 2026 ਤੱਕ ਲਏ ਜਾਣਗੇ ਜਿਨਾਂ ਦਾ ਨਿਪਟਾਰਾ ਮਿਤੀ 28 ਸਤੰਬਰ 2026 ਤੱਕ ਕਰਦੇ ਹੋਏ ਮਿਤੀ 1 ਅਕਤੂਬਰ 2026 ਨੂੰ ਵੋਟਰ ਸੂਚੀ ਦੀ ਅੰਤਿਮ ਪ੍ਰਕਾਸ਼ਨਾ ਕੀਤੀ ਜਾਵੇਗੀ। ਐਸ.ਆਈ.ਆਰ ਅਧੀਨ ਹੀ ਪੋਲਿੰਗ ਸਟੇਸ਼ਨਾਂ ਨੂੰ ਤਰਕ ਸੰਗਤ ਕਰਨ ਦਾ ਕਾਰਜ ਮਿਤੀ 24 ਜੁਲਾਈ 2026 ਤੱਕ ਕੀਤਾ ਜਾਵੇਗਾ ਅਤੇ ਇਹ ਯਕੀਨੀ ਬਣਾਇਆ ਜਾਵੇਗਾ ਕਿ ਕਿਸੇ ਪੋਲਿੰਗ ਸਟੇਸ਼ਨ 'ਤੇ ਵੋਟਰਾਂ ਦੀ ਗਿਣਤੀ 1200 ਤੋਂ ਵੱਧ ਨਾ ਹੋਵੇ।

ਸ੍ਰੀ ਰਾਹੁਲ ਨੇ ਦੱਸਿਆ ਕਿ ਜ਼ਿਲ੍ਹੇ ਦੇ ਸਾਰੇ ਵੋਟਰਾਂ ਨੂੰ ਐਸ.ਆਈ.ਆਰ ਅਧੀਨ ਫਾਰਮ ਭਰਨਾ ਪਵੇਗਾ। ਉਨ੍ਹਾਂ ਦੱਸਿਆ ਕਿ ਵੋਟਰ ਸੂਚੀਆਂ ਦੀ ਸਪੈਸ਼ਲ ਇੰਟੈਂਸਿਵ ਰਵੀਜ਼ਨ ਲਈ 1 ਜਨਵਰੀ, 2003 ਨੂੰ ਯੋਗਤਾ ਮਿਤੀ ਨਿਰਧਾਰਤ ਕੀਤਾ ਗਿਆ ਹੈ। ਉਨ੍ਹਾਂ ਇਹ ਵੀ ਦੱਸਿਆ ਕਿ ਵੋਟਰਾਂ ਦੀ ਸਹੂਲਤ ਲਈ ਯੋਗਤਾ ਮਿਤੀ 1 ਜਨਵਰੀ, 2003 ਦੀਆਂ ਵੋਟਰ ਸੂਚੀਆਂ ਨਾਲ ਮੌਜੂਦਾ ਵੋਟਰ ਸੂਚੀਆਂ ਨੂੰ ਜੋੜ ਦਿੱਤਾ ਗਿਆ ਹੈ ਜਿਸ ਨਾਲ ਵੋਟਰਾਂ ਨੂੰ ਪੁਰਾਣੀਆਂ ਵੋਟਰ ਸੂਚੀਆਂ ਨੂੰ ਲੱਭਣ ਵਿੱਚ ਕਿਸੇ ਤਰ੍ਹਾਂ ਦੀ ਦਿੱਕਤ ਨਹੀਂ ਆਵੇਗੀ।

ਉਨ੍ਹਾਂ ਸਮੂਹ ਵੋਟਰਾਂ ਨੂੰ ਅਪੀਲ ਕੀਤੀ ਕਿ ਉਹ ਵੋਟਰ ਸੂਚੀਆਂ ਦੀ ਸਪੈਸ਼ਲ ਇੰਟੈਂਸਿਵ ਰਵੀਜ਼ਨ ਵਿੱਚ ਬੀ.ਐਲ.ਓਜ਼ ਨੂੰ ਪੂਰਾ ਸਹਿਯੋਗ ਦੇਣ। ਉਹਨਾਂ ਦੱਸਿਆ ਕਿ ਬੀ.ਐਲ.ਓਜ਼ ਲਈ ਮਿਤੀ 15 ਜੂਨ 2026 ਤੋਂ ਮਿਤੀ 24 ਜੂਨ 2026 ਤੱਕ ਸਪੈਸ਼ਲ ਟ੍ਰੇਨਿੰਗ ਰੱਖੀ ਗਈ ਹੈ।

ਇਸ ਦੇ ਨਾਲ ਹੀ ਉਨ੍ਹਾਂ ਰਾਜਨੀਤਿਕ ਪਾਰਟੀਆਂ ਨੂੰ ਬੀ.ਐਲ.ਏ ਨਿਯੁਕਤ ਕਰਨ ਲਈ ਅਪੀਲ ਕੀਤੀ। ਉਨ੍ਹਾਂ ਦੱਸਿਆ ਕਿ ਰਾਜਨੀਤਿਕ ਪਾਰਟੀਆਂ ਦੀ ਐਸ.ਆਈ.ਆਰ ਵਿੱਚ ਸ਼ਮੂਲੀਅਤ ਵਧਾਉਣ ਲਈ ਬੀ.ਐਲ.ਏ ਨੂੰ ਵੋਟਰਾਂ ਦੇ ਫਾਰਮ ਜਮ੍ਹਾ ਕਰਾਉਣ ਦੀ ਮਨਜ਼ੂਰੀ ਦਿੱਤੀ ਗਈ ਹੈ।

ਉਨ੍ਹਾਂ ਜ਼ਿਲ੍ਹੇ ਦੇ ਸਮੂਹ ਵੋਟਰਾਂ ਨੂੰ ਯਕੀਨ ਦਿਵਾਇਆ ਕਿ ਐਸ.ਆਈ.ਆਰ ਪਾਰਦਰਸ਼ੀ ਢੰਗ ਨਾਲ ਕਰਵਾਈ ਜਾਵੇਗੀ। ਇਸ ਅਨੁਸਾਰ ਮੀਡੀਆ ਅਤੇ ਸਮੂਹ ਰਾਜਨੀਤਕ ਪਾਰਟੀਆਂ ਨਾਲ ਸਮੇਂ- ਸਮੇਂ 'ਤੇ ਵਿਚਾਰ-ਵਟਾਂਦਰਾ ਕਰਕੇ ਵੋਟਰਾਂ ਦੀਆਂ ਮੁਸ਼ਕਲਾਂ ਹੱਲ ਕੀਤੀਆਂ ਜਾਣਗੀਆਂ। ਉਨ੍ਹਾਂ ਕਿਹਾ ਕਿ ਵੋਟਰ 1950 ਹੈਲਪਲਾਈਨ ਅਤੇ ਚੋਣ ਕਮਿਸ਼ਨ ਦੀ ਵੈੱਬਸਾਈਟ ਤੋਂ ਜਾਣਕਾਰੀ ਅਤੇ ਵੋਟਰ ਸੂਚੀ ਵਿੱਚ ਆਪਣੇ ਇੰਦਰਾਜ ਸਬੰਧੀ ਫਾਰਮ ਭਰ ਸਕਦੇ ਹਨ। ਉਨ੍ਹਾਂ ਕਿਹਾ ਕਿ ਸਾਡਾ ਉਦੇਸ਼ ਜ਼ਿਲ੍ਹੇ ਦੇ ਹਰੇਕ ਨਾਗਰਿਕ ਨੂੰ ਵੋਟਰ ਸੂਚੀ ਵਿੱਚ ਸ਼ਾਮਿਲ ਕਰਨਾ ਅਤੇ ਅਯੋਗ ਵਿਅਕਤੀਆਂ ਨੂੰ ਵੋਟਰ ਸੂਚੀ ਵਿੱਚੋਂ ਬਾਹਰ ਕਰਨਾ ਹੋਵੇਗਾ।

ਇਸ ਮੌਕੇ ਤਹਿਸੀਲਦਾਰ ਚੋਣਾਂ ਇੰਦਰਜੀਤ ਸਿੰਘ, ਚੋਣ ਕਾਨੂੰਗੋ ਦਿਲਬਾਗ ਸਿੰਘ ਤੋਂ ਇਲਾਵਾ ਵੱਖ-ਵੱਖ ਰਾਜਨੀਤਿਕ ਪਾਰਟੀਆਂ ਦੇ ਨੁਮਾਇੰਦੇ ਵੀ ਹਾਜ਼ਰ ਸਨ, ਜਿਨ੍ਹਾਂ ਵਿੱਚ ਲਖਵਿੰਦਰ ਸਿੰਘ, ਮਨਦੀਪ ਸਿੰਘ ਗਿੱਲ, ਵਿਵੇਕ ਅਗਰਵਾਲ, ਰਾਜਬੀਰ ਭੁੱਲਰ, ਬਰਕਤ ਸਿੰਘ, ਦਿਨੇਸ਼ ਜੋਸ਼ੀ, ਅਮਨ ਅਰੋੜਾ ਤੇ ਹੋਰ ਸ਼ਾਮਿਲ ਸਨ।

## ਪ੍ਰਧਾਨਮੰਤਰੀ ਰਾਸ਼ਟਰੀ ਬਾਲ ਪੁਰਸਕਾਰ ਲਈ ਰਜਿਸਟ੍ਰੇਸ਼ਨ ਦੀ ਅੰਤਿਮ ਮਿਤੀ 31 ਜੁਲਾਈ

**ਫਾਜ਼ਿਲਕਾ, 18 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਮਹਿਲਾ ਅਤੇ ਬਾਲ ਵਿਕਾਸ ਮੰਤਰਾਲਾ, ਭਾਰਤ ਸਰਕਾਰ ਜੀ ਵਲੋਂ ਪ੍ਰਾਪਤ ਪੱਤਰ ਅਨੁਸਾਰ ਮਾਨਯੋਗ ਪ੍ਰਧਾਨਮੰਤਰੀ ਜੀ ਵਲੋਂ ਪ੍ਰਧਾਨਮੰਤਰੀ ਰਾਸ਼ਟਰੀ ਬਾਲ ਪੁਰਸਕਰ (PMRBP) ਹਰ ਸਾਲ ਉਹਨਾਂ ਬੱਚਿਆਂ ਨੂੰ ਦਿੱਤਾ ਜਾਂਦਾ ਹੈ ਜਿਨ੍ਹਾਂ ਬੱਚਿਆਂ ਨੇ ਅਸਾਧਾਰਨ ਬਹਾਦਰੀ ਦਾ ਕੰਮ ਕੀਤਾ ਹੋਵੇ, ਸਪੇਸ਼ਲ ਬੱਚੇ ਜਿਨ੍ਹਾ ਵਿੱਚ ਅਸਾਧਾਰਨ ਯੋਗਤਾਵਾਂ ਨਾਲ ਵਿਸੇਸ਼ ਅਸਾਧਾਰਣ ਉਪਲਬਧੀਆਂ ਹਾਸਿਲ ਕੀਤੀਆਂ ਹੋਣ। ਉਹ ਅਸਧਾਰਨ ਬੱਚੇ ਜਿਨ੍ਹਾ ਨੇ ਖੇਡਾਂ, ਸਮਾਜ ਸੇਵਾ, ਵਿਗਿਆਨ ਅਤੇ ਤਕਨਾਲੋਜੀ, ਵਾਤਾਵਰਣ, ਕਲਾ ਅਤੇ ਸੱਭਿਆਚਾਰ ਅਤੇ ਨਵੀਨਤਾ ਦੇ ਖੇਤਰਾਂ ਵਿੱਚ, ਜੋ ਕਿ ਰਾਸ਼ਟਰੀ ਪੱਧਰ 'ਤੇ ਮਾਨਤਾ ਦੇ ਹੱਕਦਾਰ ਹਨ । ਜੋ ਬੱਚੇ ਭਾਰਤ ਦੇ ਨਾਗਰਿਕ ਹਨ ਅਤੇ ਅਰਜੀ ਦੇਣ ਦੀ ਅੰਤਿਮ ਮਿਤੀ ਤੱਕ 18 ਸਾਲ ਤੋਂ ਘੱਟ ਉਮਰ ਦੇ ਹਨ ਅਤੇ ਮੰਗੀ ਗਈ ਯੋਗਤਾ ਵਾਲੇ ਬੱਚੇ ਪ੍ਰਧਾਨਮੰਤਰੀ ਰਾਸ਼ਟਰੀ ਬਾਲ ਪੁਰਸਕਾਰ ਦੀ ਵੈਬਸਾਈਟ https://awards.gov.in ਤੇ ਆਪਣਾ ਰਜਿਸਟ੍ਰੇਸ਼ਨ ਕਰ ਸਕਦੇ ਹਨ9 ਵੈਬਸਾਇਟ ਤੇ ਰਜਿਸਟ੍ਰੇਸ਼ਨ ਦੀ ਅੰਤਿਮ ਮਿਤੀ 31.07.2026 ਤੱਕ ਹੈ9 ਅਵਾਰਡ ਵਿੱਚ ਇੱਕ ਮੈਡਲ ਹੁੰਦਾ ਹੈ, ਜੋ ਕਿ ਮਾਨਯੋਗ ਪ੍ਰਧਾਨਮੰਤਰੀ ਜੀ ਵਲੋਂ ਦਿਤਾ ਜਾਂਦਾ ਹੈ 9

ਇਸ ਤੋਂ ਇਲਾਵਾਂ ਵੀਰਤਾ ਪੁਰਸਕਾਰ ਲਈ ਚਰਚਿਤ ਭਾਰਤੀ ਬਾਲ ਕਲਿਆਣ ਪਰਿਸ਼ਦ ਨੂੰ ਮਹਿਲਾ ਅਤੇ ਬਾਲ ਵਿਕਾਸ ਮੰਤਰਾਲਾ, ਭਾਰਤ ਸਰਕਾਰ ਵਲੋਂ ਕੋਈ ਮਾਨਤਾ ਜਾਂ ਸਹਾਇਤਾ ਦਿਤੀ ਜਾਂਦੀ ਹੈ ਇਸ ਲਈ ਭਾਰਤੀ ਬਾਲ ਕਲਿਆਣ ਪਰਿਸ਼ਦ ਵਲੋਂ ਜਾਰੀ ਕਿਸੇ ਵੀ ਤਰ੍ਹਾ ਦੇ ਰਾਸ਼ਟਰੀ ਬਾਲ ਪੁਰਸਕਰ ਲਈ ਰਜਿਸਟ੍ਰੇਸ਼ਨ ਨਾ ਕੀਤਾ ਜਾਵੇ9 ਸਿਰਫ ਪ੍ਰਧਾਨਮੰਤਰੀ ਰਾਸ਼ਟਰੀ ਬਾਲ ਪੁਰਸਕਰ (PMRBP) ਦੀ ਵੈਬਸਾਈਟ https://awards.gov.in ਤੇ ਆਪਣਾ ਰਜਿਸਟ੍ਰੇਸ਼ਨ ਕਰ ਸਕਦੇ ਹਨ ।ਡਿਪਟੀ ਕਮਿਸ਼ਨਰ ਫਾਜ਼ਿਲਕਾ ਜੀ ਨੇ ਅਪੀਲ ਕੀਤੀ ਹੈ ਕਿ ਇਹ ਪੁਰਸ਼ਾਰ ਪਹਿਲਾ ਰਾਸ਼ਟਰੀ ਪੁਰਸਕਾਰ ਹੈ ਇਸ ਲਈ ਜਿਲ੍ਹੇ ਦੇ ਅਜਿਹੇ ਬੱਚਿਆਂ ਦਾ ਰਜਿਸਟ੍ਰੇਸ਼ਨ ਕਰਵਾਇਆ ਜਾਵੇ ਤਾਂ ਜੋ ਇਨ੍ਹਾ ਬੱਚਿਆਂ ਨੂੰ ਇੱਕ ਵਖਰੀ ਪਹਿਚਾਨ ਮਿਲ ਸਕੇ9 ਵਧੇਰੀ ਜਾਣਕਾਰੀ ਲਈ ਰੀਤੂ ਬਾਲਾ ਜਿਲ੍ਹਾ ਬਾਲ ਸੁਰੱਖਿਆ ਅਫਸਰ ਫਾਜ਼ਿਲਕਾ, ਕਮਰਾ ਨੰ 405, ਤੀਜੀ ਮੰਜਿਲ ਮੋਬਾਇਲ ਨੰ 9501008979 ਤੇ ਸੰਪਰਕ ਕੀਤਾ ਜਾ ਸਕਦਾ ਹੈ ।

## ਖ਼ਾਦਾਂ ਦੀ ਸੁਚੱਜੀ ਵਰਤੋਂ ਅਤੇ ਝੋਨੇ ਤੇ ਬਾਸਮਤੀ ਦੀ ਸਿੱਧੀ ਬਿਜਾਈ ਸਬੰਧੀ ਕਿਸਾਨ ਗੋਸ਼ਟੀ ਲਗਾਈ

**ਤਰਨਤਾਰਨ, 18 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**




ਡਿਪਟੀ ਕਮਿਸ਼ਨਰ ਤਰਨ ਤਾਰਨ ਸ੍ਰੀ ਰਾਹੁਲ ਦੀ ਰਹਿਨੁਮਾਈ ਹੇਠ ਵਿੱਚ ਮੁੱਖ ਖੇਤੀਬਾੜੀ ਅਫ਼ਸਰ ਡਾ. ਤੇਜਬੀਰ ਸਿੰਘ ਭੰਗੂ ਦੀ ਅਗਵਾਈ ਹੇਠ ਖ਼ਾਦਾਂ ਦੀ ਸੁਚੱਜੀ ਵਰਤੋਂ ਅਤੇ ਝੋਨੇ ਅਤੇ ਬਾਸਮਤੀ ਦੀ ਸਿੱਧੀ ਅਤੇ ਮੱਕੀ ਦੀ ਬਿਜਾਈ ਸੰਬੰਧੀ ਕਿਸਾਨ ਗੋਸ਼ਟੀ ਬਲਾਕ ਗੰਡੀਵਿੰਡ ਦੇ ਪਿੰਡ ਨੌਸ਼ਹਿਰਾ ਢਾਲਾ ਵਿਖੇ ਲਗਾਈ। ਇਸ ਮੌਕੇ ਫਾਰਮ ਸਲਾਹਕਾਰ ਕੇਂਦਰ ਤਰਨਤਾਰਨ ਤੋਂ ਡਾ. ਪਰਮਿੰਦਰ ਸਿੰਘ ਸੰਧੂ ਨੇ ਝੋਨੇ/ਬਾਸਮਤੀ ਵਿੱਚ ਖ਼ਾਦਾਂ ਦੀ ਸੁਚੱਜੀ ਵਰਤੋਂ ਸਬੰਧੀ ਤਕਨੀਕੀ ਜਾਣਕਾਰੀ ਦਿੱਤੀ। ਇਸ ਕਿਸਾਨ ਗੋਸ਼ਟੀ ਵਿੱਚ ਬੀ ਟੀ ਐਮ ਜਤਿਨ ਪਾਲ ਵੱਲੋਂ ਖੇਤੀਬਾੜੀ ਵਿਭਾਗ ਅੰਦਰ ਚੱਲ ਰਹੀਆਂ ਵੱਖ ਵੱਖ ਕਿਸਾਨ ਲਾਹੇਵੰਦ ਸਕੀਮਾ ਬਾਰੇ ਕਿਸਾਨਾਂ ਨੂੰ ਜਾਣਕਾਰੀ ਦਿੱਤੀ ਗਈ। ਇਸ ਕਿਸਾਨ ਗੋਸ਼ਟੀ ਵਿੱਚ ਮਨਪ੍ਰੀਤ ਸਿੰਘ ਸਹਾਇਕ ਤਕਨੀਕੀ ਮੈਨੇਜਰ ਵੱਲੋਂ ਕਿਸਾਨਾਂ ਨੂੰ ਆਪਣੀ ਫਾਰਮਰ ਆਈ.ਡੀ ਬਣਾਉਣ ਦੀ ਅਪੀਲ ਕੀਤੀ ਗਈ ਤਾਂ ਕਿ ਸਰਕਾਰ ਵੱਲੋਂ ਮਿਲ ਰਹੀਆਂ ਸਹੂਲਤਾਂ ਵਿੱਚ ਕੋਈ ਮੁਸ਼ਕਿਲ ਨਾ ਆਵੇ ਅਤੇ ਮਿੱਟੀ ਦੇ ਸੈਂਪਲ ਇਕੱਠੇ ਕਰਨ ਦੀ ਤਕਨੀਕੀ ਜਾਣਕਾਰੀ ਸਾਂਝੀ ਕੀਤੀ। ਬਲਾਕ ਖੇਤੀਬਾੜੀ ਅਫ਼ਸਰ ਗੰਡੀਵਿੰਡ ਡਾ. ਗੁਰਿੰਦਰਜੀਤ ਸਿੰਘ ਨੇ ਕਿਸਾਨਾਂ ਨੂੰ ਖ਼ਾਦਾਂ ਦੀ ਵਰਤੋਂ ਜ਼ਰੂਰਤ ਅਨੁਸਾਰ ਕਰਨ ਦੀ ਹਦਾਇਤ ਕੀਤੀ ਅਤੇ ਕਿਸਾਨਾਂ ਨੂੰ ਸਿੱਧੀ ਬਿਜਾਈ ਹੇਠ ਆਪਣਾ ਰਕਬਾ ਵਧਾਉਣ ਦੀ ਅਪੀਲ ਕੀਤੀ ਗਈ ਅਤੇ ਸਰਕਾਰ ਵੱਲੋਂ ਦਿੱਤੀ ਜਾ ਰਹੀ ਸਿੱਧੀ ਬਿਜਾਈ ਉੱਪਰ 1500 ਰੁਪਏ ਪ੍ਰਤੀ ਏਕੜ ਦੇ ਹਿਸਾਬ ਨਾਲ ਰਾਸ਼ੀ ਬਾਰੇ ਕਿਸਾਨਾਂ ਨੂੰ ਜਾਣਕਾਰੀ ਦਿੱਤੀ। ਇਸ ਤੋਂ ਇਲਾਵਾ ਫ਼ਸਲੀ ਵਿਭਿੰਨਤਾ ਸਕੀਮ ਅਧੀਨ ਝੋਨੇ ਹੇਠੋਂ ਰਕਬਾ ਘਟਾ ਕੇ ਮੱਕੀ ਦੀ ਕਾਸ਼ਤ ਕਰਨ ਬਾਰੇ ਕਿਹਾ ਅਤੇ ਮੱਕੀ ਦੀ ਕਾਸ਼ਤ ਉਪਰ ਸਰਕਾਰ ਵੱਲੋਂ ਦਿੱਤੀ ਜਾਣ ਵਾਲੀ 17500/- ਪ੍ਰਤੀ ਹੈਕਟੇਅਰ ਦੀ ਵਿੱਤੀ ਸਹਾਇਤਾ ਬਾਰੇ ਜਾਣਕਾਰੀ ਦਿੱਤੀ। ਉਨ੍ਹਾਂ ਨੇ ਟ੍ਰੇਨਿੰਗ ਵਿੱਚ ਸ਼ਾਮਿਲ ਹੋਏ ਕਿਸਾਨਾਂ ਅਤੇ ਮਾਹਿਰਾਂ ਦਾ ਧੰਨਵਾਦ ਕੀਤਾ। ਇਸ ਟ੍ਰੇਨਿੰਗ ਨੂੰ ਸਫ਼ਲ ਬਣਾਉਣ ਲਈ ਪ੍ਰਦੀਪ ਨੰਦਾ ਏ ਐਸ ਆਈ ਅਤੇ ਵਿਜੈ ਸਿੰਘ ਅਤੇ ਵਰਿੰਦਰਬੀਰ ਸਿੰਘ ਸਹਾਇਕ ਤਕਨੀਕੀ ਮੈਨੇਜਰ ਨੇ ਅਹਿਮ ਯੋਗਦਾਨ ਪਾਇਆ। ਇਸ ਟ੍ਰੇਨਿੰਗ ਵਿੱਚ 100 ਤੋਂ ਵੱਧ ਆਗਾਹਵਧੂ ਕਿਸਾਨ ਨੇ ਭਾਗ ਲਿਆ।

## ਧਰਤੀ ਹੇਠਲੇ ਪਾਣੀ ਦੀ ਖਪਤ ਨੂੰ ਘਟਾਉਣ ਲਈ ਕਿਸਾਨ ਵੀਰ ਝੋਨੇ ਦੀ ਸਿੱਧੀ ਬਿਜਾਈ ਨੂੰ ਦੇਣ ਤਰਜ਼ੀਹ : ਮੁੱਖ ਖੇਤਬਾੜੀ ਅਫ਼ਸਰ

**ਤਰਨਤਾਰਨ, 18 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਜ਼ਿਲ੍ਹਾ ਤਰਨ ਤਾਰਨ ਦੇ ਮੁੱਖ ਖੇਤੀਬਾੜੀ ਅਫ਼ਸਰ ਡਾ.ਤੇਜਬੀਰ ਸਿੰਘ ਭੰਗੂ ਨੇ ਦੱਸਿਆ ਕਿ ਜ਼ਿਲ੍ਹੇ ਵਿੱਚ ਸਾਉਣੀ ਸੀਜ਼ਨ ਦੌਰਾਨ ਹਰ ਸਾਲ ਝੋਨੇ ਅਤੇ ਬਾਸਮਤੀ ਦੀ ਬਿਜਾਈ ਲੱਗਭਗ 180000 ਹੈਕਟੇਅਰ ਵਿੱਚ ਕੀਤੀ ਜਾਂਦੀ ਹੈ। ਕਿਸਾਨਾਂ ਵੱਲੋਂ ਝੋਨੇ ਦੀ ਪਨੀਰੀ ਬੀਜ਼ ਕੇ ਜਦੋਂ ਪਨੀਰੀ 25-35 ਦਿਨਾਂ ਦੀ ਹੋ ਜਾਂਦੀ ਹੈ, ਖੇਤ ਵਿੱਚ ਕੱਦੂ ਕਰਕੇ ਪਨੀਰੀ ਦੀ ਲੁਆਈ ਕੀਤੀ ਜਾਂਦੀ ਹੈ, ਜਿਸ ਵਿੱਚ ਕਾਫੀ ਪਾਣੀ ਦੀ ਖਪਤ ਹੋ ਜਾਂਦੀ ਹੈ । ਇਸ ਲਈ ਪੰਜਾਬ ਸਰਕਾਰ ਵੱਲੋਂ ਝੋਨੇ ਦੀ ਸਿੱਧੀ ਬਿਜਾਈ ਨੂੰ ਤਰਜ਼ੀਹ ਦਿੱਤੀ ਜਾ ਰਹੀ ਹੈ । ਉਨ੍ਹਾਂ ਕਿਹਾ ਕਿ ਝੋਨੇ ਦੀ ਸਿੱਧੀ ਬਿਜਾਈ ਵਿੱਚ ਰਵਾਇਤੀ ਝੋਨੇ ਦੀ ਲੁਆਈ ਨਾਲੋਂ ਲੱਗਭਗ 15-25 ਫੀਸਦੀ ਘੱਟ ਪਾਣੀ ਦੀ ਲੋੜ ਹੁੰਦੀ ਹੈ। ਨਰਸਰੀ ਤਿਆਰ ਕਰਨ ਅਤੇ ਲੁਆਈ ਲਈ ਵੱਖਰੇ ਮਜ਼ਦੂਰਾਂ ਦੀ ਲੋੜ ਨਹੀਂ ਪੈਂਦੀ। ਬੀਜ ਸਿੱਧਾ ਖੇਤ ਵਿੱਚ ਬੀਜਿਆ ਜਾਂਦਾ ਹੈ ਜਿਸ ਨਾਲ ਫਸਲ ਦੀ ਬਿਜਾਈ ਜਲਦੀ ਹੋ ਜਾਂਦੀ ਹੈ। ਵਾਰ-ਵਾਰ ਪੱਡਲਿੰਗ ਨਾ ਕਰਨ ਨਾਲ ਮਿੱਟੀ ਦੀ ਬਣਤਰ ਚੰਗੀ ਰਹਿੰਦੀ ਹੈ। ਝੋਨੇ ਦੀ ਸਿੱਧੀ ਬਿਜਾਈ ਨਾਲ ਫ਼ਸਲ ਜਲਦੀ ਤਿਆਰ ਹੋ ਜਾਂਦੀ ਹੈ ਜਿਸ ਨਾਲ ਅਗਲੀ ਫ਼ਸਲ ਲਈ ਸਮਾਂ ਵੱਧ ਮਿਲਦਾ ਹੈ।ਮੀਥੇਨ ਗੈਸ ਦਾ ਨਿਕਾਸ ਘੱਟ ਹੁੰਦਾ ਹੈ ਜਿਸ ਨਾਲ ਪ੍ਰਦੂਸ਼ਣ ਘਟਦਾ ਹੈ। ਝੋਨੇ ਦੀ ਸਿੱਧੀ ਬਿਜਾਈ ਨੂੰ ਡੀ.ਐਸ.ਆਰ ਡ੍ਰੱਲ ਨਾਲ ਆਸਾਨੀ ਨਾਲ ਕੀਤਾ ਜਾ ਸਕਦਾ ਹੈ। ਭੂਮੀ ਹੇਠਲੇ ਜਲ ਪੱਧਰ ਨੂੰ ਬਰਕਰਾਰ ਰੱਖਣ ਲਈ,ਧਰਤੀ ਹੇਠਲੇ ਪਾਣੀ ਦੀ ਖਪਤ ਨੂੰ ਘਟਾਉਣ ਅਤੇ ਸਿੱਧੀ ਬਿਜਾਈ ਦੀ ਤਕਨੀਕ ਨੂੰ ਪ੍ਰਭੁਲਿੱਤ ਕਰਨ ਲਈ ਪੰਜਾਬ ਸਰਕਾਰ ਵਲੋਂ ÷ ਝੋਨੇ ਦੀ ਸਿੱਧੀ ਬਿਜਾਈ ਨੂੰ ਉਤਸ਼ਾਹਿਤ ਕਰਨ ਲਈ ਪ੍ਰੋਤਸ਼ਾਹਨ ਯੋਜਨਾ ਚਲਾਈ ਜਾ ਰਹੀ ਹੈ । ਇਸ ਸਕੀਮ ਤਹਿਤ ਝੋਨੇ ਦੀ ਸਿੱਧੀ ਬਿਜਾਈ ਕਰਨ ਵਲੇ ਕਿਸਾਨ ਨੂੰ 1500/-ਰੁਪਏ ਪ੍ਰਤੀ ਏਕੜ ਪ੍ਰੋਤਸ਼ਾਹਨ ਰਾਸ਼ੀ ਦਿੱਤੀ ਜਾਂਦੀ ਹੈ । ਇਸ ਸਕੀਮ ਦਾ ਲਾਭ ਲੈਣ ਲਈ ਕਿਸਾਨ ਵੀਰ ਤੇ ਮਿਤੀ:15 ਜੂਨ 2026 ਤੱਕ ਆਪਣੀ ਰਜਿਸਟਰੇਸ਼ਨ ਕਰ ਸਕਦੇ ਹਨ। ਇਸ ਦੇ ਨਾਲ ਹੀ ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵਲੋਂ ਫ਼ਸਲੀ ਵਿੰਭਿਨਤਾ ਤਹਿਤ ਝੋਨੇ ਹੇਠੋਂ ਰਕਬਾ ਘਟਾ ਕੇ ਸਾਉਣੀ ਦੀ ਮੱਕੀ ਹੇਠ ਲਿਆਉਣ 'ਤੇ ਬਹੁਤ ਜ਼ੋਰ ਦਿੱਤਾ ਜਾ ਰਿਹਾ ਹੈ ਅਤੇ ਸਰਕਾਰ ਵੱਲੋਂ ਝੋਨੇ ਦੀ ਥਾਂ 'ਤੇ ਸਾਉਣੀ ਦੀ ਮੱਕੀ ਬੀਜਣ ਵਾਲੇ ਕਿਸਾਨਾਂ ਲਈ 17500/-ਰੁਪਏ ਪ੍ਰਤੀ ਹੈਕਟੇਅਰ ਪ੍ਰੋਤਸ਼ਾਹਨ ਰਾਸ਼ੀ ਦਾ ਉਪਬੰਦ ਵੀ ਕੀਤਾ ਗਿਆ ਹੈ। ਇਸ ਸਕੀਮ ਦਾ ਲਾਭ ਲੈਣ ਲਈ ਵੀ ਕਿਸਾਨ ਵੀਰ ਲਿੰਕ 'ਤੇ ਆਪਣੀ ਰਜਿਸਟਰੇਸ਼ਨ ਕਰ ਸਕਦੇ ਹਨ। ਉਨ੍ਹਾਂ ਕਿਸਾਨ ਵੀਰਾਂ ਨੂੰ ਅਪੀਲ ਕੀਤੀ ਕਿ ਵੱਧ-ਵੱਧ ਸਾਉਣੀ ਦੀ ਮੱਕੀ ਦੀ ਬਿਜਾਈ ਅਤੇ ਝੋਨੇ ਦੀ ਸਿੱਧੀ ਬਿਜਾਈ ਕਰਕੇ ਪੋਰਟਲ 'ਤੇ ਰਜਿਸਟਰੇਸ਼ਨ ਕਰਨ ਅਤੇ ਸਕੀਮਾਂ ਦਾ ਲਾਭ ਲੈਣ ।



## 11 ਟਰੱਕ ਕਣਕ ਸੱਚਖੰਡ ਸ੍ਰੀ ਹਜ਼ੂਰ ਸਾਹਿਬ ਲੰਗਰਾਂ ਲਈ ਰਵਾਨਾ



**ਮਾਛੀਵਾੜਾ ਸਾਹਿਬ, 18 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬੀਆਂ ਦੀ ਸੇਵਾ ਭਾਵਨਾ ਤੇ ਦਰਿਆਦਿਲੀ ਦੁਨੀਆਂ ਭਰ ਵਿੱਚ ਮਸ਼ਹੂਰ ਹੈ, ਦੁਨੀਆਂ ਦੀ ਕਿਸੇ ਵੀ ਖੂਨੀ ਤੇ ਚਲੀ ਜਾਈਏ ਪੰਜਾਬੀ ਆਪਣੀ ਵੱਖਰੀ ਪਹਿਚਾਣ ਰੱਖਦੇ ਹਨ। ਗੁਰੂ ਘਰਾਂ ਦੀ ਸੇਵਾ ਲਈ ਪੰਜਾਬੀ ਹਰ ਕੁਰਬਾਨੀ ,ਹਰ ਸੇਵਾ ਭਾਵਨਾ ਦੇ ਹਰ ਵਕਤ ਤਿਆਰ ਰਹਿੰਦੇ ਹਨ। ਮਾਛੀਵਾੜਾ ਸਾਹਿਬ ਅਤੇ ਨਜ਼ਦੀਕੀ ਪਿੰਡਾਂ ਦੀ ਸ਼ਰਧਾਲੂ ਸੰਗਤਾਂ ਵੱਲੋਂ ਸੱਚਖੰਡ ਸ੍ਰੀ ਹਜ਼ੂਰ ਸਾਹਿਬ ਵਿਖੇ ਲੰਗਰਾਂ ਲਈ ਪਿਛਲੇ 26 ਸਾਲ ਤੋਂ ਚੱਲੀ ਆ ਰਹੀ ਸੇਵਾ ਨੂੰ ਬਰਕਰਾਰ ਰੱਖਦਿਆਂ 11 ਟਰੱਕ ਕਣਕ ਦੇ ਰਵਾਨਾ ਕੀਤੇ ਗਏ। ਮਾਛੀਵਾੜਾ ਟਰੱਕ ਯੂਨੀਅਨ ਵਿਖੇ ਇਨ੍ਹਾਂ ਟਰੱਕਾਂ ਨੂੰ ਰਵਾਨਾ ਕੀਤਾ ਗਿਆ। ਸੱਚਖੰਡ ਸ੍ਰੀ ਹਜ਼ੂਰ ਸਾਹਿਬ ਤੋਂ ਵਿਸ਼ੇਸ਼ ਤੌਰ 'ਤੇ ਪੁੱਜੇ ਮਹਿੰਦਰ ਸਿੰਘ ਸ਼ਾਹ, ਲੱਕੀ ਗਿੱਲ ਨੇ ਦੱਸਿਆ ਕਿ ਮਾਛੀਵਾੜਾ ਸਾਹਿਬ ਦੀਆਂ ਸੰਗਤਾਂ ਵਲੋਂ ਪਿਛਲੇ 26 ਸਾਲਾਂ ਤੋਂ ਲੰਗਰਾਂ ਲਈ ਰਸ਼ਦ ਭੇਜਣ ਦੀ ਸੇਵਾ ਜਾਰੀ ਹੈ ਜਿਸ ਲਈ ਉਹ ਧੰਨਵਾਦੀ ਹਨ। ਉਨ੍ਹਾਂ ਕਿਹਾ ਕਿ ਮਾਛੀਵਾੜਾ ਇਲਾਕੇ ਦੀ ਸੰਗਤ ਸੱਚਖੰਡ ਸ੍ਰੀ ਹਜ਼ੂਰ ਸਾਹਿਬ ਵਿਖੇ ਚੱਲਦੇ ਲੰਗਰਾਂ ਲਈ ਆਪਣਾ ਅਹਿਮ ਯੋਗਦਾਨ ਪਾਉਂਦੀ ਹੈ। ਇਸ ਮੌਕੇ ਸਰਕਲ ਜਥੇਦਾਰ ਕੁਲਦੀਪ ਸਿੰਘ ਜਾਤੀਵਾਲ ਨੇ ਦੱਸਿਆ ਕਿ 26 ਸਾਲ ਪਹਿਲਾਂ 2 ਟਰੱਕਾਂ ਨਾਲ ਇਲਾਕੇ ਦੀਆਂ ਸੰਗਤਾਂ ਵਲੋਂ ਸੱਚਖੰਡ ਹਜ਼ੂਰ ਸਾਹਿਬ ਵਿਖੇ ਕਣਕ ਭੇਜਣ ਦੀ ਸੇਵਾ ਸ਼ੁਰੂ ਕੀਤੀ ਸੀ ਅਤੇ ਅੱਜ ਵਾਹਿਗੁਰੂ ਜੀ ਦੀ ਕਿਰਪਾ ਨਾਲ ਸੰਗਤ ਦਾ ਕਾਫ਼ਲਾ ਵੱਡਾ ਹੁੰਦਾ ਜਾ ਰਿਹਾ ਹੈ ਜਿਸ ਕਾਰਨ ਗਿਣਤੀ 11 ਟਰੱਕਾਂ ਤੱਕ ਪੁੱਜ ਗਈ ਹੈ।

ਉਨ੍ਹਾਂ ਕਿਹਾ ਕਿ ਲੰਗਰਾਂ ਦੀ ਸੇਵਾ ਪਾਉਣ ਲਈ ਮਾਛੀਵਾੜਾ ਇਲਾਕੇ ਤੋਂ ਇਲਾਵਾ ਖੰਨਾ, ਅਮਲੋਹ, ਭਾਦਸੋਂ ਅਤੇ ਹੋਰ ਪਿੰਡਾਂ ਦੇ ਲੋਕ ਵੀ ਸਹਿਯੋਗ ਦਿੰਦੇ ਹਨ। ਉਨ੍ਹਾਂ ਕਿਹਾ ਕਿ ਉਹ ਮਾਛੀਵਾੜਾ ਅਨਾਜ ਮੰਡੀ ਦੇ ਆੜ੍ਹਤੀਆਂ ਅਤੇ ਟਰੱਕ ਯੂਨੀਅਨ ਦੇ ਧੰਨਵਾਦੀ ਹਨ ਜੋ ਕਿ ਇਸ ਕਾਰਜ ਵਿਚ ਆਪਣਾ ਯੋਗਦਾਨ ਪਾਉਂਦੇ ਹਨ।

## ਝੋਨੇ ਦੀ ਸਿੱਧੀ ਬਿਜਾਈ ਸਬੰਧੀ ਜਾਗਰੂਕਤਾ ਕੈਂਪ

**ਗੁਰਦਾਸਪੁਰ, 18 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਐਗਰੀਕਲਚਰ ਯੂਨੀਵਰਸਿਟੀ ਦੇ ਨਿਰਦੇਸ਼ਕ ਪਸਾਰ ਸਿੱਖਿਆ ਡਾਕਟਰ ਮੱਖਣ ਸਿੰਘ ਭੁੱਲਰ ਦੇ ਦਿਸ਼ਾ ਨਿਰਦੇਸ਼ਾਂ ਨੂੰ ਮੁੱਖ ਰੱਖਦਿਆਂ ਹੋਇਆ ਝੋਨੇ ਦੀ ਸਿੱਧੀ ਬਿਜਾਈ ਨੂੰ ਤਰਜੀਹ ਦੇਣ ਲਈ ਪਿੰਡ ਝਬਕਰਾ ਵਿਖੇ 14 ਮਈ ਨੂੰ ਕਿਸਾਨ ਵੀਰਾਂ ਨੂੰ ਪ੍ਰੇਰਿਤ ਕੀਤਾ ਗਿਆ।

ਇਸ ਮੌਕੇ ਡਾਕਟਰ ਨਰਿੰਦਰਦੀਪ ਸਿੰਘ, ਜ਼ਿਲ੍ਹਾ ਪਸਾਰ ਮਾਹਿਰ ਨੇ ਕਿਸਾਨ ਵੀਰਾਂ ਨੂੰ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਦੀਆਂ ਗਤੀਵਿਧੀਆਂ ਬਾਰੇ ਜਾਣੂ ਕਰਵਾਇਆ। ਉਨਾਂ ਨੇ ਦੱਸਿਆ ਕਿ ਕਿਸਾਨ ਵੀਰ ਸਹਾਇਕ ਧੰਦੇ ਅਪਣਾ ਕੇ ਆਪਣੇ ਜੀਵਨ ਵਿੱਚ ਖੁਸ਼ਹਾਲੀ ਲਿਆ ਸਕਦੇ ਹਨ। ਡਾਕਟਰ ਆਰ ਐਸ ਬੱਲ (ਸੀਨੀਅਰ ਪਸਾਰ ਵਿਗਿਆਨੀ, ਪੌਦਾ ਰੋਗ) ਨੇ ਝੋਨੇ ਦੀ ਬੀਜ ਸੋਧ ਅਤੇ ਬਾਉਣੇ ਵਾਇਰਸ ਬਾਰੇ ਦੱਸਿਆ ਅਤੇ ਕਿਸਾਨ ਵੀਰਾਂ ਨੂੰ ਅਪੀਲ ਕੀਤੀ ਗਈ।

ਕਿ ਉਹ ਨਰਸਰੀ ਦਾ ਸਰਵੇਖਣ ਕਰਦੇ ਰਹਿਣ ਅਤੇ ਧਿਆਨ ਰੱਖਣ ਕਿ ਚਿੱਟੀ ਪਿੱਠ ਵਾਲਾ ਟਿੱਡਾ ਦੇਖੇ ਤਾਂ ਯੂਨੀਵਰਸਿਟੀ ਦੁਆਰਾ ਸਿਫਾਰਿਸ਼ ਕੀਤੀਆਂ ਗਈਆਂ ਕੀਟਨਾਸ਼ਕਾਂ ਦੀ ਸਪਰੇ ਕੀਤੀ ਜਾਵੇ।

## ਮਾਛੀਵਾੜਾ ਖਾਮ ਵਿਖੇ ਬੇਗਮਪੁਰਾ ਟਾਈਗਰ ਫੋਰਸ ਨੇ ਲਗਾਈ ਆਪਣੀ ਨਵੀਂ ਯੂਨਿ

**ਮਾਛੀਵਾੜਾ ਸਾਹਿਬ, 18 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਬੇਗਮਪੁਰਾ ਟਾਈਗਰ ਫੋਰਸ ਦੀ ਇੱਕ ਭਰਵੀਂ ਮੀਟਿੰਗ ਚੇਅਰਮੈਨ ਤਰਸੇਮ ਦੀਵਾਨਾ ਅਤੇ ਕੌਮੀ ਪ੍ਰਧਾਨ ਧਰਮ ਪਾਲ ਸਾਹਨੇਵਾਲ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਪਿੰਡ ਮਾਛੀਵਾੜਾ ਖ਼ਾਮ ਹਲਕਾ ਸਮਰਾਲਾ ਵਿਖੇ ਹੋਈ । ਇਸ ਮੀਟਿੰਗ ਵਿੱਚ ਗੁਰੂ ਰਵਿਦਾਸ ਮਹਾਰਾਜ ਜੀ ਦੇ ਜੀਵਨ ਪ੍ਰਤੀ ਸੰਗਤਾਂ ਨੂੰ ਜਾਣੂ ਕਰਵਾਇਆ ਗਿਆ ਅਤੇ ਜੋ ਗੁਰੂ ਰਵਿਦਾਸ ਮਹਾਰਾਜ ਜੀ ਨੇ ਬੇਗਮਪੁਰਾ ਸ਼ਹਿਰ ਕਾ ਨਾਵੋ, ਸ਼ਬਦ ਵਿਚਾਰਿਆ ਸੀ। ਉਸ ਬਾਰੇ ਵੀ ਸੰਗਤਾਂ ਨਾਲ਼ ਵਿਚਾਰ ਵਟਾਂਦਰਾ ਕੀਤਾ ਗਿਆ।

ਇਸ ਤੋਂ ਇਲਾਵਾ ਡਾਕਟਰ ਭੀਮ ਰਾਓ ਅੰਬੇਡਕਰ ਜੀ ਨੇ ਸਾਨੂੰ ਲੈ ਕੇ ਦਿੱਤੇ ਓਹਨਾ ਹੱਕਾਂ ਬਾਰੇ ਵੀ ਹਾਜਰੀਨ ਸੰਗਤ ਨੂੰ ਵਿਸਥਾਰ ਪੂਰਵਕ ਜਾਣਕਾਰੀ ਦਿੱਤੀ ਗਈ ।

ਇਸ ਮੌਕੇ ਤੇ ਨਵੀਂ ਯੂਨਿਟ ਦਾ ਸੰਗਠਨ ਕੀਤਾ ਗਿਆ ਜਿਸ ਵਿੱਚ ਬਲਾਕ ਪ੍ਰਧਾਨ ਗੁਰਪ੍ਰਸ਼ਾਦ ਸਿੰਘ ,ਮੀਤ ਪ੍ਰਧਾਨ ਗੁਰਪ੍ਰੀਤ ਸਿੰਘ , ਸਕੱਤਰ ਸੁਰਿੰਦਰ ਪਾਲ, ਸੈਕਟਰੀ ਮਨਪ੍ਰੀਤ ਸਿੰਘ ਬਾਵਾ ਨੂੰ ਨਿਯੁਕਤ ਕੀਤਾ ਗਿਆ ਅਤੇ ਚੰਚਲ ਸਿੰਘ, ਅਸ਼ੋਕ ਕੁਮਾਰ,ਵਿਕੀ ਰਾਮ,ਕਮਲਜੀਤ ਸਿੰਘ ਅਤੇ ਮਨਪ੍ਰੀਤ ਸਿੰਘ ਨੂੰ ਮੈਂਬਰ ਨਿਯੁਕਤ ਕੀਤਾ ਗਿਆ। ਇਸ ਮੌਕੇ ਤੇ ਧਰਮਪਾਲ ਸਾਹਨੇਵਾਲ,ਵਾਇਸ ਚੇਅਰਮੈਨ ਕ੍ਰਿਸ਼ਨ ਲਾਲ , ਕਸ਼ਮੀਰ ਲਾਲ ਚੱਕੀ ਸੈਕਟਰੀ ਪੰਜਾਬ,,ਗੁਰਨਾਮ ਸਿੰਘ ਮੈਂਬਰ ਪੰਜਾਬ, ਬਲਵੀਰ ਸਿੰਘ, ਪ੍ਰਧਾਨ ਸਮਰਾਲਾ,ਦਲਵੀਰ ਚੰਦ ਮਿੱਠੇਵਾਲ ਅਤੇ ਹੋਰ ਸੰਗਤਾਂ ਵਿਸ਼ੇਸ਼ ਤੌਰ ਤੇ ਹਾਜਰ ਸਨ ।

ਇਸ ਮੀਟਿੰਗ ਵਿੱਚ ਬੀਬੀਆਂ ਨੇ ਵਧ ਚੜ੍ਹ ਕੇ ਹਿੱਸਾ ਲਿਆ।

# ਪੰਜਾਬ ਵਿੱਚ ਭਾਜਪਾ ਦੀ ਅਗਵਾਈ ਵਾਲੀ ਡਬਲ ਇੰਜਣ ਵਾਲੀ ਸਰਕਾਰ ਵਿਕਾਸ ਦੀ ਰਫ਼ਤਾਰ ਵਧਾਏਗੀ ਅਤੇ ਭ੍ਰਿਸ਼ਟਾਚਾਰ ਨੂੰ ਨੱਥ ਪਾਵੇਗੀ : ਨਾਇਬ ਸਿੰਘ ਸੈਣੀ





ਚੰਡੀਗੜ੍ਹ, 18 ਮਈ
-ਕੌਮੀ ਪੱਤ੍ਰਿਕਾ ਬਿਊਰੋ-

ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਸਰਕਾਰ ਦੀ ਡਿਊਟੀ ਭ੍ਰਿਸ਼ਟਾਚਾਰ ਵਧਾਉਣਾ ਨਹੀਂ ਹੁੰਦੀ। ਕਾਂਗਰਸ ਦੇ ਭ੍ਰਿਸ਼ਟਾਚਾਰ ਤੋਂ ਤੰਗ ਆ ਕੇ ਉੱਥੋਂ ਦੀ ਜਨਤਾ ਨੇ ਆਮ ਆਦਮੀ ਪਾਰਟੀ ਨੂੰ ਮੌਕਾ ਦਿੱਤਾ ਸੀ, ਪਰ ਅੱਜ ਪੰਜਾਬ ਵਿੱਚ ਭ੍ਰਿਸ਼ਟਾਚਾਰ ਸਿਖਰਾਂ 'ਤੇ ਹੈ। ਪੰਜਾਬ ਨਸ਼ਿਆਂ ਦੀ ਦਲਦਲ ਵਿੱਚ ਫਸਿਆ ਹੋਇਆ ਹੈ। ਆਮ ਆਦਮੀ ਪਾਰਟੀ ਨੇ ਪੰਜਾਬ ਦੀ ਭੋਲੀ-ਭਾਲੀ ਜਨਤਾ ਨੂੰ ਸਬਜ਼ਬਾਗ ਦਿਖਾ ਕੇ ਧੋਖਾ ਦੇਣ ਦਾ ਕੰਮ ਕੀਤਾ ਹੈ।

ਮੁੱਖ ਮੰਤਰੀ ਸਿਰਸਾ ਵਿੱਚ ਆਯੋਜਿਤ ਇੱਕ ਪ੍ਰੋਗਰਾਮ ਤੋਂ ਬਾਅਦ ਪੱਤਰਕਾਰਾਂ ਨਾਲ ਗੱਲਬਾਤ ਕਰ ਰਹੇ ਸਨ। ਇਸ ਦੌਰਾਨ ਇੱਕ ਸਵਾਲ ਦਾ ਜਵਾਬ ਦਿੰਦਿਆਂ ਉਨ੍ਹਾਂ ਕਿਹਾ ਕਿ ਪੰਜਾਬ ਦੀ ਜਨਤਾ ਭੋਲੀ ਹੈ। ਦਿੱਲੀ ਵਿੱਚ ਮੁੱਖ ਮੰਤਰੀ ਰਹਿੰਦਿਆਂ ਅਰਵਿੰਦ ਕੇਜਰੀਵਾਲ ਨੇ ਦਿੱਲੀ ਨੂੰ ਪੈਰਿਸ ਬਣਾਉਣ ਵਰਗੇ ਸੁਪਨੇ ਪੰਜਾਬ ਦੀ ਜਨਤਾ ਨੂੰ ਦਿਖਾਏ ਸਨ। ਪਰ ਜਦੋਂ ਪੰਜਾਬ ਵਿੱਚ ਇੱਕ ਟਾਵਰ 'ਤੇ ਈਡੀ ਦੀ ਰੇਡ ਪੈਂਦੀ ਹੈ ਤਾਂ ਕਿਵੇਂ ਨੋਟਾਂ ਦੀ ਬਰਸਾਤ ਹੋਈ, ਇਹ ਘਟਨਾ ਕਥਿਤ ਇਮਾਨਦਾਰ ਸਰਕਾਰ ਦੀ ਪੋਲ ਖੋਲ੍ਹਦੀ ਹੈ। ਉਨ੍ਹਾਂ ਕਿਹਾ ਕਿ ਸ਼ਹੀਦ ਭਗਤ ਸਿੰਘ ਦੀ ਫੋਟੋ ਲਗਾਉਣ ਦਾ ਇਨ੍ਹਾਂ ਨੂੰ ਕੋਈ ਹੱਕ ਨਹੀਂ ਹੈ, ਕਿਉਂਕਿ ਸ਼ਹੀਦ ਭਗਤ ਸਿੰਘ ਨੇ ਆਉਣ ਵਾਲੀਆਂ ਪੀੜ੍ਹੀਆਂ ਨੂੰ ਸੁਰੱਖਿਅਤ ਕਰਨ ਲਈ ਆਪਣੀ ਕੁਰਬਾਨੀ ਦਿੱਤੀ ਸੀ, ਪਰ ਉਨ੍ਹਾਂ ਦੇ ਸੁਪਨਿਆਂ ਦਾ ਪੰਜਾਬ ਬਣਨ ਦੀ ਬਜਾਏ ਇਹ ਭ੍ਰਿਸ਼ਟਾਚਾਰ ਅਤੇ ਘੁਟਾਲਿਆਂ ਦਾ ਪੰਜਾਬ ਬਣ ਚੁੱਕਾ ਹੈ। ਪੰਜਾਬ ਵਿੱਚ ਤਹਿਸੀਲਾਂ ਅਤੇ ਥਾਣਿਆਂ ਵਿੱਚ ਬਿਨਾਂ ਪੈਸੇ ਕੰਮ ਨਹੀਂ ਹੁੰਦਾ। ਉੱਥੋਂ ਦੀ ਜਨਤਾ ਬਹੁਤ ਪਰੇਸ਼ਾਨ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬ ਵਿੱਚ ਭਾਜਪਾ ਦੀ ਅਗਵਾਈ ਵਿੱਚ ਬਣਨ ਵਾਲੀ ਡਬਲ ਇੰਜਣ ਵਾਲੀ ਸਰਕਾਰ ਉੱਥੇ ਵਿਕਾਸ ਨੂੰ ਤੇਜ਼ ਗਤੀ ਦੇਵੇਗੀ ਅਤੇ ਭ੍ਰਿਸ਼ਟਾਚਾਰ 'ਤੇ ਰੋਕ ਲਗਾਏਗੀ। ਉਨ੍ਹਾਂ ਹਰਿਆਣਾ ਵਿੱਚ ਲਾਗੂ ਯੋਜਨਾਵਾਂ ਦਾ ਹਵਾਲਾ ਦਿੰਦਿਆਂ ਕਿਹਾ ਕਿ ਸੂਬੇ ਵਿੱਚ ਕਿਸਾਨਾਂ ਨੂੰ ਐਮਐਸਪੀ ਦਿੱਤੀ ਜਾ ਰਹੀ ਹੈ, ਆਯੁਸ਼ਮਾਨ ਅਤੇ ਚਿਰਾਯੂ ਯੋਜਨਾ ਦਾ ਲਾਭ ਜਨਤਾ ਨੂੰ ਮਿਲ ਰਿਹਾ ਹੈ। ਇਸ ਤੋਂ ਇਲਾਵਾ ਸੋਲਰ ਸਕੀਮ ਦਾ ਫਾਇਦਾ ਵੀ ਦਿੱਤਾ ਜਾ ਰਿਹਾ ਹੈ। ਪੰਜਾਬ ਵਿੱਚ ਸਰਕਾਰ ਬਣਨ 'ਤੇ ਇਨ੍ਹਾਂ ਯੋਜਨਾਵਾਂ ਦਾ ਲਾਭ ਉੱਥੋਂ ਦੀ ਜਨਤਾ ਨੂੰ ਵੀ ਮਿਲੇਗਾ।

ਇੱਕ ਹੋਰ ਸਵਾਲ ਦੇ ਜਵਾਬ ਵਿੱਚ ਮੁੱਖ ਮੰਤਰੀ ਨੇ ਕਿਹਾ ਕਿ ਪ੍ਰਧਾਨ ਮੰਤਰੀ ਸ਼੍ਰੀ ਨਰਿੰਦਰ ਮੋਦੀ ਵੱਲੋਂ ਈਂਧਨ ਬੱਚਤ ਅਤੇ ਵਾਤਾਵਰਣ ਸੰਭਾਲ ਲਈ ਕੀਤੇ ਗਏ ਸੱਦੇ ਦੇ ਮੱਦੇਨਜ਼ਰ ਹਰਿਆਣਾ ਵਿੱਚ ਵੀ ਇਸ ਨੂੰ ਲਾਗੂ ਕੀਤਾ ਗਿਆ ਹੈ। ਇਸ ਸਬੰਧੀ ਐਸਓਪੀ ਜਾਰੀ ਕੀਤੀ ਗਈ ਹੈ। ਆਪਣੇ ਕਾਫਲੇ ਵਿੱਚ ਗੱਡੀਆਂ ਦੀ ਗਿਣਤੀ ਘੱਟ ਕੀਤੀ ਗਈ ਹੈ ਅਤੇ ਅਧਿਕਾਰੀਆਂ ਨੂੰ ਵੀ ਕਿਹਾ ਗਿਆ ਹੈ ਕਿ ਜੇਕਰ ਮੀਟਿੰਗਾਂ ਵਰਚੁਅਲ ਤਰੀਕੇ ਨਾਲ ਹੋ ਸਕਦੀਆਂ ਹਨ ਤਾਂ ਉਹ ਕਰਨ। ਇਸ ਦੇ ਨਾਲ ਹੀ ਪੀਐਮ ਮੋਦੀ ਨੇ ਆਮ ਲੋਕਾਂ ਨੂੰ ਵੀ ਅਪੀਲ ਕੀਤੀ ਹੈ ਕਿ ਗੱਡੀ ਦੀ ਬਜਾਏ ਜਨਤਕ ਟ੍ਰਾਂਸਪੋਰਟ ਦੀ ਵਰਤੋਂ ਕਰਨ ਤਾਂ ਜੋ ਬੱਚਤ ਹੋ ਸਕੇ। ਉਨ੍ਹਾਂ ਕਿਹਾ ਕਿ ਅੱਜ ਵਿਸ਼ਵਵਿਆਪੀ ਸੰਕਟ ਹੈ ਅਤੇ ਮਿਡਲ ਈਸਟ ਦੇ ਹਾਲਾਤਾਂ ਨਾਲ ਨਜਿੱਠਣ ਲਈ ਸਰਕਾਰ ਨੇ ਕਦਮ ਚੁੱਕੇ ਹਨ, ਜਿਸ ਵਿੱਚ ਜਨਤਾ ਨੂੰ ਵੀ ਸਹਿਯੋਗ ਦੇਣਾ ਚਾਹੀਦਾ ਹੈ ਉਨ੍ਹਾਂ ਇੱਕ ਹੋਰ ਸਵਾਲ ਦੇ ਸਬੰਧ ਵਿੱਚ ਕਿਹਾ ਕਿ ਸਾਬਕਾ ਮੁੱਖ ਮੰਤਰੀ ਸਵਰਗੀ ਸ਼੍ਰੀ ਭਜਨ ਲਾਲ ਸਾਡੇ ਸਤਿਕਾਰਯੋਗ ਹਨ ਅਤੇ ਹਰਿਆਣਾ ਦੇ ਵਿਕਾਸ ਵਿੱਚ ਉਨ੍ਹਾਂ ਦੇ ਵੱਡਮੁੱਲੇ ਯੋਗਦਾਨ ਨੂੰ ਕਦੇ ਭੁਲਾਇਆ ਨਹੀਂ ਜਾ ਸਕਦਾ।

ਨੀਟ ਪ੍ਰੀਖਿਆ ਵਿੱਚ ਇੱਕ ਡਾਕਟਰ ਦੀ ਭੂਮਿਕਾ ਸਬੰਧੀ ਪੁੱਛੇ ਗਏ ਸਵਾਲ 'ਤੇ ਮੁੱਖ ਮੰਤਰੀ ਨੇ ਕਿਹਾ ਕਿ ਇਸ ਪੂਰੇ ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ। ਸਰਕਾਰ ਮਾਮਲੇ ਦੀ ਤਹਿ ਤੱਕ ਜਾ ਰਹੀ ਹੈ। ਕਿਸੇ ਵੀ ਦੋਸ਼ੀ ਨੂੰ ਬਖਸ਼ਿਆ ਨਹੀਂ ਜਾਵੇਗਾ ਅਤੇ ਇਸ ਸਬੰਧੀ ਸਖ਼ਤ ਕਾਰਵਾਈ ਕੀਤੀ ਜਾਵੇਗੀ।

# ਤੀਰਥ ਯਾਤਰਾਵਾਂ ਸਮਾਜ ਨੂੰ ਜੋੜਨ ਅਤੇ ਨਵੀਂ ਪੀੜ੍ਹੀ ਨੂੰ ਸੰਸਕਾਰਾਂ ਨਾਲ ਜੋੜਨ ਦਾ ਮਾਧਿਅਮ : ਮੁੱਖ ਮੰਤਰੀ

ਚੰਡੀਗੜ੍ਹ, 18 ਮਈ
-ਕੌਮੀ ਪੱਤ੍ਰਿਕਾ ਬਿਊਰੋ-

ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਹੈ ਕਿ ਤੀਰਥ ਯਾਤਰਾਵਾਂ ਸਮਾਜ ਨੂੰ ਜੋੜਨ ਦਾ ਇੱਕ ਮਹਾਨ ਮਾਧਿਅਮ ਹੁੰਦੀਆਂ ਹਨ। ਇਹ ਯਾਤਰਾਵਾਂ ਸਾਡੀ ਨਵੀਂ ਪੀੜ੍ਹੀ ਨੂੰ ਆਪਣੀਆਂ ਜੜ੍ਹਾਂ, ਆਪਣੇ ਸੱਭਿਆਚਾਰ ਅਤੇ ਆਪਣੇ ਸੰਸਕਾਰਾਂ ਨਾਲ ਜੋੜਦੀਆਂ ਹਨ। ਜਦੋਂ ਕੋਈ ਸ਼ਰਧਾਲੂ ਤੀਰਥ ਅਸਥਾਨਾਂ 'ਤੇ ਜਾਂਦਾ ਹੈ, ਤਾਂ ਉਹ ਕੇਵਲ ਦਰਸ਼ਨ ਕਰਕੇ ਨਹੀਂ ਪਰਤਦਾ, ਸਗੋਂ ਆਪਣੇ ਅੰਦਰ ਨਵੀਂ ਊਰਜਾ, ਨਵੀਂ ਪ੍ਰੇਰਨਾ ਅਤੇ ਨਵੀਂ ਚੇਤਨਾ ਲੈ ਕੇ ਪਰਤਦਾ ਹੈ।

ਮੁੱਖ ਮੰਤਰੀ ਸ਼ੁੱਕਰਵਾਰ ਨੂੰ 'ਮੁੱਖ ਮੰਤਰੀ ਤੀਰਥ ਦਰਸ਼ਨ ਯਾਤਰਾ ਯੋਜਨਾ' ਤਹਿਤ ਸਿਰਸਾ ਤੋਂ ਤਖ਼ਤ ਸੱਚਖੰਡ ਸ੍ਰੀ ਹਜ਼ੂਰ ਸਾਹਿਬ, ਨਾਂਦੇੜ (ਮਹਾਰਾਸ਼ਟਰ) ਲਈ ਤੀਰਥ ਯਾਤਰੀਆਂ ਦੀ ਵਿਸ਼ੇਸ਼ ਰੇਲ ਗੱਡੀ ਦੀ ਰਵਾਨਗੀ ਸਬੰਧੀ ਸਿਰਸਾ ਵਿਖੇ ਕਰਵਾਏ ਸਮਾਗਮ ਵਿੱਚ ਹਾਜ਼ਰ ਸ਼ਰਧਾਲੂਆਂ ਨੂੰ ਸੰਬੋਧਨ ਕਰ ਰਹੇ ਸਨ। ਪ੍ਰੋਗਰਾਮ ਦੌਰਾਨ ਸੂਚਨਾ, ਲੋਕ ਸੰਪਰਕ ਅਤੇ ਭਾਸ਼ਾ ਵਿਭਾਗ ਦੇ ਡਾਇਰੈਕਟਰ ਜਨਰਲ ਸ੍ਰੀ ਕੇ.ਐਮ ਪਾਂਡੂਰੰਗ ਨੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੂੰ ਯਾਦਗਾਰੀ ਚਿੰਨ੍ਹ ਵੀ ਭੇਟ ਕੀਤਾ। ਇਸ ਦੌਰਾਨ ਮੁੱਖ ਮੰਤਰੀ ਨੇ ਸ੍ਰੀ ਨਾਂਦੇੜ ਸਾਹਿਬ ਜਾਣ ਵਾਲੇ ਸ਼ਰਧਾਲੂਆਂ ਵਿੱਚੋਂ ਪੰਜ ਨੂੰ ਰੇਲ ਟਿਕਟਾਂ ਵੀ ਦਿੱਤੀਆਂ। ਉਨ੍ਹਾਂ ਸਮਾਗਮ ਤੋਂ ਬਾਅਦ ਵਿਸ਼ੇਸ਼ ਰੇਲ ਗੱਡੀ ਨੂੰ ਹਰੀ ਝੰਡੀ ਦਿਖਾ ਕੇ ਰਵਾਨਾ ਕੀਤਾ। ਰੇਲ ਗੱਡੀ ਵਿੱਚ ਹਰਿਆਣਾ ਦੇ ਵੱਖ-ਵੱਖ ਹਿੱਸਿਆਂ ਤੋਂ 800 ਤੋਂ ਵੱਧ ਸ਼ਰਧਾਲੂ ਜਾ ਰਹੇ ਹਨ। ਉਨ੍ਹਾਂ ਨੇ ਰੇਲ ਗੱਡੀ ਵਿੱਚ ਬੈਠੇ ਸ਼ਰਧਾਲੂਆਂ ਅਤੇ ਰੇਲਵੇ ਅਧਿਕਾਰੀਆਂ ਨਾਲ ਵੀ ਗੱਲਬਾਤ ਕੀਤੀ। ਮੁੱਖ ਮੰਤਰੀ ਨੇ ਰਵਾਨਗੀ ਮੌਕੇ ਅਰਦਾਸ ਪ੍ਰੋਗਰਾਮ ਵਿੱਚ ਵੀ ਸ਼ਿਰਕਤ ਕੀਤੀ।

ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਉਨ੍ਹਾਂ ਦੀ ਖੁਸ਼ਕਿਸਮਤੀ ਹੈ ਕਿ ਉਨ੍ਹਾਂ ਨੂੰ ਸਿਰਸਾ ਦੀ ਇਤਿਹਾਸਕ ਧਰਤੀ ਤੋਂ ਤਖ਼ਤ ਸੱਚਖੰਡ ਸ੍ਰੀ ਹਜ਼ੂਰ ਸਾਹਿਬ, ਨਾਂਦੇੜ ਲਈ ਸ਼ਰਧਾਲੂਆਂ ਦੀ ਵਿਸ਼ੇਸ਼ ਰੇਲ ਗੱਡੀ ਨੂੰ ਰਵਾਨਾ ਕਰਨ ਦਾ ਮੌਕਾ ਮਿਲਿਆ ਹੈ। ਇਹ ਯਾਤਰਾ ਸ਼ਰਧਾ, ਆਸਥਾ ਅਤੇ ਗੁਰੂ ਸਾਹਿਬਾਨ ਪ੍ਰਤੀ ਸਮਰਪਣ ਦਾ ਪ੍ਰਤੀਕ ਹੈ। ਉਨ੍ਹਾਂ ਸਮੂਹ ਗੁਰੂ ਸਾਹਿਬਾਨ ਦੇ ਪਵਿੱਤਰ ਚਰਨਾਂ ਵਿੱਚ ਕੋਟਿ-ਕੋਟਿ ਪ੍ਰਣਾਮ ਕਰਦਿਆਂ ਅਰਦਾਸ ਕੀਤੀ ਕਿ ਉਨ੍ਹਾਂ ਦੀ ਅਪਾਰ ਕਿਰਪਾ ਸਭ 'ਤੇ ਬਣੀ ਰਹੇ। ਮੁੱਖ ਮੰਤਰੀ ਨੇ ਸਮੂਹ ਸਾਧ-ਸੰਗਤ ਨੂੰ ਇਸ ਸ਼ੁਭ ਯਾਤਰਾ ਦੀ ਹਾਰਦਿਕ ਸ਼ੁਭਕਾਮਨਾਵਾਂ ਵੀ ਦਿੱਤੀਆਂ।

ਉਨ੍ਹਾਂ ਕਿਹਾ ਕਿ ਸਿੱਖ ਇਤਿਹਾਸ ਵਿੱਚ ਸਿਰਸਾ ਦਾ ਨਾਮ ਬੜੀ ਸ਼ਰਧਾ ਅਤੇ ਸਤਿਕਾਰ ਨਾਲ ਲਿਆ ਜਾਂਦਾ ਹੈ। ਸਿਰਸਾ ਦਸਮ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨਾਲ ਜੁੜਿਆ ਹੋਇਆ ਹੈ। ਸਾਲ 1706 ਵਿੱਚ ਜਦੋਂ ਗੁਰੂ ਸਾਹਿਬ ਤਲਵੰਡੀ ਸਾਬੋ ਤੋਂ ਦੱਖਣ ਵੱਲ ਜਾ ਰਹੇ ਸਨ ਤਾਂ ਉਹ ਸਿਰਸਾ ਵਿੱਚ ਵੀ ਰੁਕੇ ਸਨ। ਇੱਥੇ ਸਥਿਤ ਗੁਰਦੁਆਰਾ ਸ੍ਰੀ ਚਿੱਲਾ ਸਾਹਿਬ ਅੱਜ ਵੀ ਉਸ ਪਵਿੱਤਰ ਪੜਾਅ ਦੀ ਯਾਦ ਦਿਵਾਉਂਦਾ ਹੈ। ਇੰਨਾ ਹੀ ਨਹੀਂ, ਇਹ ਪਵਿੱਤਰ ਧਰਤੀ ਗੁਰੂ ਸਾਹਿਬਾਨ ਦੇ ਪਵਿੱਤਰ ਚਰਨਾਂ ਨਾਲ ਕਈ ਵਾਰ ਪਵਿੱਤਰ ਹੋਈ ਹੈ। ਦੂਜੇ ਪਾਸੇ, ਸੱਚਖੰਡ ਸ੍ਰੀ ਹਜ਼ੂਰ ਸਾਹਿਬ, ਨਾਂਦੇੜ ਉਹ ਮਹਾਨ ਭੂਮੀ ਹੈ ਜਿੱਥੇ ਦਸਮ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਜੋਤੀ-ਜੋਤਿ ਸਮਾਏ ਸਨ। ਗੁਰੂ ਸਾਹਿਬ ਨੇ ਸਾਨੂੰ ਸਿਖਾਇਆ ਕਿ ਬੇਇਨਸਾਫ਼ੀ ਵਿਰੁੱਧ ਖੜ੍ਹੇ ਹੋਣਾ ਹੀ ਸੱਚਾ ਧਰਮ ਹੈ ਅਤੇ ਮਨੁੱਖਤਾ ਦੀ ਸੇਵਾ ਹੀ ਸਭ ਤੋਂ ਵੱਡੀ ਪੂਜਾ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਅੱਜ ਸਿਰਸਾ ਤੋਂ ਨਾਂਦੇੜ ਤੱਕ ਚੱਲਣ ਵਾਲੀ ਇਹ ਵਿਸ਼ੇਸ਼ ਰੇਲ ਗੱਡੀ ਭਾਰਤ



ਦੀ ਉਸੇ ਅਧਿਆਤਮਿਕ ਧਾਰਾ ਦੀ ਪ੍ਰਤੀਕ ਬਣ ਰਹੀ ਹੈ, ਜੋ ਉੱਤਰ ਤੋਂ ਦੱਖਣ ਤੱਕ ਪੂਰੇ ਦੇਸ਼ ਨੂੰ ਗੁਰੂ ਸਾਹਿਬਾਨ ਦੀਆਂ ਸਿੱਖਿਆਵਾਂ ਨਾਲ ਜੋੜਦੀ ਹੈ। ਤੀਰਥ ਯਾਤਰਾਵਾਂ ਸਮਾਜ ਨੂੰ ਜੋੜਨ ਦਾ ਵੱਡਾ ਸਾਧਨ ਹਨ। ਤੀਰਥ ਅਸਥਾਨਾਂ ਦੀ ਇਸ ਮਹੱਤਤਾ ਨੂੰ ਦੇਖਦੇ ਹੋਏ ਮਾਨਯੋਗ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਜੀ ਦੀ ਕੁਸ਼ਲ ਅਗਵਾਈ ਹੇਠ ਧਾਰਮਿਕ ਅਤੇ ਸੱਭਿਆਚਾਰਕ ਵਿਰਾਸਤ ਦੀ ਸੰਭਾਲ ਅਤੇ ਪ੍ਰਚਾਰ ਲਈ ਬੇਮਿਸਾਲ ਕੰਮ ਕੀਤੇ ਜਾ ਰਹੇ ਹਨ। ਸਿੱਖ ਇਤਿਹਾਸ ਅਤੇ ਵਿਰਾਸਤ ਦੀ ਸੰਭਾਲ ਲਈ ਕੇਂਦਰ ਸਰਕਾਰ ਨੇ ਕਈ ਅਹਿਮ ਕਦਮ ਚੁੱਕੇ ਹਨ।

ਉਨ੍ਹਾਂ ਕਿਹਾ ਕਿ ਸਵਦੇਸ਼ ਦਰਸ਼ਨ ਯੋਜਨਾ ਤਹਿਤ ਸ੍ਰੀ ਅਨੰਦਪੁਰ ਸਾਹਿਬ, ਸ੍ਰੀ ਫਤਹਿਗੜ੍ਹ ਸਾਹਿਬ, ਸ੍ਰੀ ਚਮਕੌਰ ਸਾਹਿਬ, ਅੰਮ੍ਰਿਤਸਰ, ਖਟਕੜ ਕਲਾਂ, ਕਲਾਨੌਰ ਅਤੇ ਪਟਿਆਲਾ ਸਮੇਤ ਵਿਰਾਸਤੀ ਸਰਕਟਾਂ ਦੇ ਵਿਕਾਸ ਨੂੰ ਪ੍ਰਵਾਨਗੀ ਦਿੱਤੀ ਗਈ ਹੈ। ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਨੇ ਜੋਤੀਸਰ ਵਿਖੇ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 400ਵੇਂ (ਪਾਠ ਅਨੁਸਾਰ ਸੁਧਾਰਿਆ ਗਿਆ) ਪ੍ਰਕਾਸ਼ ਪੁਰਬ ਮੌਕੇ ਆਯੋਜਿਤ ਰਾਜ ਪੱਧਰੀ ਸਮਾਗਮ ਵਿੱਚ ਸ਼ਿਰਕਤ ਕਰਕੇ ਉਨ੍ਹਾਂ ਨੂੰ ਸ਼ਰਧਾਪੂਰਵਕ ਨਮਨ ਕੀਤਾ ਸੀ। ਉਨ੍ਹਾਂ ਗੁਰੂ ਸਾਹਿਬ ਨੂੰ ਸਮਰਪਿਤ ਯਾਦਗਾਰੀ ਸਿੱਕੇ, ਡਾਕ ਟਿਕਟ ਅਤੇ ਕੌਫੀ ਟੇਬਲ ਬੁੱਕ ਵੀ ਰਿਲੀਜ਼ ਕੀਤੀ। ਇਸ ਤੋਂ ਪਹਿਲਾਂ ਸਾਲ 2019 ਵਿੱਚ ਉਨ੍ਹਾਂ ਨੇ ਡੇਰਾ ਬਾਬਾ ਨਾਨਕ ਤੋਂ ਸ੍ਰੀ ਕਰਤਾਰਪੁਰ ਸਾਹਿਬ ਕਾਰੀਡੋਰ ਦਾ ਉਦਘਾਟਨ ਕਰਕੇ ਕਰੋੜਾਂ ਸ਼ਰਧਾਲੂਆਂ ਦੀ ਸਾਲਾਂ ਪੁਰਾਣੀ ਮੰਗ ਪੂਰੀ ਕੀਤੀ ਸੀ। ਇਸੇ ਤਰ੍ਹਾਂ ਪ੍ਰਧਾਨ ਮੰਤਰੀ ਨੇ ਦਸਮ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਸਾਹਿਬਜ਼ਾਦਿਆਂ ਬਾਬਾ ਜ਼ੋਰਾਵਰ ਸਿੰਘ ਜੀ ਅਤੇ ਬਾਬਾ ਫਤਹਿ ਸਿੰਘ ਜੀ ਦੇ ਸ਼ਹੀਦੀ ਦਿਹਾੜੇ ਨੂੰ 'ਵੀਰ ਬਾਲ ਦਿਵਸ' ਵਜੋਂ ਮਨਾਉਣ ਦਾ ਇਤਿਹਾਸਕ ਫੈਸਲਾ ਲਿਆ।

ਉਨ੍ਹਾਂ ਕਿਹਾ ਕਿ ਹਰ ਸਾਲ 26 ਦਸੰਬਰ ਨੂੰ ਪੂਰਾ ਦੇਸ਼ ਸ਼ਰਧਾ ਅਤੇ ਮਾਣ ਨਾਲ ਵੀਰ ਬਾਲ ਦਿਵਸ ਮਨਾਉਂਦਾ ਹੈ। ਇਹ ਸਾਡੀਆਂ ਆਉਣ ਵਾਲੀਆਂ ਪੀੜ੍ਹੀਆਂ ਨੂੰ ਸਾਹਸ, ਕੁਰਬਾਨੀ ਅਤੇ ਧਰਮ ਪ੍ਰਤੀ ਸਮਰਪਣ ਦੀ ਪ੍ਰੇਰਨਾ ਦਿੰਦਾ ਹੈ। ਅੰਮ੍ਰਿਤਸਰ ਤੋਂ ਸ੍ਰੀ ਨਾਂਦੇੜ ਸਾਹਿਬ ਤੱਕ ਵਿਸ਼ੇਸ਼ ਹਵਾਈ ਸੇਵਾ ਸ਼ੁਰੂ ਕੀਤੀ ਗਈ ਹੈ ਤਾਂ ਜੋ ਸ਼ਰਧਾਲੂਆਂ ਨੂੰ ਸੁਖਾਲੀ ਯਾਤਰਾ ਦੀ ਸਹੂਲਤ ਮਿਲ ਸਕੇ।

ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ 'ਮੁੱਖ ਮੰਤਰੀ ਤੀਰਥ ਦਰਸ਼ਨ ਯਾਤਰਾ ਯੋਜਨਾ' ਤਹਿਤ ਸ਼ਰਧਾਲੂਆਂ ਦੀ ਸਹੂਲਤ ਲਈ ਹਰਿਆਣਾ ਸਰਕਾਰ ਨੇ ਰੇਲਵੇ ਵਿਭਾਗ ਨਾਲ ਵਿਸ਼ੇਸ਼ ਸਮਝੌਤਾ ਕੀਤਾ ਹੈ। ਯਾਤਰਾ ਨੂੰ ਆਰਾਮਦਾਇਕ ਅਤੇ ਸੁਰੱਖਿਅਤ ਬਣਾਉਣ ਲਈ ਖਾਣ-ਪੀਣ, ਸੁਰੱਖਿਆ ਅਤੇ ਹੋਰ ਸਾਰੀਆਂ ਲੋੜੀਂਦੀਆਂ ਸਹੂਲਤਾਂ ਦੇ ਵਿਸ਼ੇਸ਼ ਪ੍ਰਬੰਧ ਕੀਤੇ ਗਏ ਹਨ। ਇਸ ਤੋਂ ਪਹਿਲਾਂ 28 ਮਾਰਚ ਨੂੰ ਭਗਵਾਨ ਸ੍ਰੀ ਰਾਮ ਦੀ ਜਨਮ ਭੂਮੀ ਅਯੁੱਧਿਆ ਧਾਮ ਲਈ ਵਿਸ਼ੇਸ਼ ਤੀਰਥ ਰੇਲ ਗੱਡੀ ਭੇਜੀ ਗਈ ਸੀ। ਅੱਜ ਸ੍ਰੀ ਹਜ਼ੂਰ ਸਾਹਿਬ, ਨਾਂਦੇੜ ਲਈ ਦੂਜੀ ਵਿਸ਼ੇਸ਼ ਰੇਲ ਗੱਡੀ ਰਵਾਨਾ ਕੀਤੀ ਗਈ ਹੈ। ਸੂਬੇ ਦੇ 14 ਜ਼ਿਲ੍ਹਿਆਂ ਦੇ ਕਰੀਬ 800 ਸ਼ਰਧਾਲੂ ਇਸ ਯਾਤਰਾ ਵਿੱਚ ਸ਼ਾਮਲ ਹੋ ਰਹੇ ਹਨ। ਪਹਿਲੀ ਰੇਲ ਗੱਡੀ 5 ਮਈ ਨੂੰ ਕੁਰੂਕਸ਼ੇਤਰ ਤੋਂ ਗਈ ਸੀ। ਸੋਮਨਾਥ ਮੰਦਰ, ਗੁਜਰਾਤ ਲਈ ਅਗਲੀ ਵਿਸ਼ੇਸ਼ ਰੇਲ ਗੱਡੀ 8 ਜੂਨ ਨੂੰ ਰਵਾਨਾ ਹੋਵੇਗੀ।

ਮੁੱਖ ਮੰਤਰੀ ਨੇ ਕਿਹਾ ਕਿ ਸਰਕਾਰ ਦਾ ਸੰਕਲਪ ਹੈ ਕਿ ਕੋਈ ਵੀ ਸ਼ਰਧਾਲੂ ਆਰਥਿਕ ਤੰਗੀ ਕਾਰਨ ਤੀਰਥ ਯਾਤਰਾ ਤੋਂ ਵਾਂਝਾ ਨਾ ਰਹੇ। ਇਸੇ ਮਕਸਦ ਲਈ 'ਮੁੱਖ ਮੰਤਰੀ ਤੀਰਥ ਦਰਸ਼ਨ ਯਾਤਰਾ ਯੋਜਨਾ' ਸ਼ੁਰੂ ਕੀਤੀ ਗਈ ਹੈ।

ਇਸ ਤੋਂ ਪਹਿਲਾਂ ਵੀ ਸਰਕਾਰ ਨੇ ਇਸ ਯੋਜਨਾ ਤਹਿਤ ਅਯੁੱਧਿਆ ਧਾਮ ਅਤੇ ਪ੍ਰਯਾਗਰਾਜ ਕੁੰਭ ਲਈ ਵਿਸ਼ੇਸ਼ ਬੱਸਾਂ ਰਾਹੀਂ ਸ਼ਰਧਾਲੂਆਂ ਨੂੰ ਭੇਜਿਆ ਸੀ। ਸਰਕਾਰ ਵੱਖ-ਵੱਖ ਤੀਰਥ ਯਾਤਰਾਵਾਂ ਲਈ ਆਰਥਿਕ ਸਹਾਇਤਾ ਵੀ ਪ੍ਰਦਾਨ ਕਰ ਰਹੀ ਹੈ। ਸਵਰਨ ਜਯੰਤੀ ਸਿੰਧੂ ਦਰਸ਼ਨ ਯੋਜਨਾ ਤਹਿਤ ਪ੍ਰਤੀ ਤੀਰਥ ਯਾਤਰੀ 10 ਹਜ਼ਾਰ ਰੁਪਏ ਦੀ ਸਹਾਇਤਾ ਦਿੱਤੀ ਜਾਂਦੀ ਹੈ। ਉਨ੍ਹਾਂ ਕਿਹਾ ਕਿ ਕੈਲਾਸ਼ ਮਾਨਸਰੋਵਰ ਯਾਤਰਾ ਯੋਜਨਾ ਤਹਿਤ ਪ੍ਰਤੀ ਯਾਤਰੀ 50 ਹਜ਼ਾਰ ਰੁਪਏ ਦੀ ਸਹਾਇਤਾ ਦਾ ਪ੍ਰਬੰਧ ਕੀਤਾ ਗਿਆ ਹੈ। ਦੂਜੇ ਪਾਸੇ, ਸਵਰਨ ਜਯੰਤੀ ਗੁਰੂ ਦਰਸ਼ਨ ਯਾਤਰਾ ਯੋਜਨਾ ਤਹਿਤ ਸ੍ਰੀ ਹਜ਼ੂਰ ਸਾਹਿਬ ਨਾਂਦੇੜ, ਸ੍ਰੀ ਨਨਕਾਣਾ ਸਾਹਿਬ, ਸ੍ਰੀ ਹੇਮਕੁੰਟ ਸਾਹਿਬ ਅਤੇ ਸ੍ਰੀ ਪਟਨਾ ਸਾਹਿਬ ਜਾਣ ਵਾਲੇ ਸ਼ਰਧਾਲੂਆਂ ਨੂੰ 6 ਹਜ਼ਾਰ ਰੁਪਏ ਪ੍ਰਤੀ ਯਾਤਰੀ ਸਹਾਇਤਾ ਦਿੱਤੀ ਜਾਂਦੀ ਹੈ।

ਉਨ੍ਹਾਂ ਕਿਹਾ ਕਿ ਸਰਕਾਰ ਨੇ ਗੁਰਦੁਆਰਾ ਸ੍ਰੀ ਚਿੱਲਾ ਸਾਹਿਬ ਨੂੰ 70 ਕਨਾਲ ਜ਼ਮੀਨ ਦੇਣ ਦਾ ਐਲਾਨ ਕੀਤਾ ਸੀ, ਜੋ ਪੂਰਾ ਕਰ ਦਿੱਤਾ ਗਿਆ ਹੈ। ਦਸੰਬਰ 2022 ਵਿੱਚ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਸਥਾਪਨਾ ਕਰਕੇ ਸਿੱਖ ਸਮਾਜ ਦੀ ਸਾਲਾਂ ਪੁਰਾਣੀ ਮੰਗ ਪੂਰੀ ਕੀਤੀ ਗਈ। ਇਸ ਰਾਹੀਂ ਹਰਿਆਣਾ ਦੇ ਸਿੱਖ ਭਾਈਚਾਰੇ ਨੂੰ ਆਪਣੇ ਧਾਰਮਿਕ ਪ੍ਰਬੰਧਾਂ ਵਿੱਚ ਖ਼ੁਦਮੁਖਤਿਆਰੀ ਮਿਲੀ ਹੈ। ਇਸ ਤੋਂ ਇਲਾਵਾ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550ਵੇਂ ਪ੍ਰਕਾਸ਼ ਪੁਰਬ, ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 400ਵੇਂ ਪ੍ਰਕਾਸ਼ ਪੁਰਬ ਅਤੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ 350ਵੇਂ ਪ੍ਰਕਾਸ਼ ਪੁਰਬ ਮੌਕੇ ਰਾਜ ਪੱਧਰੀ ਸਮਾਗਮ ਕਰਵਾਏ ਗਏ। ਸੂਬੇ ਵਿੱਚ ਕਈ ਵਿੱਦਿਅਕ ਅਦਾਰੇ, ਸਿਹਤ ਸੰਸਥਾਵਾਂ, ਸੜਕਾਂ, ਚੌਕ ਅਤੇ ਗੇਟ ਗੁਰੂ ਸਾਹਿਬਾਨ ਦੇ ਨਾਂ 'ਤੇ ਸਥਾਪਿਤ ਕੀਤੇ ਗਏ ਹਨ।

ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸਰਦਾਰ ਜਗਦੀਸ਼ ਸਿੰਘ ਝੀਂਡਾ ਨੇ ਕਿਹਾ ਕਿ ਸਰਕਾਰ ਦੇ ਇਹ ਯਤਨ ਸ਼ਲਾਘਾਯੋਗ ਹਨ। ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਅਤੇ ਸੂਬਾ ਸਰਕਾਰ ਨੇ ਸਮੇਂ-ਸਮੇਂ 'ਤੇ ਸਿੱਖਾਂ ਨਾਲ ਸਬੰਧਤ ਪ੍ਰੋਗਰਾਮ ਉਲੀਕੇ ਹਨ। 'ਮੁੱਖ ਮੰਤਰੀ ਤੀਰਥ ਦਰਸ਼ਨ ਯਾਤਰਾ ਯੋਜਨਾ' ਤਹਿਤ ਹਰਿਆਣਾ ਤੋਂ ਤਖ਼ਤ ਸੱਚਖੰਡ ਸ੍ਰੀ ਹਜ਼ੂਰ ਸਾਹਿਬ, ਨਾਂਦੇੜ (ਮਹਾਰਾਸ਼ਟਰ) ਜਾਣ ਵਾਲੇ ਸ਼ਰਧਾਲੂਆਂ ਵਿੱਚ ਭਾਰੀ ਉਤਸ਼ਾਹ ਦੇਖਣ ਨੂੰ ਮਿਲਿਆ ਹੈ।

ਇਸ ਤੋਂ ਪਹਿਲਾਂ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਸਿਰਸਾ ਸਥਿਤ ਗੁਰਦੁਆਰਾ ਚਿੱਲਾ ਸਾਹਿਬ ਵਿਖੇ ਵੀ ਨਤਮਸਤਕ ਹੋ ਕੇ ਸੂਬੇ ਦੀ ਖ਼ੁਸ਼ਹਾਲੀ ਅਤੇ ਚੜ੍ਹਦੀ ਕਲਾ ਲਈ ਅਰਦਾਸ ਕੀਤੀ।

ਇਸ ਮੌਕੇ ਸਾਬਕਾ ਰਾਜਪਾਲ ਪ੍ਰੋਫੈਸਰ ਗਣੇਸ਼ੀ ਲਾਲ, ਸਾਬਕਾ ਸੰਸਦ ਮੈਂਬਰ ਸ੍ਰੀਮਤੀ ਸੁਨੀਤਾ ਦੁੱਗਲ ਜੀ, ਸਾਬਕਾ ਵਿਧਾਇਕ ਰਾਮਚੰਦਰ ਕੰਬੋਜ, ਚੇਅਰਮੈਨ ਦੇਵ ਕੁਮਾਰ ਸ਼ਰਮਾ, ਜਗਦੀਸ਼ ਚੋਪੜਾ, ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸਰਦਾਰ ਜਗਦੀਸ਼ ਸਿੰਘ ਝੀਂਡਾ, ਬਾਬਾ ਬਲਜੀਤ ਸਿੰਘ ਦਾਦੂਵਾਲ, ਬਾਬਾ ਨਰਿੰਦਰ ਸਿੰਘ, ਬਾਬਾ ਗੁਰਪਾਲ ਸਿੰਘ ਸਮੇਤ ਹੋਰ ਮਾਣਯੋਗ ਵਿਅਕਤੀ ਮੌਜੂਦ ਸਨ।

# ਐਨੀਮੀਆ ਵਿਰੁੱਧ ਚੱਲ ਰਹੀ ਮੁਹਿੰਮ ਵਿੱਚ ਹਰਿਆਣਾ ਦੂਜੇ ਰਾਜਾਂ ਲਈ ਬਣਿਆ ਪ੍ਰੇਰਣਾ ਦਾ ਸਰੋਤ: ਆਰਤੀ ਸਿੰਘ ਰਾਓ

ਚੰਡੀਗੜ੍ਹ, 18 ਮਈ
-ਕੌਮੀ ਪੱਤ੍ਰਿਕਾ ਬਿਊਰੋ-



ਹਰਿਆਣਾ ਦੀ ਸਿਹਤ ਮੰਤਰੀ ਆਰਤੀ ਸਿੰਘ ਰਾਓ ਨੇ ਕਿਹਾ ਕਿ ਐਨੀਮੀਆ ਵਿਰੁੱਧ ਚੱਲ ਰਹੀ ਮੁਹਿੰਮ ਵਿੱਚ ਹਰਿਆਣਾ ਦੂਜੇ ਰਾਜਾਂ ਲਈ ਪ੍ਰੇਰਣਾ ਦਾ ਸਰੋਤ ਬਣ ਰਿਹਾ ਹੈ।

ਰਾਜ ਨੇ ਐਨੀਮੀਆ ਮੁਕਤ ਭਾਰਤ ਸਕੋਰਕਾਰਡ 2025-26 ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏ ਪੂਰੇ ਦੇਸ਼ ਵਿੱਚ ਦੂਜਾ ਸਥਾਨ ਹਾਸਲ ਕੀਤਾ ਹੈ। ਹਰਿਆਣਾ ਦਾ ਇਹ ਪ੍ਰਦਰਸ਼ਨ ਐਨੀਮੀਆ ਨੂੰ ਘਟਾਉਣ ਪ੍ਰਤੀ ਰਾਜ ਦੀ ਮਜ਼ਬੂਤ ਵਚਨਬੱਧਤਾ ਨੂੰ ਦਰਸਾਉਂਦਾ ਹੈ।

ਉਨ੍ਹਾਂ ਦੱਸਿਆ ਕਿ ਹਰਿਆਣਾ ਨੇ 86.5 ਦੇ ਏ.ਐਮ.ਬੀ. ਇੰਡੈਕਸ ਦੇ ਨਾਲ ਸਿਖਰਲੇ ਪ੍ਰਦਰਸ਼ਨ ਕਰਨ ਵਾਲੇ ਰਾਜਾਂ ਵਿੱਚ ਆਪਣੀ ਮਜ਼ਬੂਤ ਸਥਿਤੀ ਦਰਜ ਕਰਵਾਈ ਹੈ। ਸਾਲ 2024-25 ਵਿੱਚ ਹਰਿਆਣਾ ਪੰਜਵੇਂ ਸਥਾਨ 'ਤੇ ਸੀ, ਜਿਸ ਨਾਲ ਇਸ ਸਾਲ ਦੀ ਰੈਂਕਿੰਗ ਵਿੱਚ ਮਹੱਤਵਪੂਰਨ ਸੁਧਾਰ ਦੇਖਣ ਨੂੰ ਮਿਲਿਆ ਹੈ।

ਸਿਹਤ ਮੰਤਰੀ ਨੇ ਦੱਸਿਆ ਕਿ ਇਹ ਉਪਲਬਧੀ ਬਹੁ-ਪੱਖੀ ਰਣਨੀਤੀ ਦਾ ਨਤੀਜਾ ਹੈ। ਇਸ ਦੇ ਤਹਿਤ ਐਨੀਮੀਆ ਖ਼ਾਤਮਾ ਮਹੀਨੇ ਦੌਰਾਨ ਵਿਸ਼ੇਸ਼ ਮੁਹਿੰਮ, 100-ਦਿਨਾਂ ਦੀ ਐਨੀਮੀਆ ਕੰਟਰੋਲ ਮੁਹਿੰਮ, ਅਤੇ ਰਾਜ ਦੁਆਰਾ ਵਿਕਸਤ 'ਐਨੀਮੀਆ ਟ੍ਰੈਕਿੰਗ ਵੈੱਬ ਐਪਲੀਕੇਸ਼ਨ' ਰਾਹੀਂ ਡੇਟਾ ਪ੍ਰਬੰਧਨ ਕੀਤਾ ਗਿਆ।

ਉਨ੍ਹਾਂ ਦੱਸਿਆ ਕਿ ਏ.ਐਮ.ਬੀ. ਸਕੋਰਕਾਰਡ, ਭਾਰਤ ਸਰਕਾਰ ਦੇ ਸਿਹਤ ਅਤੇ ਪਰਿਵਾਰ ਭਲਾਈ ਮੰਤਰਾਲੇ ਵੱਲੋਂ ਜਾਰੀ ਕੀਤਾ ਜਾਂਦਾ ਹੈ, ਜਿਸ ਵਿੱਚ ਆਇਰਨ ਅਤੇ ਫੋਲਿਕ ਐਸਿਡ ਸਪਲੀਮੈਂਟੇਸ਼ਨ ਦੀ ਕਵਰੇਜ ਨੂੰ ਪੰਜ ਪ੍ਰਮੁੱਖ ਵਰਗਾਂ — ÷6 ਤੋਂ 59 ਮਹੀਨੇ ਦੇ ਬੱਚੇ, 5 ਤੋਂ 9 ਸਾਲ ਦੇ ਸਕੂਲੀ ਬੱਚੇ, 10 ਤੋਂ 19 ਸਾਲ ਦੇ ਕਿਸ਼ੋਰ, ਗਰਭਵਤੀ ਔਰਤਾਂ ਅਤੇ ਦੁੱਧ ਚੁੰਘਾਉਣ ਵਾਲੀਆਂ ਮਾਵਾਂ — ਵਿੱਚ ਮਾਪਿਆ ਜਾਂਦਾ ਹੈ।

ਸਿਹਤ ਮੰਤਰੀ ਨੇ ਅੱਗੇ ਦੱਸਿਆ ਕਿ ਹਰਿਆਣਾ ਉਨ੍ਹਾਂ ਚੋਣਵੇਂ ਰਾਜਾਂ ਵਿੱਚ ਸ਼ਾਮਲ ਹੈ ਜਿੱਥੇ ਲਗਾਤਾਰ ਕਈ ਸਾਲਾਂ ਤੋਂ 5-9 ਸਾਲ ਦੇ ਬੱਚਿਆਂ ਅਤੇ ਗਰਭਵਤੀ ਔਰਤਾਂ ਵਿੱਚ 95 ਪ੍ਰਤੀਸ਼ਤ ਤੱਕ ਦੀ ਉੱਚਤਮ ਕਵਰੇਜ ਬਣੀ ਹੋਈ ਹੈ। ਉੱਥੇ ਹੀ, ਦੁੱਧ ਚੁੰਘਾਉਣ ਵਾਲੀਆਂ ਮਾਵਾਂ ਵਿੱਚ ਆਇਰਨ ਅਤੇ ਫੋਲਿਕ ਐਸਿਡ ਕਵਰੇਜ 2024-25 ਦੇ 72.3 ਪ੍ਰਤੀਸ਼ਤ ਤੋਂ ਵਧ ਕੇ 2025-26 ਵਿੱਚ 72.8 ਪ੍ਰਤੀਸ਼ਤ ਹੋ ਗਈ ਹੈ। ਉਨ੍ਹਾਂ ਕਿਹਾ ਕਿ ਰਾਸ਼ਟਰੀ ਔਸਤ 65.4 ਦੇ ਮੁਕਾਬਲੇ 86.5 ਦਾ ਏ.ਐਮ.ਬੀ. ਇੰਡੈਕਸ ਹਰਿਆਣਾ ਨੂੰ ਦੇਸ਼ ਦੇ ਸਿਖਰਲੇ ਦੋ ਰਾਜਾਂ ਵਿੱਚ ਸ਼ਾਮਲ ਕਰਦਾ ਹੈ।

ਰਾਸ਼ਟਰੀ ਸਿਹਤ ਮਿਸ਼ਨ ਹਰਿਆਣਾ ਦੇ ਮਿਸ਼ਨ ਡਾਇਰੈਕਟਰ ਡਾ. ਆਰ.ਐਸ. ਢਿੱਲੋਂ ਨੇ ਦੱਸਿਆ ਕਿ ਰਾਜ, ਜ਼ਿਲ੍ਹਾ ਅਤੇ ਬਲਾਕ ਪੱਧਰ 'ਤੇ ਨਿਯਮਤ ਸਮੀਖਿਆ ਮੀਟਿੰਗਾਂ, ਆਈ.ਐਫ.ਏ. ਦਵਾਈਆਂ ਦੀ ਆਖਰੀ ਸਿਰੇ ਤੱਕ ਸਪਲਾਈ ਯਕੀਨੀ ਬਣਾਉਣਾ, ਸਿਹਤ, ਆਈ.ਸੀ.ਡੀ.ਐਸ. ਅਤੇ ਸਿੱਖਿਆ ਵਿਭਾਗਾਂ ਵਿਚਕਾਰ ਬਿਹਤਰ ਤਾਲਮੇਲ, ਅਤੇ ਏ.ਐਨ.ਐਮ., ਆਸ਼ਾ ਤੇ ਆਂਗਣਵਾੜੀ ਵਰਕਰਾਂ ਦੀ ਸਿਖਲਾਈ ਨੇ ਇਸ ਸਫਲਤਾ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਈ ਹੈ।

ਇਸ ਦੇ ਨਾਲ ਹੀ, ਘੱਟ ਪ੍ਰਦਰਸ਼ਨ ਵਾਲੇ ਖੇਤਰਾਂ ਵਿੱਚ ਵਿਸ਼ੇਸ਼ ਨਿਗਰਾਨੀ ਅਤੇ ਜਨ-ਜਾਗਰੂਕਤਾ ਮੁਹਿੰਮਾਂ ਰਾਹੀਂ ਐਨੀਮੀਆ ਦੀ ਰੋਕਥਾਮ ਨੂੰ ਉਤਸ਼ਾਹਿਤ ਕੀਤਾ ਗਿਆ ਹੈ।

ਡਾ. ਢਿੱਲੋਂ ਨੇ ਕਿਹਾ ਕਿ ਹਰਿਆਣਾ ਦਾ ਇਹ ਪ੍ਰਦਰਸ਼ਨ ਦੇਸ਼ ਵਿੱਚ ਐਨੀਮੀਆ ਵਿਰੁੱਧ ਚੱਲ ਰਹੀ ਮੁਹਿੰਮ ਵਿੱਚ ਇੱਕ ਮਹੱਤਵਪੂਰਨ ਉਪਲਬਧੀ ਮੰਨਿਆ ਜਾ ਰਿਹਾ ਹੈ ਅਤੇ ਦੂਜੇ ਰਾਜਾਂ ਲਈ ਪ੍ਰੇਰਣਾ ਦਾ ਸਰੋਤ ਬਣ ਰਿਹਾ ਹੈ।

# ਖੇਡ ਪ੍ਰਾਪਤੀਆਂ 'ਤੇ ਤਰੱਕੀ ਲਈ ਹਰਿਆਣਾ ਸਰਕਾਰ ਦੇ ਨਵੇਂ ਨਿਰਦੇਸ਼

ਚੰਡੀਗੜ੍ਹ, 18 ਮਈ
-ਕੌਮੀ ਪੱਤ੍ਰਿਕਾ ਬਿਊਰੋ-



ਰਾਸ਼ਟਰੀ ਅਤੇ ਅੰਤਰਰਾਸ਼ਟਰੀ ਪੱਧਰ ਦੀਆਂ ਖੇਡ ਪ੍ਰਤੀਯੋਗਤਾਵਾਂ ਵਿੱਚ ਭਾਗ ਲੈਣ ਵਾਲੇ ਹਰਿਆਣਾ ਸਰਕਾਰ ਦੇ ਕਰਮਚਾਰੀਆਂ ਲਈ ਹੁਣ ਖੇਡ ਪ੍ਰਾਪਤੀਆਂ ਦੇ ਅਧਾਰ 'ਤੇ ਪ੍ਰਵਾਨਿਤ ਤਰੱਕੀ (ਵੇਤਨ ਵਾਧਾ), ਸਬੰਧਤ ਸਮਰੱਥ ਅਧਿਕਾਰੀ ਦੁਆਰਾ ਦਾਅਵਾ ਪ੍ਰਵਾਨ ਕੀਤੇ ਜਾਣ ਦੇ ਅਗਲੇ ਮਹੀਨੇ ਤੋਂ ਪ੍ਰਭਾਵੀ ਹੋਵੇਗੀ। ਯੋਗ ਸਰਕਾਰੀ ਕਰਮਚਾਰੀ ਨੂੰ ਇਹ ਦਾਅਵਾ ਸਬੰਧਤ ਖੇਡ ਪ੍ਰਤੀਯੋਗਤਾ ਦੇ ਸਮਾਪਤ ਹੋਣ ਦੀ ਮਿਤੀ ਤੋਂ ਇੱਕ ਸਾਲ ਦੇ ਅੰਦਰ ਪੇਸ਼ ਕਰਨਾ ਲਾਜ਼ਮੀ ਹੋਵੇਗਾ।

ਰਾਜ ਸਰਕਾਰ ਨੇ ਰਾਸ਼ਟਰੀ ਅਤੇ ਅੰਤਰਰਾਸ਼ਟਰੀ ਪੱਧਰ ਦੀਆਂ ਖੇਡ ਪ੍ਰਤੀਯੋਗਤਾਵਾਂ ਵਿੱਚ ਭਾਗ ਲੈਣ ਵਾਲੇ ਸਰਕਾਰੀ ਕਰਮਚਾਰੀਆਂ ਨੂੰ ਦਿੱਤੇ ਜਾਣ ਵਾਲੇ ਉਤਸ਼ਾਹ ਅਤੇ ਵੇਤਨ ਵਾਧੇ ਸਬੰਧੀ ਪ੍ਰਬੰਧਾਂ ਨੂੰ ਹੋਰ ਸਪਸ਼ਟ ਅਤੇ ਸੁਚਾਰੂ ਬਣਾਉਣ ਦੇ ਉਦੇਸ਼ ਨਾਲ ਨਵੇਂ ਨਿਰਦੇਸ਼ ਜਾਰੀ ਕੀਤੇ ਹਨ। ਨਵੇਂ ਨਿਰਦੇਸ਼ਾਂ ਤਹਿਤ ਸਾਲ 1990 ਵਿੱਚ ਜਾਰੀ ਪੁਰਾਣੇ ਨਿਰਦੇਸ਼ਾਂ ਦੀ ਸਮੀਖਿਆ ਤੋਂ ਬਾਅਦ ਖੇਡ ਪ੍ਰਾਪਤੀਆਂ 'ਤੇ ਦਿੱਤੀ ਜਾਣ ਵਾਲੀ ਤਰੱਕੀ (ਇੰਕਰੀਮੈਂਟ) ਦੇ ਪ੍ਰਭਾਵੀ ਅਮਲ ਲਈ ਵਾਧੂ ਪ੍ਰਬੰਧ ਜੋੜੇ ਗਏ ਹਨ।

ਮੁੱਖ ਸਕੱਤਰ ਸ਼੍ਰੀ ਅਨੁਰਾਗ ਰਸਤੋਗੀ ਵੱਲੋਂ ਇਸ ਸਬੰਧ ਵਿੱਚ ਇੱਕ ਪੱਤਰ ਜਾਰੀ ਕੀਤਾ ਗਿਆ ਹੈ। ਪੱਤਰ ਵਿੱਚ ਇਹ ਵੀ ਸਪਸ਼ਟ ਕੀਤਾ ਗਿਆ ਹੈ ਕਿ ਆਊਟਸੋਰਸਿੰਗ ਸਪੋਰਟਸ ਪਰਸਨਜ਼ ਪਾਲਿਸੀ ਦੇ ਤਹਿਤ ਸਿੱਧੀ ਨਿਯੁਕਤੀ ਪ੍ਰਾਪਤ ਖਿਡਾਰੀਆਂ ਨੂੰ ਇਨ੍ਹਾਂ ਨਿਰਦੇਸ਼ਾਂ ਦੇ ਅਧੀਨ ਵਾਧੂ ਵੇਤਨ ਵਾਧੇ ਦਾ ਲਾਭ ਨਹੀਂ ਦਿੱਤਾ ਜਾਵੇਗਾ।

ਜ਼ਿਕਰਯੋਗ ਹੈ ਕਿ ਰਾਜ ਸਰਕਾਰ ਵੱਲੋਂ ਪਹਿਲਾਂ ਹੀ ਰਾਸ਼ਟਰੀ ਅਤੇ ਅੰਤਰਰਾਸ਼ਟਰੀ ਪੱਧਰ ਦੀਆਂ ਖੇਡ ਪ੍ਰਤੀਯੋਗਤਾਵਾਂ, ਸਿਖਲਾਈ ਕੈਂਪਾਂ, ਪਰਬਤਾਰੋਹੀ ਮੁਹਿੰਮਾਂ ਅਤੇ ਸਿਵਲ ਸਰਵਿਸਿਜ਼ ਖੇਡ ਪ੍ਰਤੀਯੋਗਤਾਵਾਂ ਵਿੱਚ ਭਾਗ ਲੈਣ ਵਾਲੇ ਸਰਕਾਰੀ ਕਰਮਚਾਰੀਆਂ ਨੂੰ ਵਿਸ਼ੇਸ਼ ਸਹੂਲਤਾਂ ਦਿੱਤੀਆਂ ਜਾਂਦੀਆਂ ਰਹੀਆਂ ਹਨ। ਇਨ੍ਹਾਂ ਵਿੱਚ ਪ੍ਰਤੀਯੋਗਤਾ ਦੇ ਸਮੇਂ ਨੂੰ ਡਿਊਟੀ ਮੰਨਣਾ, ਵਿਸ਼ੇਸ਼ ਅਚਨਚੇਤ ਛੁੱਟੀ, ਯਾਤਰਾ ਸਹੂਲਤਾਂ ਅਤੇ ਸ਼ਾਨਦਾਰ ਪ੍ਰਦਰਸ਼ਨ 'ਤੇ ਵੇਤਨ ਵਾਧੇ ਵਰਗੀਆਂ ਉਤਸ਼ਾਹਜਨਕ ਯੋਜਨਾਵਾਂ ਸ਼ਾਮਲ ਹਨ।

ਸਰਕਾਰ ਨੇ ਸਾਰੇ ਪ੍ਰਸ਼ਾਸਨਿਕ ਸਕੱਤਰਾਂ, ਵਿਭਾਗਾਂ ਦੇ ਮੁਖੀਆਂ, ਬੋਰਡਾਂ ਅਤੇ ਨਿਗਮਾਂ ਦੇ ਪ੍ਰਬੰਧ ਨਿਰਦੇਸ਼ਕਾਂ, ਮੰਡਲ ਕਮਿਸ਼ਨਰਾਂ, ਡਿਪਟੀ ਕਮਿਸ਼ਨਰਾਂ, ਯੂਨੀਵਰਸਿਟੀਆਂ ਦੇ ਰਜਿਸਟਰਾਰਾਂ ਅਤੇ ਸਬੰਧਤ ਅਧਿਕਾਰੀਆਂ ਨੂੰ ਨਿਰਦੇਸ਼ ਜਾਰੀ ਕਰਦੇ ਹੋਏ ਕਿਹਾ ਹੈ ਕਿ ਇਨ੍ਹਾਂ ਪ੍ਰਬੰਧਾਂ ਦੀ ਜਾਣਕਾਰੀ ਸਾਰੇ ਸਬੰਧਤ ਕਰਮਚਾਰੀਆਂ ਤੱਕ ਪਹੁੰਚਾਈ ਜਾਵੇ ਅਤੇ ਉਨ੍ਹਾਂ ਦੀ ਸਖ਼ਤੀ ਨਾਲ ਪਾਲਣਾ ਯਕੀਨੀ ਬਣਾਈ ਜਾਵੇ।

# ਸੂਬਾ ਸਰਕਾਰ ਨੇ ਕਿਸਾਨ ਰਜਿਸਟਰੀ ਦੀ ਦਿਸ਼ਾ ਵਿੱਚ ਵਧਾਇਆ ਕਦਮ, ਕਾਮਨ ਸਰਵਿਸ ਸੈਂਟਰਾਂ 'ਤੇ ਹੋਵੇਗੀ ਮੁਫ਼ਤ ਡਿਜੀਟਲ ਰਜਿਸਟ੍ਰੇਸ਼ਨ

ਚੰਡੀਗੜ੍ਹ, 18 ਮਈ
-ਕੌਮੀ ਪੱਤ੍ਰਿਕਾ ਬਿਊਰੋ-



ਹਰਿਆਣਾ ਸਰਕਾਰ ਨੇ ਰਾਜ ਭਰ ਦੇ ਕਾਮਨ ਸਰਵਿਸ ਸੈਂਟਰਾਂ (ਸੀ.ਐਸ.ਸੀ.) ਦੇ ਮਾਧਿਅਮ ਰਾਹੀਂ 'ਕਿਸਾਨ ਰਜਿਸਟਰੀ' ਤਿਆਰ ਕਰਨ ਦੇ ਕੰਮ ਵਿੱਚ ਤੇਜ਼ੀ ਲਿਆਉਣ ਦਾ ਫੈਸਲਾ ਕੀਤਾ ਹੈ।

ਰਾਜਸਵ ਅਤੇ ਆਫ਼ਤ ਪ੍ਰਬੰਧਨ ਵਿਭਾਗ ਦੀ ਵਿੱਤ ਕਮਿਸ਼ਨਰ ਡਾ. ਸੁਮਿਤਾ ਮਿਸ਼ਰਾ ਨੇ ਦੱਸਿਆ ਕਿ ਇਸ ਪਹਿਲਕਦਮੀ ਨਾਲ ਸਰਕਾਰੀ ਸੇਵਾਵਾਂ ਸਿੱਧੀਆਂ ਪੇਂਡੂ ਪੱਧਰ 'ਤੇ ਪਹੁੰਚਣਗੀਆਂ। ਕੇਂਦਰ ਸਰਕਾਰ ਦੀ 'ਐਗਰੀਸਟੈਕ' ਪਹਿਲ ਅਤੇ 'ਪੀਐਮ-ਕਿਸਾਨ' ਯੋਜਨਾ ਦੇ ਤਹਿਤ, ਕਿਸਾਨ ਰਜਿਸਟ੍ਰੇਸ਼ਨ ਅਤੇ ਈ-ਕੇਵਾਈਸੀ ਦਾ ਕੰਮ ਹੁਣ ਪ੍ਰਦੇਸ਼ ਭਰ ਵਿੱਚ ਸੀ.ਐਸ.ਸੀ. ਦੇ ਮਾਧਿਅਮ ਰਾਹੀਂ ਕੀਤਾ ਜਾਵੇਗਾ। ਇਹ ਡੇਟਾਬੇਸ ਯੋਜਨਾਵਾਂ, ਸਬਸਿਡੀਆਂ ਅਤੇ ਸੇਵਾਵਾਂ ਨੂੰ ਸਿੱਧਾ ਲਕਸ਼ਿਤ ਲਾਭਪਾਤਰੀਆਂ ਤੱਕ ਪਹੁੰਚਾਉਣ ਦੇ ਯੋਗ ਬਣਾਏਗਾ, ਜਿਸ ਨਾਲ ਕਿਸਾਨ ਭਲਾਈ ਅਤੇ ਖੇਤੀਬਾੜੀ ਯੋਜਨਾਬੰਦੀ ਨੂੰ ਮਜ਼ਬੂਤੀ ਮਿਲੇਗੀ।

ਉੱਤਰ ਪ੍ਰਦੇਸ਼, ਮਹਾਰਾਸ਼ਟਰ, ਮੱਧ ਪ੍ਰਦੇਸ਼, ਗੁਜਰਾਤ, ਰਾਜਸਥਾਨ, ਤਾਮਿਲਨਾਡੂ, ਅਸਾਮ ਅਤੇ ਓਡੀਸ਼ਾ ਸਮੇਤ ਕਈ ਰਾਜਾਂ ਵਿੱਚ 2.8 ਕਰੋੜ ਤੋਂ ਵੱਧ ਕਿਸਾਨਾਂ ਦੀ ਸਫਲਤਾਪੂਰਵਕ ਰਜਿਸਟ੍ਰੇਸ਼ਨ ਪਹਿਲਾਂ ਹੀ ਕੀਤੀ ਜਾ ਚੁੱਕੀ ਹੈ। ਇਸੇ ਤਜ਼ਰਬੇ ਦਾ ਲਾਭ ਉਠਾਉਂਦੇ ਹੋਏ, ਹਰਿਆਣਾ ਆਪਣੀ ਕਿਸਾਨ ਰਜਿਸਟਰੀ ਪ੍ਰਕਿਰਿਆ ਨੂੰ ਵਧੇਰੇ ਤੇਜ਼ ਅਤੇ ਸਰਲ ਬਣਾਉਣਾ ਚਾਹੁੰਦਾ ਹੈ।

ਵਿੱਤ ਕਮਿਸ਼ਨਰ ਦੇ ਨਿਰਦੇਸ਼ਾਂ ਦੀ ਪਾਲਣਾ ਕਰਦੇ ਹੋਏ ਹਾਲ ਹੀ ਵਿੱਚ ਹੋਈ ਉੱਚ ਪੱਧਰੀ ਮੀਟਿੰਗ ਵਿੱਚ ਇਹ ਸਪੱਸ਼ਟ ਕੀਤਾ ਗਿਆ ਕਿ ਪੀਐਮ-ਕਿਸਾਨ ਈ-ਕੇਵਾਈਸੀ ਲਈ ਪ੍ਰਤੀ ਕਿਸਾਨ 15 ਰੁਪਏ ਦੀ ਸੇਵਾ ਫੀਸ ਪੂਰੀ ਤਰ੍ਹਾਂ ਸਰਕਾਰ ਦੁਆਰਾ ਸਹਿਣ ਕੀਤੀ ਜਾਵੇਗੀ। ਕਿਸਾਨਾਂ ਤੋਂ ਕੋਈ ਵੀ ਫੀਸ ਨਹੀਂ ਲਈ ਜਾਵੇਗੀ। ਸੀ.ਐਸ.ਸੀ. ਕੇਂਦਰਾਂ ਨੂੰ ਨਿਰਦੇਸ਼ ਦਿੱਤੇ ਗਏ ਹਨ ਕਿ ਉਹ ਕਿਸਾਨਾਂ ਤੋਂ ਕਿਸੇ ਵੀ ਕਿਸਮ ਦੀ ਰਾਸ਼ੀ ਨਾ ਵਸੂਲਣ।

ਡਾ. ਮਿਸ਼ਰਾ ਨੇ ਕਿਹਾ ਕਿ ਇਸ ਪਹਿਲਕਦਮੀ ਨਾਲ ਕਿਸਾਨਾਂ ਨੂੰ ਬਾਰ-ਬਾਰ ਸਰਕਾਰੀ ਦਫ਼ਤਰਾਂ ਦੇ ਚੱਕਰ ਕੱਟਣ ਦੀ ਲੋੜ ਨਹੀਂ ਪਵੇਗੀ। ਡਿਜੀਟਲ ਵੈਰੀਫਿਕੇਸ਼ਨ, ਕਿਸਾਨ ਰਜਿਸਟਰੀ ਅਪਡੇਟ ਅਤੇ ਪੀਐਮ-ਕਿਸਾਨ ਨਾਲ ਜੁੜੀਆਂ ਸੇਵਾਵਾਂ ਹੁਣ ਪਿੰਡ ਦੇ ਪੱਧਰ 'ਤੇ ਹੀ ਉਪਲਬਧ ਹੋਣਗੀਆਂ, ਜਿਸ ਨਾਲ ਸਰਕਾਰੀ ਯੋਜਨਾਵਾਂ ਵਿੱਚ ਵਧੇਰੇ ਪਾਰਦਰਸ਼ਤਾ ਆਵੇਗੀ ਅਤੇ ਇਹ ਯਕੀਨੀ ਹੋਵੇਗਾ ਕਿ ਲਾਭ ਸਿੱਧਾ ਅਤੇ ਕੁਸ਼ਲਤਾ ਨਾਲ ਯੋਗ ਕਿਸਾਨਾਂ ਤੱਕ ਪਹੁੰਚੇ।

ਪ੍ਰਦੇਸ਼ ਸਰਕਾਰ ਦੀ ਇਸ ਪਹਿਲ ਨੂੰ ਹਰਿਆਣਾ ਦੇ ਕਿਸਾਨਾਂ ਲਈ ਡਿਜੀਟਲ ਸੁਸ਼ਾਸਨ ਅਤੇ ਸਰਲ ਸੇਵਾ ਵੰਡ ਦੀ ਦਿਸ਼ਾ ਵਿੱਚ ਇੱਕ ਵੱਡਾ ਕਦਮ ਮੰਨਿਆ ਜਾ ਰਿਹਾ ਹੈ।

# ਮਹਿਲਾਵਾਂ ਅਤੇ ਬੱਚੇ ਸਮਾਜ ਦਾ ਆਧਾਰ, ਇਨ੍ਹਾਂ ਨੂੰ ਸਸ਼ਕਤ ਕਰਨਾ ਸਰਕਾਰ ਦੀ ਪਹਿਲ : ਮੁੱਖ ਮੰਤਰੀ

ਚੰਡੀਗੜ੍ਹ, 18 ਮਈ
-ਕੌਮੀ ਪੱਤ੍ਰਿਕਾ ਬਿਊਰੋ-

ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਮਹਿਲਾਵਾਂ ਅਤੇ ਬੱਚੇ ਕਿਸੇ ਵੀ ਸਮਾਜ ਅਤੇ ਦੇਸ਼ ਦਾ ਆਧਾਰ ਹੁੰਦੇ ਹਨ, ਇਨ੍ਹਾਂ ਨੂੰ ਸਸ਼ਕਤ ਕੀਤੇ ਬਿਨਾਂ ਰਾਸ਼ਟਰ ਸਸ਼ਕਤ ਨਹੀਂ ਹੋ ਸਕਦਾ। ਮਹਿਲਾਵਾਂ ਅਤੇ ਬੱਚਿਆਂ ਨੂੰ ਸਸ਼ਕਤ ਕਰਨਾ ਹਰਿਆਣਾ ਸਰਕਾਰ ਦੀਆਂ ਪ੍ਰਾਥਮਿਕਤਾ ਵਿੱਚ ਸ਼ਾਮਲ ਹੈ। ਮਹਿਲਾ ਅਤੇ ਬਾਲ ਵਿਕਾਸ ਵਿਭਾਗ ਅਗਲੇ 5 ਸਾਲਾਂ ਦੀ ਆਪਣੀ ਕਾਰਜ ਯੋਜਨਾ ਇਸੇ ਤੱਥ ਨੂੰ ਧਿਆਨ ਵਿੱਚ ਰੱਖ ਕੇ ਤਿਆਰ ਕਰੇ।

ਮੁੱਖ ਮੰਤਰੀ ਨੇ ਇਹ ਨਿਰਦੇਸ਼ 'ਹਰਿਆਣਾ ਵਿਜ਼ਨ-2047' ਦੇ ਅਧੀਨ ਮਹਿਲਾ ਅਤੇ ਬਾਲ ਵਿਕਾਸ ਵਿਭਾਗ ਦੀ ਅਗਾਮੀ 5 ਸਾਲਾ ਕਾਰਜ ਯੋਜਨਾ ਦੀ ਸਮੀਖਿਆ ਦੌਰਾਨ ਦਿੱਤੇ।

ਉਨ੍ਹਾਂ ਨੇ ਕਿਹਾ ਕਿ ਹਰਿਆਣਾ ਸਰਕਾਰ ਦਾ ਮਕਸਦ ਇੱਕ ਅਜਿਹੇ ਸਮਾਵੇਸ਼ੀ ਅਤੇ ਨਿਆਂਪੂਰਨ ਸਮਾਜ ਦਾ ਨਿਰਮਾਣ ਕਰਨਾ ਹੈ ਜਿੱਥੇ ਮਹਿਲਾਵਾਂ ਨੂੰ ਸਨਮਾਨਜਨਕ ਜੀਵਨ ਜਿਊਣ ਦਾ ਅਧਿਕਾਰ ਹੋਵੇ, ਉਹ ਹਿੰਸਾ ਤੋਂ ਮੁਕਤ ਹੋਣ ਅਤੇ ਜਿੱਥੇ ਹਰ ਬੱਚੇ ਨੂੰ ਸੁਰੱਖਿਅਤ, ਸਿਹਤਮੰਦ ਅਤੇ ਸਹਾਇਕ ਵਾਤਾਵਰਣ ਵਿੱਚ ਪਾਲਿਆ-ਪੋਸਿਆ ਜਾਵੇ, ਨਾਲ ਹੀ ਵਿਕਾਸ ਅਤੇ ਤਰੱਕੀ ਦੇ ਪੂਰੇ ਮੌਕੇ ਪ੍ਰਾਪਤ ਹੋਣ।

ਮੁੱਖ ਮੰਤਰੀ ਨੇ ਕਿਹਾ ਕਿ ਹਰ ਬੱਚਾ ਆਪਣੀ ਉਮਰ ਦੇ ਅਨੁਸਾਰ ਸਰੀਰਕ ਅਤੇ ਮਾਨਸਿਕ ਮਾਈਲਸਟੋਨ ਪੂਰੇ ਕਰ ਰਿਹਾ ਹੈ ਜਾਂ ਨਹੀਂ, ਇਹ ਜਾਂਚਣ ਲਈ ਮਹਿਲਾ ਅਤੇ ਬਾਲ ਵਿਕਾਸ ਵਿਭਾਗ ਬੱਚਿਆਂ ਲਈ ਵੱਖ-ਵੱਖ ਗਤੀਵਿਧੀਆਂ ਸ਼ੁਰੂ ਕਰਵਾਏ। ਹਰ ਉਮਰ ਵਰਗ ਦੇ ਬੱਚਿਆਂ ਲਈ 'ਬੇਬੀ ਸ਼ੋਅ' ਅਤੇ ਸਿਹਤ ਮੁਕਾਬਲੇ ਸ਼ੁਰੂ ਕਰਵਾਏ ਜਾਣ, ਜਿਨ੍ਹਾਂ ਦੇ ਜੇਤੂ ਬੱਚਿਆਂ ਨੂੰ ਸਨਮਾਨਿਤ ਵੀ ਕੀਤਾ ਜਾਵੇ। ਸਮਾਜ, ਪਰਿਵਾਰ ਅਤੇ ਸਰਕਾਰ ਦੇ ਨੁਮਾਇੰਦਿਆਂ ਨੂੰ ਵੀ ਅਜਿਹੇ ਪ੍ਰੋਗਰਾਮਾਂ ਵਿੱਚ ਸ਼ਾਮਲ ਕੀਤਾ ਜਾਵੇ। ਇਨ੍ਹਾਂ ਗਤੀਵਿਧੀਆਂ ਨਾਲ ਮਾਵਾਂ ਵਿੱਚ ਬੱਚਿਆਂ ਦੀ ਸਿਹਤ ਨੂੰ ਲੈ ਕੇ ਜਾਗਰੂਕਤਾ ਆਵੇਗੀ। ਉਨ੍ਹਾਂ ਕਿਹਾ ਕਿ ਬੱਚਿਆਂ ਦੇ ਜੀਵਨ ਦੇ ਪਹਿਲੇ 6 ਸਾਲ ਬਹੁਤ ਮਹੱਤਵਪੂਰਨ ਹੁੰਦੇ ਹਨ, ਜਿਨ੍ਹਾਂ 'ਤੇ ਉਨ੍ਹਾਂ ਦਾ ਪੂਰਾ ਭਵਿੱਖ ਨਿਰਭਰ ਕਰਦਾ ਹੈ।

ਸ੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਮਹਿਲਾਵਾਂ ਦੀ ਸਿੱਖਿਆ, ਸਿਹਤ ਅਤੇ ਜਾਗਰੂਕਤਾ ਤੋਂ ਬਿਨਾਂ ਆਦਰਸ਼ ਪਰਿਵਾਰ ਅਤੇ ਸਿਹਤਮੰਦ ਸਮਾਜ ਦੀ ਕਲਪਨਾ ਨਹੀਂ ਕੀਤੀ ਜਾ ਸਕਦੀ, ਕਿਉਂਕਿ ਬੱਚਿਆਂ ਦੀ ਸਰੀਰਕ ਅਤੇ ਮਾਨਸਿਕ ਸਿਹਤ ਵੀ ਮਾਵਾਂ ਦੇ ਹੱਥਾਂ ਵਿੱਚ ਹੀ ਸੁਰੱਖਿਅਤ ਹੋ ਸਕਦੀ ਹੈ। ਇਸ ਲਈ ਮਹਿਲਾਵਾਂ ਨੂੰ ਵੱਧ ਤੋਂ ਵੱਧ ਜਾਗਰੂਕ ਕਰਨ ਦੀ ਰਣਨੀਤੀ ਨੂੰ ਵੀ ਵਿਭਾਗ ਆਪਣੀ ਅਗਾਮੀ ਕਾਰਜ ਯੋਜਨਾ ਵਿੱਚ ਸ਼ਾਮਲ ਕਰੇ। ਮਹਿਲਾਵਾਂ ਨੂੰ ਚੰਗਾ ਮਾਹੌਲ ਦੇਣ ਅਤੇ ਸਸ਼ਕਤ ਕਰਨ ਲਈ ਹਰ ਜ਼ਿਲ੍ਹੇ ਵਿੱਚ ਕੰਮਕਾਜੀ ਮਹਿਲਾਵਾਂ ਲਈ 'ਵਰਕਿੰਗ ਵੂਮੈਨ ਹੋਸਟਲ' ਅਤੇ ਉਨ੍ਹਾਂ ਦੇ ਬੱਚਿਆਂ ਲਈ 'ਕਰੈਚ ਸੈਂਟਰ' ਵੀ ਖੋਲ੍ਹੇ ਜਾਣ।

ਮੁੱਖ ਮੰਤਰੀ ਨੇ ਕਿਹਾ ਕਿ ਮਹਿਲਾ ਅਤੇ ਬਾਲ ਵਿਕਾਸ ਵਿਭਾਗ ਧੀਆਂ ਦੀ ਜਨਮ ਦਰ ਵਧਾਉਣ ਲਈ ਸੂਬੇ ਭਰ ਵਿੱਚ ਮਹਿਲਾਵਾਂ ਦਰਮਿਆਨ ਜਨ-ਜਾਗਰੂਕਤਾ ਦੀ ਵਿਸ਼ੇਸ਼ ਕਾਰਜ ਯੋਜਨਾ ਤਿਆਰ ਕਰੇ। ਉਨ੍ਹਾਂ ਕਿਹਾ ਕਿ ਹਰਿਆਣਾ ਵਿੱਚ ਲਿੰਗ ਅਨੁਪਾਤ ਦੀ ਦਰ ਨੂੰ ਰਾਸ਼ਟਰੀ ਔਸਤ 933 ਤੋਂ ਵੀ ਵੱਧ ਕਰਨ ਦਾ ਟੀਚਾ ਨਿਰਧਾਰਿਤ ਕਰਕੇ ਇਸ ਨੂੰ ਪ੍ਰਾਪਤ ਕਰਨ ਦੀ ਦਿਸ਼ਾ ਵਿੱਚ ਠੋਸ ਕਾਰਜ ਯੋਜਨਾ ਤਿਆਰ ਕੀਤੀ ਜਾਵੇ।

ਉਨ੍ਹਾਂ ਨੇ ਮਹਿਲਾਵਾਂ ਅਤੇ ਬੱਚਿਆਂ ਲਈ ਅਨੀਮੀਆ ਦੀ ਜਾਂਚ ਦਾ ਘੇਰਾ ਵਧਾਉਣ ਅਤੇ ਲੋੜ ਅਨੁਸਾਰ ਸਪਲੀਮੈਂਟਸ ਮੁਹੱਈਆ ਕਰਵਾਉਣ ਦੇ ਵੀ ਨਿਰਦੇਸ਼ ਦਿੱਤੇ। ਉਨ੍ਹਾਂ ਨੇ 3 ਸਾਲ ਤੱਕ ਦੇ ਬੱਚਿਆਂ ਅਤੇ ਦੁੱਧ ਚੁੰਘਾਉਣ ਵਾਲੀਆਂ ਮਾਵਾਂ ਨੂੰ ਵਿਸ਼ੇਸ਼ ਪੋਸ਼ਣ ਸਮੱਗਰੀ ਪ੍ਰਦਾਨ ਕਰਨ ਸਬੰਧੀ ਵੀ ਹਦਾਇਤਾਂ ਦਿੱਤੀਆਂ।

ਸ੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਹਰਿਆਣਾ ਵਿੱਚ ਜ਼ਿਲ੍ਹਾਵਾਰ 'ਵੂਮੈਨ ਇੰਪਾਵਰ ਇੰਡੈਕਸ' ਬਣਾਇਆ ਜਾਵੇ ਤਾਂ ਜੋ ਪਤਾ ਲੱਗ ਸਕੇ।

# ਜ਼ਮੀਨੀ ਝਗੜਿਆਂ ਦੇ ਨਿਪਟਾਰੇ ਲਈ ਸਾਰੇ ਜ਼ਿਲ੍ਹਿਆਂ ਵਿੱਚ ਲਗਾਈਆਂ ਜਾਣ ਮਾਲ ਲੋਕ ਅਦਾਲਤਾਂ : ਮੁੱਖ ਮੰਤਰੀ

ਚੰਡੀਗੜ੍ਹ, 18 ਮਈ
-ਕੌਮੀ ਪੱਤ੍ਰਿਕਾ ਬਿਊਰੋ-




ਹਰਿਆਣਾ ਵਿੱਚ ਜ਼ਮੀਨ ਨਾਲ ਸਬੰਧਤ ਝਗੜਿਆਂ ਦੇ ਤੁਰੰਤ ਨਿਪਟਾਰੇ ਲਈ ਮਾਲ ਲੋਕ ਅਦਾਲਤਾਂ ਲਗਾਈਆਂ ਜਾਣਗੀਆਂ, ਜਿਨ੍ਹਾਂ ਰਾਹੀਂ ਡਿਪਟੀ ਕਮਿਸ਼ਨਰ, ਐੱਸ.ਡੀ.ਐੱਮ. ਅਤੇ ਤਹਿਸੀਲਦਾਰ ਵਿਵਾਦਤ ਧਿਰਾਂ ਵਿਚਕਾਰ ਆਪਸੀ ਸਹਿਮਤੀ ਨਾਲ ਝਗੜਿਆਂ ਦਾ ਸਮਾਂਬੱਧ ਢੰਗ ਨਾਲ ਹੱਲ ਕਰਵਾਉਣਗੇ।ਇਹ ਨਿਰਦੇਸ਼ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਮਾਲ ਅਤੇ ਆਪਦਾ ਪ੍ਰਬੰਧਨ ਵਿਭਾਗ ਵੱਲੋਂ 'ਵਿਕਸਿਤ ਭਾਰਤ-2047' ਦੇ ਤਹਿਤ ਤਿਆਰ ਕੀਤੇ ਗਏ 5 ਸਾਲਾ ਲਾਗੂਕਰਨ ਰੋਡਮੈਪ ਅਤੇ ਕਾਰਜ ਯੋਜਨਾ ਦੀ ਸਮੀਖਿਆ ਕਰਦੇ ਹੋਏ ਦਿੱਤੇ।

ਬੈਠਕ ਵਿੱਚ ਮਾਲ ਅਤੇ ਆਪਦਾ ਪ੍ਰਬੰਧਨ ਵਿਭਾਗ ਦੀ ਵਧੀਕ ਮੁੱਖ ਸਕੱਤਰ ਅਤੇ ਐੱਫ.ਸੀ.ਆਰ. ਡਾ. ਸੁਮਿਤਾ ਮਿਸ਼ਰਾ ਨੇ ਦੱਸਿਆ ਕਿ ਮਾਲ ਸਬੰਧੀ ਝਗੜਿਆਂ ਦੇ ਜਲਦੀ ਹੱਲ ਲਈ ਵਿਭਾਗ ਵੱਲੋਂ ਡਿਜੀਟਲ ਕੋਰਟ ਕੇਸ ਮੈਨੇਜਮੈਂਟ ਸਿਸਟਮ ਲਾਗੂ ਕੀਤਾ ਜਾਵੇਗਾ ਤਾਂ ਜੋ ਵਿਵਾਦਾਂ ਦਾ ਪਹਿਲ ਦੇ ਆਧਾਰ 'ਤੇ ਨਿਪਟਾਰਾ ਕੀਤਾ ਜਾ ਸਕੇ। ਇਸ 'ਤੇ ਮੁੱਖ ਮੰਤਰੀ ਨੇ ਨਿਰਦੇਸ਼ ਦਿੱਤੇ ਕਿ ਭੂਮੀ ਵਿਵਾਦਾਂ ਦੇ ਤੇਜ਼ੀ ਨਾਲ ਹੱਲ ਲਈ ਰਾਸ਼ਟਰੀ ਲੋਕ ਅਦਾਲਤ ਦੀ ਤਰਜ਼ 'ਤੇ ਮਾਲ ਲੋਕ ਅਦਾਲਤਾਂ ਲਗਾਈਆਂ ਜਾਣ, ਜਿਸ ਵਿੱਚ ਸਬੰਧਤ ਅਧਿਕਾਰੀ ਦੋਵਾਂ ਧਿਰਾਂ ਦੀ ਆਪਸੀ ਸਹਿਮਤੀ ਨਾਲ ਫੈਸਲਾ ਕਰਵਾਉਣ। ਇਸ ਲਈ ਸਾਰੇ ਜ਼ਿਲ੍ਹਿਆਂ ਵਿੱਚ ਪਟਵਾਰੀਆਂ ਰਾਹੀਂ ਲੋਕਾਂ ਨੂੰ ਸੂਚਿਤ ਅਤੇ ਜਾਗਰੂਕ ਕੀਤਾ ਜਾਵੇ ਅਤੇ ਅਧਿਕਾਰੀ ਟੀਚਾ ਨਿਰਧਾਰਤ ਕਰਕੇ ਕੰਮ ਕਰਨ ਤਾਂ ਜੋ ਆਮ ਜਨਤਾ ਨੂੰ ਰਾਹਤ ਮਿਲ ਸਕੇ।

ਮੁੱਖ ਮੰਤਰੀ ਨੇ ਕਿਹਾ ਕਿ ਮਾਲ ਵਿਭਾਗ ਵਿੱਚ ਰਵਾਇਤੀ ਤਰੀਕਿਆਂ ਤੋਂ ਹਟ ਕੇ ਨਵੀਆਂ ਆਨਲਾਈਨ ਸੇਵਾਵਾਂ ਸ਼ੁਰੂ ਕੀਤੀਆਂ ਜਾਣ ਤਾਂ ਜੋ ਆਮ ਲੋਕਾਂ ਨੂੰ ਸਾਰੀਆਂ ਸਰਕਾਰੀ ਸੇਵਾਵਾਂ ਪਾਰਦਰਸ਼ੀ ਅਤੇ ਸਰਲ ਤਰੀਕੇ ਨਾਲ ਮਿਲ ਸਕਣ। ਉਨ੍ਹਾਂ ਕਿਹਾ ਕਿ ਸਾਰੇ ਨਵੇਂ ਨਿਯੁਕਤ ਪਟਵਾਰੀਆਂ ਲਈ ਲੈਪਟਾਪ ਅਤੇ ਟੈਬਲੇਟ ਖਰੀਦੇ ਜਾਣ ਅਤੇ ਹਾਈ-ਸਪੀਡ ਇੰਟਰਨੈੱਟ ਸੇਵਾਵਾਂ ਉਪਲਬਧ ਕਰਵਾਈਆਂ ਜਾਣ। ਪਟਵਾਰੀਆਂ ਨੂੰ ਨਵੀਂ ਤਕਨੀਕ ਵਿੱਚ ਮਾਹਰ ਬਣਾਉਣ ਲਈ ਰਾਜ ਪੱਧਰੀ ਸਿਖਲਾਈ ਕੇਂਦਰ ਵੀ ਖੋਲ੍ਹਿਆ ਜਾਵੇ।

ਸ੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਸੂਬੇ ਵਿੱਚ ਸਾਰੀਆਂ ਸਟੈਂਪਾਂ ਦੀ ਵਿਕਰੀ ਈ-ਸਟੈਂਪ ਰਾਹੀਂ ਕੀਤੀ ਜਾਵੇ ਅਤੇ ਇਸ ਨੂੰ 'ਬਲਾਕ-ਚੇਨ' ਅਧਾਰਤ ਬਣਾਉਣ ਦੀ ਦਿਸ਼ਾ ਵਿੱਚ ਕੰਮ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਉਨ੍ਹਾਂ ਵਿਅਕਤੀਆਂ ਲਈ 'ਫੇਸਲੇਸ ਰਜਿਸਟ੍ਰੇਸ਼ਨ' ਦੀ ਸਹੂਲਤ ਸ਼ੁਰੂ ਕੀਤੀ ਜਾਵੇ ਜੋ ਦੂਜੇ ਰਾਜਾਂ ਜਾਂ ਵਿਦੇਸ਼ਾਂ ਵਿੱਚ ਰਹਿੰਦੇ ਹਨ ਅਤੇ ਰਜਿਸਟਰੀ ਲਈ ਖੁਦ ਹਾਜ਼ਰ ਨਹੀਂ ਹੋ ਸਕਦੇ।

ਮੁੱਖ ਮੰਤਰੀ ਵੱਲੋਂ ਪੇਪਰਲੈੱਸ ਰਜਿਸਟ੍ਰੇਸ਼ਨ ਬਾਰੇ ਪੁੱਛਣ 'ਤੇ ਅਧਿਕਾਰੀਆਂ ਨੇ ਦੱਸਿਆ ਕਿ ਹੁਣ ਤੱਕ 4 ਲੱਖ ਰਜਿਸਟ੍ਰੇਸ਼ਨਾਂ ਕੀਤੀਆਂ ਜਾ ਚੁੱਕੀਆਂ ਹਨ ਅਤੇ ਸੂਬੇ ਦੀ ਕਿਸੇ ਵੀ ਤਹਿਸੀਲ ਵਿੱਚ 15 ਦਿਨਾਂ ਤੋਂ ਪੁਰਾਣੀ ਕੋਈ ਵੀ ਅਰਜ਼ੀ ਪੈਂਡਿੰਗ ਨਹੀਂ ਹੈ। ਅਧਿਕਾਰੀਆਂ ਨੇ ਦੱਸਿਆ ਕਿ ਡਾਟਾ ਸਟੋਰੇਜ ਲਈ ਇੱਕ ਅਪਡੇਟਿਡ ਡਾਟਾ ਸੈਂਟਰ ਸਥਾਪਤ ਕੀਤਾ ਜਾ ਰਿਹਾ ਹੈ।

# ਕੁਰੂਕਸ਼ੇਤਰ ਯੂਨੀਵਰਸਿਟੀ 'ਚ ਨਿਊਜ਼ ਲੈਟਰ ਦਾ ਅੰਕ ਜਾਰੀ

ਸ਼ਾਹਬਾਦ ਮਾਰਕੰਡਾ, 18 ਮਈ
-ਕੌਮੀ ਪੱਤ੍ਰਿਕਾ ਬਿਊਰੋ-

ਕੁਰੂਕਸ਼ੇਤਰ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਪ੍ਰੋ. ਸੋਮ ਨਾਥ ਸਚਦੇਵਾ ਦੀ ਅਗਵਾਈ ਹੇਠ ਇੰਸਟੀਚਿਊਟ ਆਫ ਮਾਸ ਕਮਿਊਨੀਕੇਸ਼ਨ ਐਂਡ ਮੀਡੀਆ ਟੈਕਨਾਲੋਜੀ ਵਲੋਂ ਚਲਾਏ ਜਾ ਰਹੇ ਤੇ ਯੂਨੀਵਰਸਿਟੀ ਪ੍ਰੈੱਸ ਵੱਲੋਂ ਪ੍ਰਕਾਸ਼ਿਤ ਕੇ ਯੂ ਨਿਊਜ਼ ਲੈਟਰ ਦਾ ਅੰਕ ਅੱਜ ਇੰਸਟੀਚਿਊਟ ਦੇ ਡਾਇਰੈਕਟਰ ਪ੍ਰੋ. ਮਹਾਂ ਸਿੰਘ ਪੂਨੀਆ ਤੇ ਫੈਕਲਟੀ ਮੈਂਬਰਾ ਦੀ ਮੌਜੂਦਗੀ ਵਿਚ ਜਾਰੀ ਕੀਤਾ ਗਿਆ। ਉਨ੍ਹਾਂ ਨੇ ਸੰਪਾਦਕੀ ਟੀਮ ਨੂੰ ਵਧਾਈ ਦਿੰਦਿਆ ਕਿਹਾ ਕਿ ਕੇ ਯੂ ਨਿਊਜ਼ ਲੈਟਰ ਯੂਨੀਵਰਸਿਟੀ ਦੀਆਂ ਮਾਸਿਕ ਗਤੀਵਿਧੀਆਂ ਪ੍ਰਾਪਤੀਆਂ ਤੇ ਸਿਰਜਣਤਾਮਕ ਪਹਿਲਕਦਮੀਆਂ ਨੂੰ ਰਾਸ਼ਟਰ ਤੇ ਸੂਬੇ ਤਕ ਪਹੁੰਚਾਉਣ ਲਈ ਇਕ ਪ੍ਰਭਾਵਸ਼ਾਲੀ ਮਾਧਿਅਮ ਬਣ ਗਿਆ ਹੈ।

# ਐਸ ਡੀ ਐਮ ਨੇ ਮਰਦਮਸ਼ੁਮਾਰੀ ਦਾ ਜਾਇਜ਼ਾ ਲਿਆ

ਰਤੀਆ, 18 ਮਈ
-ਕੌਮੀ ਪੱਤ੍ਰਿਕਾ ਬਿਊਰੋ-

ਐੱਸ ਡੀ ਐੱਮ ਸੁਰਿੰਦਰ ਸਿੰਘ ਨੇ ਪਿੰਡ ਅਹਰਵਾਂ ਦਾ ਦੌਰਾ ਕਰ ਕੇ ਮਰਦਮਸ਼ੁਮਾਰੀ-2027 ਤਹਿਤ ਜ਼ਮੀਨੀ ਪੱਧਰ 'ਤੇ ਚੱਲ ਰਹੇ ਕੰਮਾਂ ਦੀ ਸਮੀਖਿਆ ਕੀਤੀ ਅਤੇ ਸਬੰਧਤ ਅਧਿਕਾਰੀਆਂ ਨੂੰ ਜ਼ਰੂਰੀ ਦਿਸ਼ਾ-ਨਿਰਦੇਸ਼ ਜਾਰੀ ਕੀਤੇ। ਇਸ ਦੌਰਾਨ ਐੱਸ ਡੀ ਐੱਮ ਨੇ ਅਹਰਵਾਂ ਸਥਿਤ ਸਰਕਾਰੀ ਸਕੂਲ ਵਿੱਚ ਸੁਪਰਵਾਈਜ਼ਰਾਂ ਨਾਲ ਵਿਸ਼ੇਸ਼ ਮੀਟਿੰਗ ਕੀਤੀ।

ਮੀਟਿੰਗ ਵਿੱਚ ਮਕਾਨ ਸੂਚਿਤ ਕੰਮ ਬਾਰੇ ਜਾਣਕਾਰੀ ਹਾਸਲ ਕੀਤੀ। ਉਨ੍ਹਾਂ ਅਧਿਕਾਰੀਆਂ ਨੂੰ ਕਿਹਾ ਕਿ ਹਰ ਇਕ ਮਕਾਨ ਦੀ ਸਹੀ ਜਾਣਕਾਰੀ ਇਕੱਠੀ ਕਰਨਾ ਬਹੁਤ ਜ਼ਰੂਰੀ ਹੈ, ਕਿਉਂਕਿ ਇਹੀ ਡਾਟਾ ਭਵਿੱਖ ਵਿੱਚ ਸਰਕਾਰੀ ਯੋਜਨਾਵਾਂ ਦੀ ਤਿਆਰੀ ਦਾ ਆਧਾਰ ਬਣੇਗਾ। ਐੱਸ ਡੀ ਐੱਮ ਸੁਰਿੰਦਰ ਸਿੰਘ ਨੇ ਆਪਣੇ ਸੰਬੋਧਨ ਦੌਰਾਨ ਕਿਹਾ ਕਿ ਮਰਮਦਸ਼ੁਮਾਰੀ ਦਾ ਪਹਿਲਾ ਪੜਾਅ ਸਭ ਤੋਂ ਅਹਿਮ ਹੁੰਦਾ ਹੈ, ਜਿਸ ਵਿੱਚ ਮਕਾਨ ਲਿਸਟਿੰਗ ਦਾ ਕੰਮ ਕੀਤਾ ਜਾਂਦਾ ਹੈ।

ਉਨ੍ਹਾਂ ਦੱਸਿਆ ਕਿ ਪਹਿਲੀ ਮਈ ਤੋਂ ਜ਼ਿਲ੍ਹੇ ਵਿੱਚ ਇਹ ਕੰਮ ਸ਼ੁਰੂ ਹੋ ਚੁੱਕਾ ਹੈ ਅਤੇ ਇਹ 30 ਮਈ ਤੱਕ ਜਾਰੀ ਰਹੇਗਾ। ਉਨ੍ਹਾਂ ਸਾਰੇ ਸੁਪਰਵਾਈਜ਼ਰਾਂ ਅਤੇ ਗਿਣਤੀਕਾਰਾਂ ਨੂੰ ਸਪੱਸ਼ਟ ਹਦਾਇਤ ਦਿੱਤੀ ਕਿ ਉਹ ਆਪਣੇ ਕੰਮ ਨੂੰ ਪੂਰੀ ਜ਼ਿੰਮੇਵਾਰੀ, ਪਾਰਦਰਸ਼ਤਾ ਅਤੇ ਸਮੇਂ-ਬੱਧ ਢੰਗ ਨਾਲ ਪੂਰਾ ਕਰਨ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਡਾਟਾ ਇਕੱਠਾ ਕਰਨ ਸਮੇਂ ਕਿਸੇ ਵੀ ਤਰ੍ਹਾਂ ਦੀ ਲਾਪ੍ਰਵਾਹੀ ਜਾਂ ਗਲਤੀ ਦੀ ਕੋਈ ਗੁੰਜਾਇਸ਼ ਨਹੀਂ ਹੋਣੀ ਚਾਹੀਦੀ।

ਐੱਸ ਡੀ ਐੱਮ ਨੇ ਕਿਹਾ ਕਿ ਮਰਦਮਸ਼ੁਮਾਰੀ ਸਿਰਫ ਇੱਕ ਸਰਕਾਰੀ ਕਾਰਜ ਨਹੀਂ, ਬਲਕਿ ਦੇਸ਼ ਦੀ ਯੋਜਨਾਬੰਦੀ ਦਾ ਮੂਲ ਆਧਾਰ ਹੈ। ਇਸ ਦੇ ਆਧਾਰ 'ਤੇ ਹੀ ਭਵਿੱਖ ਵਿੱਚ ਵਿਕਾਸ ਯੋਜਨਾਵਾਂ ਤਿਆਰ ਕੀਤੀਆਂ ਜਾਂਦੀਆਂ ਹਨ ਅਤੇ ਵੱਖ-ਵੱਖ ਖੇਤਰਾਂ ਵਿੱਚ ਸਰੋਤਾਂ ਦੀ ਵੰਡ ਕੀਤੀ ਜਾਂਦੀ ਹੈ।

ਇਸ ਮੌਕੇ ਐੱਸ ਡੀ ਐੱਮ ਨੇ ਮੌਕੇ 'ਤੇ ਮੌਜੂਦ ਮੁਲਾਜ਼ਮਾਂ ਨਾਲ ਗੱਲਬਾਤ ਕਰ ਕੇ ਉਨ੍ਹਾਂ ਨੂੰ ਆ ਰਹੀਆਂ ਸਮੱਸਿਆਵਾਂ ਬਾਰੇ ਜਾਣਕਾਰੀ ਪ੍ਰਾਪਤ ਕੀਤੀ। ਉਨ੍ਹਾਂ ਮੁਲਾਜ਼ਮਾਂ ਨੂੰ ਭਰੋਸਾ ਦਿੱਤਾ ਕਿ ਪ੍ਰਸ਼ਾਸਨ ਵੱਲੋਂ ਹਰ ਸੰਭਵ ਸਹਾਇਤਾ ਦਿੱਤੀ ਜਾਵੇਗੀ ਤਾਂ ਜੋ ਮਰਦਮਸ਼ੁਮਾਰੀ ਦਾ ਕੰਮ ਬਿਨਾਂ ਕਿਸੇ ਰੁਕਾਵਟ ਦੇ ਪੂਰਾ ਕੀਤਾ ਜਾ ਸਕੇ।

# ਮੋਗਾ ਦੀ ਸਿਆਸਤ ਵਿਚ ਵੱਡੀ ਹਲਚਲ, ਇਸ ਚੋਟੀ ਦੇ ਆਗੂ ਨੇ ਸਭ ਨੂੰ ਕਰ 'ਤਾ ਹੈਰਾਨ

**ਕੌਮੀ ਪਤ੍ਰਿਕਾ**

ਮੋਗਾ 18 ਮਈ। ਵਿਧਾਨ ਸਭਾ ਹਲਕਾ ਮੋਗਾ ਵਿਚ ਇੰਡੀਅਨ ਨੈਸ਼ਨਲ ਕਾਂਗਰਸ ਦਾ ਕਾਫਲਾ ਦਿਨੋਂ ਦਿਨ ਵੱਡਾ ਹੁੰਦਾ ਜਾ ਰਿਹਾ ਹੈ। ਹਲਕਾ ਇੰਚਾਰਜ ਮਾਲਵਿਕਾ ਸੂਦ ਵੱਲੋਂ ਲਗਾਤਾਰ ਕੀਤੀਆਂ ਜਾ ਰਹੀਆਂ ਸਰਗਰਮੀਆਂ ਅਤੇ ਲੋਕਾਂ ਨਾਲ ਨਿਭਾਈ ਜਾ ਰਹੀ ਨਜ਼ਦੀਕੀ ਕਾਰਨ ਵਿਰੋਧੀ ਪਾਰਟੀਆਂ ਦੇ ਆਗੂ ਅਤੇ ਵਰਕਰ ਕਾਂਗਰਸ ਵਿਚ ਸ਼ਾਮਲ ਹੋ ਰਹੇ ਹਨ। ਮਾਲਵਿਕਾ ਸੂਦ ਦੀ ਅਗਵਾਈ ਹੇਠ ਪਾਰਟੀ ਨੂੰ ਮਜ਼ਬੂਤੀ ਮਿਲ ਰਹੀ ਹੈ ਅਤੇ ਇਹ ਸਿਲਸਿਲਾ ਲਗਾਤਾਰ ਜਾਰੀ ਹੈ। ਇਸੇ ਤਹਿਤ ਅੱਜ ਕਾਂਗਰਸ ਪਾਰਟੀ ਨੂੰ ਵੱਡੀ ਸਫਲਤਾ ਉਸ ਵੇਲੇ ਮਿਲੀ ਜਦੋਂ ਨਗਰ ਨਿਗਮ ਮੋਗਾ ਦੇ ਸਾਬਕਾ ਮੇਅਰ ਬਲਜੀਤ ਸਿੰਘ ਚਾਨੀ ਨੇ 'ਆਪ' ਨੂੰ ਛੱਡ ਕੇ ਕਾਂਗਰਸ ਪਾਰਟੀ ਦਾ ਪੱਲਾ ਫੜ ਲਿਆ। ਬਲਜੀਤ ਸਿੰਘ ਚਾਨੀ ਪਹਿਲਾਂ ਆਮ ਆਦਮੀ ਪਾਰਟੀ ਵਲੋਂ ਨਗਰ ਨਿਗਮ ਮੋਗਾ ਦੇ ਮੇਅਰ ਰਹਿ ਚੁੱਕੇ ਹਨ ਅਤੇ ਇਲਾਕੇ ਵਿਚ ਆਪਣੀ ਵੱਖਰੀ ਪਛਾਣ ਰੱਖਦੇ ਹਨ। ਇਸ ਮੌਕੇ ਮਾਲਵਿਕਾ ਸੂਦ ਨੇ ਬਲਜੀਤ ਸਿੰਘ ਚਾਨੀ ਦਾ ਗਰਮਜੋਸ਼ੀ ਨਾਲ ਸਵਾਗਤ ਕਰਦੇ ਹੋਏ ਉਨ੍ਹਾਂ ਨੂੰ ਸਿਰੋਪਾਓ ਪਾ ਕੇ ਪਾਰਟੀ ਵਿਚ ਸ਼ਾਮਲ ਕੀਤਾ। ਇਸ ਦੇ ਨਾਲ ਹੀ ਉਨ੍ਹਾਂ ਨੂੰ ਨਗਰ ਨਿਗਮ ਮੋਗਾ ਦੇ ਵਾਰਡ ਨੰਬਰ 8 ਦਾ ਇੰਚਾਰਜ ਵੀ ਨਿਯੁਕਤ ਕੀਤਾ ਗਿਆ। ਮਾਲਵਿਕਾ ਸੂਦ ਨੇ ਕਿਹਾ ਕਿ ਕਾਂਗਰਸ ਪਾਰਟੀ ਆਪਣੇ ਆਗੂਆਂ ਅਤੇ ਵਰਕਰਾਂ ਨੂੰ ਪੂਰਾ ਮਾਣ-ਸਨਮਾਨ ਦਿੰਦੀ ਹੈ ਅਤੇ ਜੋ ਵੀ ਪਾਰਟੀ ਵਿਚ ਸ਼ਾਮਲ ਹੁੰਦਾ ਹੈ, ਉਸਦੀ ਕਦਰ ਕੀਤੀ ਜਾਂਦੀ ਹੈ। ਇਸ ਮੌਕੇ ਹੋਰ ਵੀ ਕਈ ਪ੍ਰਮੁੱਖ ਆਗੂ ਹਾਜ਼ਰ ਸਨ, ਜਿਨ੍ਹਾਂ ਵਿਚ ਬਹਾਦੁਰ ਸਿੰਘ ਗਿੱਲ, ਜਰਨੈਲ ਸਿੰਘ, ਗੋਗੀ ਦੌਧਰੀਆ, ਬਲਜਿੰਦਰ ਸਿੰਘ ਫਿੰਡੀ, ਮੇਹਰ ਸਿੰਘ ਰਾਮਾ, ਚਰਨਜੀਤ ਸਿੰਘ, ਸੁਰਿੰਦਰ ਬਾਵਾ ਅਤੇ ਨੂਰ



ਧਾਲੀਵਾਲ ਸ਼ਾਮਲ ਸਨ। ਦੂਜੇ ਪਾਸੇ ਗੱਲਬਾਤ ਕਰਦਿਆਂ ਸਾਬਕਾ ਮੇਅਰ ਬਲਜੀਤ ਸਿੰਘ ਚਾਨੀ ਨੇ ਕਿਹਾ ਕਿ ਉਹ ਕਾਂਗਰਸ ਪਾਰਟੀ ਦੀਆਂ ਨੀਤੀਆਂ ਤੋਂ ਪ੍ਰਭਾਵਿਤ ਹੋ ਕੇ ਇਸ ਵਿਚ ਸ਼ਾਮਲ ਹੋਏ ਹਨ। ਉਨ੍ਹਾਂ ਕਿਹਾ ਕਿ ਕਾਂਗਰਸ ਹੀ ਇਕ ਅਜਿਹੀ ਪਾਰਟੀ ਹੈ ਜੋ ਲੋਕਾਂ ਦੇ ਹੱਕਾਂ ਲਈ ਖੜੀ ਰਹਿੰਦੀ ਹੈ। ਉਨ੍ਹਾਂ ਭਰੋਸਾ ਦਿੱਤਾ ਕਿ ਉਹ ਪਾਰਟੀ ਨੂੰ ਮਜ਼ਬੂਤ ਕਰਨ ਲਈ ਦਿਨ-ਰਾਤ ਮਿਹਨਤ ਕਰਨਗੇ ਅਤੇ ਕਾਂਗਰਸ ਦੀਆਂ ਨੀਤੀਆਂ ਨੂੰ ਘਰ-ਘਰ ਤੱਕ ਪਹੁੰਚਾਉਣਗੇ। ਮਾਲਵਿਕਾ ਸੂਦ ਨੇ ਅੱਗੇ ਕਿਹਾ ਕਿ ਦਿਨੋਂ ਦਿਨ ਕਾਂਗਰਸ ਦੇ ਪਰਿਵਾਰ ਵਿਚ ਹੋ ਰਿਹਾ ਵਾਧਾ 2027 ਦੀਆਂ ਪੰਜਾਬ ਵਿਧਾਨ ਸਭਾ ਚੋਣਾਂ ਅਤੇ ਮੋਗਾ ਨਗਰ ਨਿਗਮ ਚੋਣਾਂ ਲਈ ਬਹੁਤ ਹੀ ਸ਼ੁਭ ਸੰਕੇਤ ਹਨ। ਉਨ੍ਹਾਂ ਨੇ ਦਾਅਵਾ ਕੀਤਾ ਕਿ ਆਉਣ ਵਾਲੇ ਸਮੇਂ ਵਿਚ ਪੰਜਾਬ ਵਿਚ ਕਾਂਗਰਸ ਪਾਰਟੀ ਇਕ ਵਾਰ ਫਿਰ ਮਜ਼ਬੂਤ ਸਥਿਤੀ ਵਿਚ ਆਵੇਗੀ ਅਤੇ ਲੋਕਾਂ ਦੀਆਂ ਉਮੀਦਾਂ 'ਤੇ ਖਰਾ ਉਤਰੂਗੀ। ਇਸ ਤਰ੍ਹਾਂ ਮੋਗਾ ਵਿਚ ਕਾਂਗਰਸ ਪਾਰਟੀ ਦੀ ਮਜ਼ਬੂਤੀ ਵਧ ਰਹੀ ਹੈ ਅਤੇ ਆਉਣ ਵਾਲੇ ਚੋਣੀ ਸਮੇਂ ਲਈ ਇਹ ਇੱਕ ਮਹੱਤਵਪੂਰਨ ਰਾਜਨੀਤਿਕ ਵਿਕਾਸ ਮੰਨਿਆ ਜਾ ਰਿਹਾ ਹੈ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਮਾਲਵਿਕਾ ਸੂਦ ਨੇ ਦੱਸਿਆ ਕਿ ਪਿਛਲੇ ਲੰਮੇ ਸਮੇਂ ਤੋਂ ਹਲਕੇ ਵਿਚ ਕੀਤੀਆਂ ਜਾ ਰਹੀਆਂ ਸੇਵਾਵਾਂ ਦਾ ਹੀ ਨਤੀਜਾ ਹੈ ਕਿ ਲੋਕ ਕਾਂਗਰਸ ਨਾਲ ਜੁੜ ਰਹੇ ਹਨ। ਉਨ੍ਹਾਂ ਕਿਹਾ ਕਿ ਕਾਂਗਰਸ ਪਾਰਟੀ ਲੋਕ ਭਲਾਈ ਦੀ ਸੋਚ ਨਾਲ ਕੰਮ ਕਰਦੀ ਹੈ ਅਤੇ ਇਹੀ ਕਾਰਨ ਹੈ ਕਿ ਵਿਰੋਧੀ ਪਾਰਟੀਆਂ ਦੇ ਆਗੂ ਵੀ ਕਾਂਗਰਸ ਵਿਚ ਵਿਸ਼ਵਾਸ ਜਤਾ ਰਹੇ ਹਨ।\

### ਔਰਤ ਦੀ ਕੁੱਟਮਾਰ ਕਰਨ 'ਤੇ 4 ਲੋਕਾਂ ਖਿਲਾਫ ਮਾਮਲਾ ਦਰਜ

ਫਿਰੋਜ਼ਪੁਰ 18 ਮਈ। ਕਥਿਤ ਤੌਰ 'ਤੇ ਇਕ ਔਰਤ ਦੀ ਕੁੱਟਮਾਰ ਕਰਨ ਅਤੇ ਉਸ ਦੇ ਕੱਪੜੇ ਪਾੜ ਕੇ ਬੇਇੱਜ਼ਤ ਕਰਨ ਦੇ ਦੋਸ਼ ਹੇਠ ਥਾਣਾ ਮੱਲਾਂਵਾਲਾ ਦੀ ਪੁਲਸ ਨੇ 4 ਲੋਕਾਂ ਖਿਲਾਫ ਮਾਮਲਾ ਦਰਜ ਕੀਤਾ ਹੈ। ਇਹ ਜਾਣਕਾਰੀ ਦਿੰਦੇ ਹੋਏ ਏ. ਐੱਸ. ਆਈ. ਦਰਸ਼ਨ ਲਾਲ ਨੇ ਦੱਸਿਆ ਕਿ ਸ਼ਿਕਾਇਤਕਰਤਾ ਔਰਤ ਮਨਜੀਤ ਕੌਰ ਨੇ ਪੁਲਸ ਨੂੰ ਦਿੱਤੀ ਲਿਖਤੀ ਸ਼ਿਕਾਇਤ ਅਤੇ ਬਿਆਨਾਂ 'ਚ ਦੱਸਿਆ ਹੈ ਕਿ ਜਗਦੇਵ ਸਿੰਘ, ਹਰਦੇਵ ਸਿੰਘ, ਮਨਦੀਪ ਸਿੰਘ ਅਤੇ ਰਾਣੀ ਪਤਨੀ ਹਰਦੇਵ ਨੇ ਕਥਿਤ ਤੌਰ 'ਤੇ ਉਸ ਦੀ ਕੁੱਟਮਾਰ ਕੀਤੀ, ਉਸ ਦੇ ਕੱਪੜੇ ਪਾੜ ਦਿੱਤੇ ਅਤੇ ਉਸ ਨੂੰ ਬੇਇੱਜ਼ਤ ਕੀਤਾ। ਏ. ਐੱਸ. ਆਈ. ਦਰਸ਼ਨ ਲਾਲ ਨੇ ਦੱਸਿਆ ਕਿ ਨਾਮਜ਼ਦ ਮੁਲਜ਼ਮਾਂ ਖਿਲਾਫ ਮਾਮਲਾ ਦਰਜ ਕਰ ਕੇ ਪੁਲਸ ਵੱਲੋਂ ਅਗਲੀ ਕਾਰਵਾਈ ਕੀਤੀ ਜਾ ਰਹੀ ਹੈ।

# ਡਿਫਾਲਟਰਾਂ ਨੂੰ ਲੈ ਕੇ ਪਾਵਰਕਾਮ ਦਾ ਸਖ਼ਤ ਕਦਮ, ਪੰਜਾਬ ਦੇ ਇਨ੍ਹਾਂ ਬਿਜਲੀ ਕੁਨੈਕਸ਼ਨਾਂ ਨੂੰ ਦਿੱਤਾ ਇਕ ਹਫਤੇ ਦਾ ਸਮਾਂ

ਲੁਧਿਆਣਾ 18 ਮਈ। ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ (ਪਾਵਰਕਾਮ) ਨੇ ਡਿਫਾਲਟਰ ਖਪਤਕਾਰਾਂ ਅਤੇ ਸਰਕਾਰੀ ਵਿਭਾਗਾਂ ਵਿਰੁੱਧ ਸਖ਼ਤ ਰਣਨੀਤੀ ਅਪਣਾਉਂਦਿਆਂ 'ਚਾਣਕਿਆ ਨੀਤੀ' ਤਹਿਤ ਕਾਰਵਾਈ ਸ਼ੁਰੂ ਕਰ ਦਿੱਤੀ ਹੈ। ਵਿਭਾਗ ਨੇ



ਬਿਜਲੀ ਬਿੱਲ ਜਮ?ਹਾਂ ਨਾ ਕਰਵਾਉਣ ਵਾਲੇ 36 ਵੱਖ-ਵੱਖ ਸਰਕਾਰੀ ਦਫਤਰਾਂ ਦੇ ਕੁਨੈਕਸ਼ਨ ਸਮਾਰਟ ਮੀਟਰਾਂ ਰਾਹੀਂ ਆਟੋਮੈਟਿਕ ਤਰੀਕੇ ਨਾਲ ਕੱਟ ਦਿੱਤੇ ਹਨ। ਇਨ੍ਹਾਂ 'ਚ ਖੇਤੀਬਾੜੀ ਦਫਤਰ, ਕਈ ਪੁਲਸ ਥਾਣੇ ਅਤੇ ਜਨਤਕ ਟਿਊਬਵੈੱਲ ਸ਼ਾਮਲ ਹਨ। ਪਟਿਆਲਾ ਸਥਿਤ ਮੁੱਖ ਦਫਤਰ ਦੇ ਦਖਲ ਅਤੇ ਉੱਚ ਅਧਿਕਾਰੀਆਂ ਦੀ ਸਿਫਾਰਿਸ਼ ਤੋਂ ਬਾਅਦ, ਇਨ੍ਹਾਂ ਵਿਭਾਗਾਂ ਨੂੰ ਫਿਲਹਾਲ ਇਕ ਹਫਤੇ ਦੀ ਮੋਹਲਤ ਦਿੱਤੀ ਗਈ ਹੈ। ਪਾਵਰਕਾਮ ਨੇ ਸਪੱਸ਼ਟ ਚਿਤਾਵਨੀ ਦਿੱਤੀ ਹੈ ਕਿ ਜੇਕਰ 18 ਮਈ (ਆਗਾਮੀ ਸ਼ੁੱਕਰਵਾਰ) ਤੱਕ ਬਕਾਇਆ ਬਿੱਲ ਜਮ?ਹਾ ਨਾ ਕਰਵਾਏ ਗਏ ਤਾਂ ਬਿਜਲੀ ਸਪਲਾਈ ਮੁੜ ਬੰਦ ਕਰ ਦਿੱਤੀ ਜਾਵੇਗੀ। ਬੀਤੇ ਦਿਨੀਂ ਟਿਊਬਵੈੱਲਾਂ ਦੀ ਬਿਜਲੀ ਕੱਟਣ ਕਾਰਨ ਸ਼ਹਿਰ 'ਚ ਪੀਣ ਵਾਲੇ ਪਾਣੀ ਦੀ ਕਿੱਲਤ ਪੈਦਾ ਹੋ ਗਈ ਸੀ ਅਤੇ ਹਾਹਾਕਾਰ ਮਚ ਗਈ ਸੀ। ਇਸ ਗੰਭੀਰ ਮੁੱਦੇ ਨੂੰ ਦੇਖਦਿਆਂ ਪਾਵਰਕਾਮ ਨੇ ਨਗਰ ਨਿਗਮ ਅਤੇ ਹੋਰ ਵਿਭਾਗਾਂ ਨੂੰ ਬਿੱਲ ਭਰਨ ਲਈ ਸਮਾਂ ਦਿੱਤਾ ਹੈ। ਅਧਿਕਾਰੀਆਂ ਮੁਤਾਬਕ ਹਸਪਤਾਲਾਂ ਅਤੇ ਸਿਹਤ ਸੇਵਾਵਾਂ ਨੂੰ ਛੱਡ ਕੇ ਬਾਕੀ ਸਾਰੇ ਡਿਫਾਲਟਰ ਵਿਭਾਗਾਂ ਤੋਂ ਕਰੋੜਾਂ ਰੁਪਏ ਦੀ ਰਿਕਵਰੀ ਲਈ ਪੂਰੇ ਪੰਜਾਬ 'ਚ ਇਹ ਮੁਹਿੰਮ ਚਲਾਈ ਜਾ ਰਹੀ ਹੈ। ਪਾਵਰਕਾਮ ਅਨੁਸਾਰ ਇਹ ਸਮਾਰਟ ਮੀਟਰ ਹੁਣ ਪ੍ਰੀਪੇਡ ਮੋਡ 'ਚ ਹਨ, ਜੋ ਮੋਬਾਈਲ ਰਿਚਾਰਜ ਵਾਂਗ ਕੰਮ ਕਰਦੇ ਹਨ। ਖਪਤਕਾਰ ਆਪਣੀ ਲੋੜ ਮੁਤਾਬਕ ਇਕ-ਦੋ ਮਹੀਨੇ ਦਾ ਰਿਚਾਰਜ ਕਰ ਸਕਦੇ ਹਨ ਅਤੇ ਰਿਚਾਰਜ ਖਤਮ ਹੁੰਦਿਆਂ ਹੀ ਬਿਜਲੀ ਸੇਵਾਵਾਂ ਆਪਣੇ-ਆਪ ਬੰਦ ਹੋ ਜਾਂਦੀਆਂ ਹਨ। ਇਨ੍ਹਾਂ ਮੀਟਰਾਂ ਲਈ ਬਿੱਲ ਦੀ ਕੋਈ ਹਾਰਡ ਕਾਪੀ ਨਹੀਂ ਭੇਜੀ ਜਾਂਦੀ, ਸਾਰੀ ਜਾਣਕਾਰੀ ਅਤੇ ਬਿੱਲ ਖਪਤਕਾਰ ਦੇ ਰਜਿਸਟਰਡ ਮੋਬਾਈਲ ਨੰਬਰ ਜਾਂ ਈਮੇਲ ਰਾਹੀਂ ਭੇਜੇ ਜਾਂਦੇ ਹਨ। ਵਿਭਾਗ ਨੇ ਸਾਫ ਕਰ ਦਿੱਤਾ ਹੈ ਕਿ ਹੁਣ ਸੈਕਸ਼ਨ ਮੋਡ 'ਚ ਆ ਕੇ ਡਿਫਾਲਟਰਾਂ ਵਿਰੁੱਧ ਬਿਨਾਂ ਕਿਸੇ ਪੱਖਪਾਤ ਦੇ ਸਖਤ ਕਾਰਵਾਈ ਕੀਤੀ ਜਾਵੇਗੀ ਤਾਂ ਜੋ ਬਕਾਇਆ ਰਕਮ ਦੀ ਵਸੂਲੀ ਕੀਤੀ ਜਾ ਸਕੇ।

## ਲੁਟੇਰੇ ਸਮਝ ਬੇਕਸੂਰ ਨੌਜਵਾਨਾਂ ਦੀ ਭੀੜ ਨੇ ਕੀਤੀ ਕੁੱਟਮਾਰ, ਸੱਚ ਸਾਹਮਣੇ ਆਉਣ 'ਤੇ ਹੋਇਆ ਵੱਡਾ ਐਕਸ਼ਨ

ਲੁਧਿਆਣਾ 18 ਮਈ। ਲੁਧਿਆਣਾ ਸ਼ਹਿਰ ਦੇ ਦੁੱਗਰੀ ਇਲਾਕੇ ਵਿੱਚ ਭੀੜ ਤੰਤਰ ਦਾ ਭਿਆਨਕ ਚਿਹਰਾ ਸਾਹਮਣੇ ਆਇਆ ਹੈ। ਜਿਸ ਜਨਤਾ ਨੂੰ ਕਾਨੂੰਨ ਦੀ ਰੱਖਿਆ ਕਰਨੀ ਚਾਹੀਦੀ ਸੀ, ਉਸ ਨੇ ਕਾਨੂੰਨ ਨੂੰ ਆਪਣੇ ਹੱਥਾਂ ਵਿੱਚ ਲੈ ਲਿਆ ਅਤੇ ਸਿਰਫ਼ ਸ਼ੱਕ ਦੇ ਆਧਾਰ 'ਤੇ ਬੇਕਸੂਰ ਨੌਜਵਾਨਾਂ ਨੂੰ ਕਾਨੂੰਨ ਹੱਥ ਵਿਚ ਲੈ ਕੇ ਕੁੱਟਮਾਰ ਕਰ ਦਿੱਤੀ। ਲੁਧਿਆਣਾ ਪੁਲਸ ਨੇ ਮਾਮਲੇ ਵਿਚ ਵੱਡਾ ਯੂ-ਟਰਨ ਲੈਂਦੇ ਹੋਏ ਉਨ੍ਹਾਂ ਨੌਜਵਾਨਾਂ ਨੂੰ ਬੇਕਸੂਰ ਪਾਇਆ ਹੈ, ਜਿਨ੍ਹਾਂ ਨੂੰ ਭੀੜ ਨੇ ਲੁਟੇਰੇ ਹੋਣ ਦਾ ਦੋਸ਼ ਲਗਾਉਣ ਤੋਂ ਬਾਅਦ ਕੁੱਟਿਆ ਸੀ। ਉਨ੍ਹਾਂ ਨੇ ਹੁਣ ਹਮਲੇ 'ਚ ਸ਼ਾਮਲ ਕਥਿਤ ਨਿਆਂ ਪਸੰਦ ਵਿਅਕਤੀਆਂ ਵਿਰੁੱਧ ਕੇਸ ਦਰਜ ਕੀਤਾ ਹੈ ਅਤੇ ਹੁਣ ਉਨ੍ਹਾਂ 'ਤੇ ਸ਼ਿਕੰਜਾ ਕੱਸਣਾ ਸ਼ੁਰੂ ਕਰ ਦਿੱਤਾ ਹੈ। ਘਟਨਾ ਦੇ ਅਨੁਸਾਰ 7 ਮਈ ਦੀ ਰਾਤ ਨੂੰ ਰੇਲਵੇ ਕਰਾਸਿੰਗ ਨੇੜੇ ਨਵੇਂ ਬਣੇ ਪੁਲ 'ਤੇ ਉਸ ਸਮੇਂ ਹੰਗਾਮਾ ਹੋ ਗਿਆ ਜਦੋਂ ਲਗਭਗ 35-40 ਲੋਕਾਂ ਦੀ ਹਿੰਸਕ ਭੀੜ ਨੇ ਕੁਝ ਨੌਜਵਾਨਾਂ ਨੂੰ ਘੇਰ ਲਿਆ। ਭੀੜ ਨੇ ਇਨ੍ਹਾਂ ਨੌਜਵਾਨਾਂ ਨੂੰ ਲੁਟੇਰਾ ਕਰਾਰ ਦਿੱਤਾ ਅਤੇ ਬਿਨਾਂ ਸੋਚੇ ਸਮਝੇ ਉਨ੍ਹਾਂ 'ਤੇ ਹਮਲਾ ਕਰ ਦਿੱਤਾ। ਸਥਿਤੀ ਨੂੰ ਨਾ ਸਿਰਫ਼ ਬੁਰੀ ਤਰ੍ਹਾਂ ਕੁੱਟਿਆ ਗਿਆ ਸਗੋਂ ਉਨ੍ਹਾਂ ਦੇ ਵਾਹਨਾਂ ਦੀ ਭੰਨਤੋੜ ਵੀ ਕੀਤੀ। ਸਥਿਤੀ ਹੋਰ ਵੀ ਗੰਭੀਰ ਹੋ ਗਈ ਜਦੋਂ ਲੋਕਾਂ ਨੇ ਪੀੜਤਾਂ ਨੂੰ ਲੁਟੇਰੇ ਕਰਾਰ ਦਿੱਤਾ ਅਤੇ ਉਨ੍ਹਾਂ ਨੂੰ ਥਾਣੇ ਲਿਆਂਦਾ। ਜਦੋਂ ਦੁੱਗਰੀ ਪੁਲਸ ਥਾਣੇ ਦੀ ਪੁਲਸ ਨੇ ਮਾਮਲੇ ਦੀ ਡੂੰਘਾਈ ਨਾਲ ਜਾਂਚ ਕੀਤੀ ਤਾਂ ਸੱਚਾਈ ਵੱਖਰੀ ਨਿਕਲੀ। ਜਾਂਚ 'ਚ ਸਾਹਮਣੇ ਆਇਆ ਕਿ ਇਹ ਨੌਜਵਾਨ ਅਪਰਾਧੀ ਨਹੀਂ ਸਨ, ਸਗੋਂ ਆਪਣੇ ਦੋਸਤ ਦੀ ਮਦਦ ਕਰਨ ਆਏ ਸਨ, ਜਿਸ ਦੀ ਮੋਟਰਸਾਈਕਲ ਦਾ ਪੈਟਰੋਲ ਖ਼ਤਮ ਹੋ ਗਿਆ ਸੀ। ਪੁਲਸ ਨੇ ਪਾਇਆ ਕਿ ਭੀੜ ਨੇ ਸਿਰਫ਼ ਗਲਤਫ਼ਹਿਮੀ ਅਤੇ ਗੁੱਸੇ ਕਾਰਨ ਬੇਗੁਨਾਹ ਲੋਕਾਂ 'ਤੇ ਹਮਲਾ ਕੀਤਾ। ਜਿਵੇਂ ਹੀ ਸੱਚ ਸਾਹਮਣੇ ਆਇਆ ਪੁਲਸ ਨੇ ਸਖ਼ਤ ਰੁਖ਼ ਅਪਣਾਇਆ ਅਤੇ ਪੀੜਤਾਂ ਦੀ ਸ਼ਿਕਾਇਤ ਦੇ ਆਧਾਰ 'ਤੇ ਹਮਲਾਵਰਾਂ ਵਿਰੁੱਧ ਕੇਸ ਦਰਜ ਕੀਤਾ। ਮਾਮਲੇ 'ਚ ਕਾਰਵਾਈ ਕਰਦੇ ਪੁਲਸ ਨੇ ਮਨਜੀਤ ਸਿੰਘ, ਗੁੰਨਾ ਸਿੰਘ, ਭੁਪਿੰਦਰ ਵਰਮਾ, ਮਨਜੋਤ ਸਿੰਘ, ਮਨਵੀਰ ਸਿੰਘ ਅਤੇ ਕ੍ਰਿਸ਼ਨਾ ਮਹਿਤਾ ਨੂੰ ਗ੍ਰਿਫ਼ਤਾਰ ਕਰ ਲਿਆ ਹੈ। ਪੁਲਸ ਅਧਿਕਾਰੀਆਂ ਦਾ ਕਹਿਣਾ ਹੈ ਕਿ ਕਿਸੇ ਨੂੰ ਵੀ ਕਾਨੂੰਨ ਆਪਣੇ ਹੱਥ 'ਚ ਲੈਣ ਦੀ ਇਜਾਜ਼ਤ ਨਹੀਂ ਦਿੱਤੀ ਜਾਵੇਗੀ ਅਤੇ ਬਾਕੀ ਹਮਲਾਵਰਾਂ ਦੀ ਵੀਡੀਓ ਫੁਟੇਜ ਦੇ ਆਧਾਰ 'ਤੇ ਪਛਾਣ ਕਰਕੇ ਜਲਦੀ ਹੀ ਗ੍ਰਿਫ਼ਤਾਰ ਕਰ ਲਿਆ ਜਾਵੇਗਾ।

## ਰੇਲਵੇ ਪਟੜੀਆਂ 'ਤੇ ਮਿਲੀ ਲਾਸ਼ ਦੀ ਹੋਈ ਪਛਾਣ

ਅਬੋਹਰ 18 ਮਈ। ਬੀਤੇ ਦਿਨੀ ਇਕ ਵਿਅਕਤੀ ਦੀ ਲਾਸ਼ ਸੀਤੋ ਰੋਡ 'ਤੇ ਸਥਿਤ ਰੇਲਵੇ ਫਾਟਕ ਤੋਂ ਥੋੜ੍ਹੀ ਦੂਰੀ 'ਤੇ ਰੇਲਵੇ ਪਟੜੀਆਂ 'ਤੇ ਪਈ ਮਿਲੀ। ਜਿਸ ਦੀ ਰੇਲਗੱਡੀ ਦੀ ਲਪੇਟ 'ਚ ਆਉਣ ਕਾਰਨ ਮੌਤ ਹੋ ਗਈ ਸੀ। ਉਸ ਦੀ ਪਛਾਣ ਸ਼ਨੀਵਾਰ ਸਵੇਰੇ ਬਲਵਿੰਦਰ ਸਿੰਘ ਪੁੱਤਰ ਅਜਾਇਬ ਸਿੰਘ ਵਾਸੀ ਪੰਜਪੀਰ ਨਗਰ ਗਲੀ ਨੰਬਰ 5 ਵਜੋਂ ਹੋਈ। ਜੀ. ਆਰ. ਪੀ. ਪੁਲਸ ਨੇ ਮ੍ਰਿਤਕ ਦੇ ਬੇਟੇ ਦੇ ਬਿਆਨਾਂ ਦੇ ਆਧਾਰ 'ਤੇ ਕਾਰਵਾਈ ਕਰਦੇ ਹੋਏ ਲਾਸ਼ ਨੂੰ ਪੋਸਟਮਾਰਟਮ ਬਾਅਦ ਪਰਿਵਾਰ ਨੂੰ ਸੌਂਪ ਦਿੱਤੀ। ਮ੍ਰਿਤਕ ਦੇ ਪੁੱਤਰ ਕਰਨਜੀਤ ਨੇ ਦੱਸਿਆ ਕਿ ਉਸ ਦਾ ਪਿਤਾ ਬਲਵਿੰਦਰ ਸਿੰਘ ਉਮਰ ਲੱਗਭਗ 60 ਸਾਲ ਸੀ, ਜੋ ਕਿ ਕੈਂਟਰ ਡਰਾਈਵਰ ਵਜੋਂ ਕੰਮ ਕਰਦਾ ਸੀ, ਪਿਛਲੇ ਕੁਝ ਸਾਲਾਂ ਤੋਂ ਮਾਨਸਿਕ ਸਮੱਸਿਆਵਾਂ ਤੋਂ ਪੀੜਤ ਸੀ, ਕਿਉਂਕਿ ਉਸ ਦੇ ਵੱਡੇ ਭਰਾ ਦੀ ਸਾਲ 2021 'ਚ ਬੀਮਾਰੀ ਕਾਰਨ ਮੌਤ ਹੋ ਗਈ ਸੀ। ਉਸ ਦੇ ਵੱਡੇ ਭਰਾ ਦੀ ਮੌਤ ਤੋਂ ਬਾਅਦ ਹੀ ਉਸ ਦੇ ਪਿਤਾ ਡਿਪਰੈਸ਼ਨ ਦਾ ਸ਼ਿਕਾਰ ਹੋ ਗਏ। ਕਰਨਜੀਤ ਨੇ ਦੱਸਿਆ ਕਿ ਬੀਤੀ ਰਾਤ ਲੱਗਭਗ 10 ਵਜੇ ਉਸ ਦੇ ਪਿਤਾ ਅਚਾਨਕ ਘਰੋਂ ਚਲੇ ਗਏ ਅਤੇ ਦੇਰ ਰਾਤ ਤੱਕ ਵਾਪਸ ਨਹੀਂ ਆਏ, ਇਸ ਲਈ ਉਨ੍ਹਾਂ ਨੇ ਖੁਦ ਉਸ ਦੀ ਭਾਲ ਕੀਤੀ ਪਰ ਉਨ੍ਹਾਂ ਦਾ ਕੋਈ ਸੁਰਾਗ ਨਹੀਂ ਮਿਲਿਆ। ਸ਼ਨੀਵਾਰ ਸਵੇਰੇ ਸੋਸ਼ਲ ਮੀਡੀਆ ਤੋਂ ਰੇਲਵੇ ਪਟੜੀਆਂ 'ਤੇ ਮਿਲੀ ਇਕ ਅਣਪਛਾਤੇ ਵਿਅਕਤੀ ਦੀ ਲਾਸ਼ ਬਾਰੇ ਜਾਣਕਾਰੀ ਮਿਲਣ 'ਤੇ ਜਦੋਂ ਉਹ ਮੁਰਦਾਘਰ ਗਿਆ ਤਾਂ ਦੇਖਿਆ ਕਿ ਇਹ ਉਸ ਦੇ ਪਿਤਾ ਦੀ ਲਾਸ਼ ਸੀ। ਜੀ. ਆਰ. ਪੀ. ਪੁਲਸ ਇੰਚਾਰਜ ਸਤੀਸ਼ ਕੁਮਾਰ ਨੇ ਕਰਨਜੀਤ ਅਤੇ ਹੋਰ ਪਰਿਵਾਰਕ ਮੈਂਬਰਾਂ ਦੇ ਬਿਆਨ ਦਰਜ ਕਰ ਕੇ ਕਾਰਵਾਈ ਕੀਤੀ ਹੈ।

# ਪੰਜਾਬ ਦੇ ਲੱਖਾਂ ਮੁਲਾਜ਼ਮਾਂ ਤੇ ਪੈਨਸ਼ਨਰਾਂ ਨਾਲ ਜੁੜੀ ਅਹਿਮ ਖ਼ਬਰ

**ਕੌਮੀ ਪਤ੍ਰਿਕਾ**

ਚੰਡੀਗੜ੍ਹ 18 ਮਈ। ਭਾਰਤੀ ਜਨਤਾ ਪਾਰਟੀ ਪੰਜਾਬ ਦੇ ਸੂਬਾ ਪ੍ਰਧਾਨ ਸੁਨੀਲ ਜਾਖੜ ਨੇ ਇੱਥੇ ਇਕ ਅਹਿਮ ਪ੍ਰੈੱਸ ਕਾਨਫਰੰਸ ਦੌਰਾਨ ਸੂਬੇ ਦੇ ਲੱਖਾਂ ਸਰਕਾਰੀ ਮੁਲਾਜ਼ਮਾਂ ਦੇ ਡੀ. ਏ. ਦਾ ਮੁੱਦਾ ਚੁੱਕਿਆ। ਉਨ੍ਹਾਂ ਕਿਹਾ ਕਿ 3 ਲੱਖ ਸਰਕਾਰੀ ਮੁਲਾਜ਼ਮਾਂ ਅਤੇ 4 ਲੱਖ ਪੈਨਸ਼ਨਰਾਂ ਦੀ 15 ਹਜ਼ਾਰ ਕਰੋੜ ਦੀ ਬਕਾਇਆ ਰਾਸ਼ੀ ਹਾਈਕੋਰਟ ਨੇ 30 ਜੂਨ ਤੱਕ ਜਾਰੀ ਕਰਨ ਦੇ ਹੁਕਮ ਸੁਣਾਏ ਹਨ ਪਰ ਸੂਬਾ ਸਰਕਾਰ ਇਸ ਨੂੰ ਗੰਭੀਰਤਾ ਨਾਲ ਨਹੀਂ ਲੈ ਰਹੀ। ਉਨ੍ਹਾਂ ਕਿਹਾ ਕਿ ਸਰਕਾਰ ਵਲੋਂ ਇਹ ਕਹਿ ਕੇ ਪਿੱਛੇ ਹਟਣ ਦੀ ਕੋਸ਼ਿਸ਼ ਕੀਤੀ ਗਈ ਕਿ ਉਸ ਕੋਲ ਫੰਡਾਂ ਦੀ ਕਮੀ ਹੈ। ਜਾਖੜ ਨੇ ਦੋਸ਼ ਲਾਇਆ ਕਿ ਇਹ ਆਜ਼ਾਦੀ ਤੋਂ ਬਾਅਦ ਪਹਿਲੀ ਵਾਰ ਹੈ, ਜਦੋਂ ਕਿਸੇ ਸਰਕਾਰ ਨੇ ਡੀ. ਏ. (ਮਹਿੰਗਾਈ ਭੱਤਾ) ਦੇ ਮਾਮਲੇ 'ਚ ਵੀ ਅਦਾਲਤ ਦਾ ਰੁਖ ਕਰਕੇ ਆਪਣੀ ਜ਼ਿੰਮੇਵਾਰੀ ਤੋਂ ਬਚਣ ਦੀ ਕੋਸ਼ਿਸ਼ ਕੀਤੀ ਹੈ। ਭਾਜਪਾ ਆਗੂ ਨੇ ਕਿਹਾ ਕਿ ਜਿੱਥੇ ਕੇਂਦਰ ਸਰਕਾਰ ਦੇ ਮੁਲਾਜ਼ਮਾਂ ਨੂੰ 60 ਫ਼ੀਸਦੀ ਤੱਕ ਡੀ. ਏ. ਮਿਲ ਰਿਹਾ ਹੈ, ਉੱਥੇ ਪੰਜਾਬ ਦੇ ਮੁਲਾਜ਼ਮਾਂ ਨਾਲ ਨਿਆਂ ਨਹੀਂ ਹੋ ਰਿਹਾ। ਉਨ੍ਹਾਂ ਕਿਹਾ ਕਿ ਹਰਿਆਣਾ, ਰਾਜਸਥਾਨ ਅਤੇ ਚੰਡੀਗੜ੍ਹ 'ਚ ਕਮਿਸ਼ਨ ਦੀਆਂ ਸਿਫਾਰਿਸ਼ਾਂ ਲਾਗੂ ਹੋ ਚੁੱਕੀਆਂ ਹਨ ਪਰ ਪੰਜਾਬ ਸਰਕਾਰ ਮੁਲਾਜ਼ਮਾਂ ਨਾਲ ਧੋਖਾ ਕਰ ਰਹੀ ਹੈ। ਜਾਖੜ ਨੇ ਕਿਹਾ ਕਿ ਬੇਰੁਜ਼ਗਾਰ ਅਧਿਆਪਕਾਂ, ਕਰਮਚਾਰੀਆਂ ਅਤੇ ਹੋਰ ਵਰਗਾਂ ਨਾਲ ਕੀਤੇ ਵਾਅਦੇ ਪੂਰੇ ਨਹੀਂ ਹੋਏ, ਜਦੋਂ ਕਿ ਧਰਨੇ ਅਤੇ ਪ੍ਰਦਰਸ਼ਨ ਲਗਾਤਾਰ ਜਾਰੀ ਹਨ। ਸੁਨੀਲ ਜਾਖੜ ਨੇ ਪੰਜਾਬ 'ਚ ਆਉਣ ਵਾਲੀਆਂ ਨਗਰ ਨਿਗਮ ਚੋਣਾਂ ਲਈ ਈ. ਵੀ. ਐੱਮ. ਦੀ ਥਾਂ ਪੇਪਰ



ਬੈਲਟ ਵਰਤਣ ਦੇ ਫ਼ੈਸਲੇ 'ਤੇ ਵੀ ਸਵਾਲ ਖੜ੍ਹੇ ਕੀਤੇ। ਉਨ੍ਹਾਂ ਦੋਸ਼ ਲਾਇਆ ਕਿ ਸਰਕਾਰ ਪਿਛਲੀਆਂ ਪੰਚਾਇਤੀ ਅਤੇ ਸਥਾਨਕ ਚੋਣਾਂ ਵਰਗੀਆਂ ਗੜਬੜੀਆਂ ਨੂੰ ਦੁਹਰਾਉਣ ਦੀ ਕੋਸ਼ਿਸ਼ ਕਰ ਰਹੀ ਹੈ। ਹਾਲਾਂਕਿ ਉਨ੍ਹਾਂ ਕਿਹਾ ਕਿ ਭਾਜਪਾ ਇਸ ਮਾਮਲੇ ਨੂੰ ਚੋਣ ਕਮਿਸ਼ਨ ਕੋਲ ਲੈ ਕੇ ਜਾਵੇਗੀ ਅਤੇ ਡੱਟ ਕੇ ਮੁਕਾਬਲਾ ਕਰੇਗੀ। ਜਾਖੜ ਨੇ ਪੰਜਾਬ ਦੀ ਕਾਨੂੰਨ ਵਿਵਸਥਾ 'ਤੇ ਵੀ ਚਿੰਤਾ ਜ਼ਾਹਰ ਕੀਤੀ ਅਤੇ ਕਿਹਾ ਕਿ ਸੂਬੇ ਨੂੰ ਮਜ਼ਬੂਤ ਲੀਡਰਸ਼ਿਪ ਦੀ ਲੋੜ ਹੈ। ਉਨ੍ਹਾਂ ਦਾਅਵਾ ਕੀਤਾ ਕਿ ਪੰਜਾਬ 'ਚ ਜਾਨ-ਮਾਲ ਦੀ ਸੁਰੱਖਿਆ ਯਕੀਨੀ ਬਣਾਉਣ ਦੀ ਸਮਰੱਥਾ ਸਿਰਫ ਭਾਜਪਾ ਕੋਲ ਹੈ। ਉਨ੍ਹਾਂ ਕਿਹਾ ਕਿ ਸਰਹੱਦੀ ਸੂਬਾ ਹੋਣ ਕਾਰਨ ਪੰਜਾਬ ਨੂੰ ਵਧੇਰੇ ਸੁਰੱਖਿਆ ਅਤੇ ਸਖ਼ਤ ਪ੍ਰਬੰਧ ਦੀ ਲੋੜ ਹੈ। ਇਸ ਦੌਰਾਨ ਜਾਖੜ ਨੇ ਪੰਜਾਬ 'ਚ ਵਾਪਰੀਆਂ ਕੁੱਝ ਸੁਰੱਖਿਆ ਘਟਨਾਵਾਂ ਦਾ ਹਵਾਲਾ ਦਿੰਦਿਆਂ ਸਰਕਾਰ 'ਤੇ ਸਵਾਲ ਚੁੱਕੇ ਅਤੇ ਕਿਹਾ ਕਿ ਸਰਕਾਰ ਵਿਰੋਧੀਆਂ 'ਤੇ ਦੋਸ਼ ਮੜ੍ਹਣ ਦੀ ਥਾਂ ਅਸਲ ਸਮੱਸਿਆਵਾਂ ਦੇ ਹੱਲ 'ਤੇ ਧਿਆਨ ਦੇਵੇ। ਭਾਜਪਾ ਆਗੂ ਨੇ ਇਹ ਵੀ ਕਿਹਾ ਕਿ ਪਾਰਟੀ ਪੰਜਾਬ ਦੇ ਮੁਲਾਜ਼ਮਾਂ, ਪੈਨਸ਼ਨਰਾਂ ਅਤੇ ਆਮ ਲੋਕਾਂ ਦੀਆਂ ਮੰਗਾਂ ਦੇ ਨਾਲ ਖੜ੍ਹੀ ਹੈ ਅਤੇ ਸਰਕਾਰ ਨੂੰ ਆਪਣੇ ਵਾਅਦੇ ਪੂਰੇ ਕਰਨੇ ਚਾਹੀਦੇ ਹਨ।

### ਜਾਨੋਂ ਮਾਰਨ ਦੀ ਨੀਅਤ ਨਾਲ ਕੁਹਾੜੀ ਮਾਰ ਜ਼ਖ਼ਮੀ ਕਰਨ ਵਾਲੇ ਵਿਅਕਤੀ ਖ਼ਿਲਾਫ਼ ਮਾਮਲਾ ਦਰਜ

ਟਾਂਡਾ ਉੜਮੁੜ 18 ਮਈ। ਅਹੀਆਪੁਰ ਟਾਂਡਾ ਵਿਖੇ ਇਕ ਵਿਅਕਤੀ ਨੂੰ ਜਾਨੋਂ ਮਾਰਨ ਦੀ ਨੀਅਤ ਨਾਲ ਕੁਹਾੜੀ ਦਾ ਵਾਰ ਕਰਕੇ ਗੰਭੀਰ ਜ਼ਖ਼ਮੀ ਕਰਨ ਵਾਲੇ ਖ਼?ਲਾਫ਼ ਟਾਂਡਾ ਪੁਲਸ ਨੇ ਮਾਮਲਾ ਦਰਜ ਕੀਤਾ ਹੈ। ਪੁਲਸ ਨੇ ਇਹ ਮਾਮਲਾ ਜ਼ਖ਼ਮੀ ਹੋਏ ਪੀੜਤ ਗੁਰਿੰਦਰਜੀਤ ਸਿੰਘ ਪੁੱਤਰ ਗੁਰਦੇਵ ਸਿੰਘ ਵਾਸੀ ਦੇਵਾ ਕਾਲੋਨੀ ਅਹੀਆਪੁਰ ਦੇ ਬਿਆਨਾਂ ਦੇ ਆਧਾਰ 'ਤੇ ਪ੍ਰਵੀਸ਼ਪਾਲ ਸਿੰਘ ਪੁੱਤਰ ਸੁਖਵਿੰਦਰ ਸਿੰਘ ਵਾਸੀ ਜਲਾਲਪੁਰ ਦੇ ਖ਼?ਲਾਫ਼ ਦਰਜ ਕੀਤਾ ਹੈ। ਪੁਲਸ ਕੋਲ ਦਰਜ ਕਰਾਏ ਗਏ ਆਪਣੇ ਬਿਆਨ ਵਿੱਚ ਗੁਰਿੰਦਰਜੀਤ ਸਿੰਘ ਨੇ ਦੱਸਿਆ ਕਿ ਬੀਤੀ ਸ਼ਾਮ ਜਦੋਂ ਉਹ ਆਪਣੇ ਘਰ ਦੇ ਬਾਹਰ ਦੁਕਾਨ ਵਿੱਚ ਜਾਣ ਲੱਗਾ ਤਾਂ ਉਕਤ ਵਿਅਕਤੀ ਨੇ ਮਾਰਨ ਦੀ ਨੀਅਤ ਨਾਲ ਉਸ 'ਤੇ ਕੁਹਾੜੀ ਦਾ ਵਾਰ ਕਰਦੇ ਹੋਏ ਇਸ ਨੂੰ ਗੰਭੀਰ ਜ਼ਖ਼ਮੀ ਕਰ ਦਿੱਤਾ।

# ਆਦਮਖੋਰ ਕੁੱਤੇ ਸਾਰੀ ਰਾਤ ਨੋਚਦੇ ਰਹੇ ਬੰਦਾ ਤੇ ਸਵੇਰੇ...

**ਕੌਮੀ ਪਤ੍ਰਿਕਾ**

ਖੰਨਾ 18 ਮਈ। ਖੰਨਾ ਅਤੇ ਇਸਦੇ ਆਲੇ-ਦੁਆਲੇ ਦੇ ਇਲਾਕਿਆਂ 'ਚ ਆਵਾਰਾ ਅਤੇ ਆਦਮਖੋਰ ਬਣ ਚੁੱਕੇ ਕੁੱਤਿਆਂ ਦਾ ਖੌਫ ਲਗਾਤਾਰ ਵਧਦਾ ਜਾ ਰਿਹਾ ਹੈ। ਪ੍ਰਸ਼ਾਸਨ ਦੀ ਬੇਧਿਆਨੀ ਅਤੇ ਨਗਰ ਕੌਂਸਲ ਦੀ ਨਾਕਾਮੀ ਕਾਰਨ ਹੁਣ ਹਾਲਾਤ ਇੰਨੇ ਖ਼ਤਰਨਾਕ ਹੋ ਚੁੱਕੇ ਹਨ ਕਿ ਲੋਕਾਂ ਲਈ ਘਰਾਂ ਤੋਂ ਬਾਹਰ ਨਿਕਲਣਾ ਵੀ ਮੁਸ਼ਕਿਲ ਹੋ ਗਿਆ ਹੈ। ਤਾਜ਼ਾ ਅਤੇ ਦਹਿਲਾ ਦੇਣ ਵਾਲੀ ਘਟਨਾ ਖੰਨਾ ਦੇ ਨੇੜਲੇ ਪਿੰਡ ਰਸੂਲੜਾ ਵਿੱਚ ਸਾਹਮਣੇ ਆਈ, ਜਿੱਥੇ ਇੱਕ ਮਜ਼ਦੂਰ ਨੂੰ ਕੁੱਤਿਆਂ ਦੇ ਝੁੰਡ ਨੇ ਜਿੰਦਾ ਨੋਚ-ਨੋਚ ਕੇ ਮਾਰ ਦਿੱਤਾ। ਇਹ ਘਟਨਾ ਨਾ ਸਿਰਫ਼ ਪ੍ਰਸ਼ਾਸਨ ਦੀ ਨਾਕਾਮੀ ਬਿਆਨ ਕਰਦੀ ਹੈ, ਸਗੋਂ ਲੋਕਾਂ ਦੀ ਸੁਰੱਖਿਆ ਨੂੰ ਲੈ ਕੇ ਸਰਕਾਰੀ ਪ੍ਰਬੰਧਾਂ 'ਤੇ ਵੀ ਵੱਡੇ ਸਵਾਲ ਖੜ੍ਹੇ ਕਰਦੀ ਹੈ। ਮ੍ਰਿਤਕ ਦੀ ਪਛਾਣ 35 ਸਾਲਾ ਰਾਮ ਈਸ਼ਵਰ ਵਜੋਂ ਹੋਈ ਹੈ, ਜੋ ਮਿਹਨਤ ਮਜ਼ਦੂਰੀ ਕਰਕੇ ਆਪਣੇ ਪਰਿਵਾਰ ਦਾ ਗੁਜ਼ਾਰਾ ਚਲਾ ਰਿਹਾ ਸੀ। ਦੱਸਿਆ ਜਾ ਰਿਹਾ ਹੈ ਕਿ ਰਾਮ ਈਸ਼ਵਰ ਰਾਤ ਸਮੇਂ ਖੇਤਾਂ ਵੱਲ ਗਿਆ ਹੋਇਆ ਸੀ, ਜਿੱਥੇ 10 ਤੋਂ 15 ਆਵਾਰਾ ਕੁੱਤਿਆਂ ਦੇ ਝੁੰਡ ਨੇ ਉਸ 'ਤੇ ਹਮਲਾ ਕਰ



ਦਿੱਤਾ। ਕੁੱਤੇ ਉਸਨੂੰ ਸਾਰੀ ਰਾਤ ਨੋਚਦੇ ਰਹੇ ਅਤੇ ਉਹ ਦਰਦ ਨਾਲ ਤੜਫਦਾ ਰਿਹਾ, ਪਰ ਕੋਈ ਮਦਦ ਲਈ ਨਹੀਂ ਪਹੁੰਚ ਸਕਿਆ। ਮ੍ਰਿਤਕ ਦੇ ਭਰਾ ਨੇ ਦੱਸਿਆ ਕਿ ਸਵੇਰੇ ਉਨ੍ਹਾਂ ਦੇ ਪਿਤਾ ਜਦੋਂ ਖੇਤਾਂ ਵੱਲ ਗਏ ਤਾਂ ਉਨ੍ਹਾਂ ਨੇ ਦੇਖਿਆ ਕਿ ਕੁੱਤੇ ਰਾਮ ਈਸ਼ਵਰ ਦੀ ਦੇਹ ਨੂੰ ਖਾ ਰਹੇ ਸਨ। ਉਸਨੇ ਤੁਰੰਤ ਰੌਲਾ ਪਾਇਆ ਅਤੇ ਪਿੰਡ ਦੇ ਲੋਕ ਇਕੱਠੇ ਹੋਏ, ਜਿਸ ਤੋਂ ਬਾਅਦ ਕੁੱਤੇ ਉੱਥੋਂ ਭੱਜੇ। ਪਰ ਉਦੋਂ ਤੱਕ ਬਹੁਤ ਦੇਰ ਹੋ ਚੁੱਕੀ ਸੀ। ਰਾਮ ਈਸ਼ਵਰ ਦੀ ਦੇਹ ਲਹੂ-ਲੁਹਾਨ ਹਾਲਤ ਵਿੱਚ ਪਈ ਸੀ ਤੇ ਉਸਦੇ ਸਰੀਰ ਦੇ ਕਈ ਹਿੱਸੇ ਬੁਰੀ ਤਰ੍ਹਾਂ ਨੋਚੇ ਹੋਏ ਸਨ। ਇਸ ਦਰਦਨਾਕ ਘਟਨਾ ਤੋਂ ਬਾਅਦ ਇਲਾਕੇ ਦੇ ਲੋਕਾਂ ਵਿੱਚ ਪ੍ਰਸ਼ਾਸਨ ਖਿਲਾਫ ਭਾਰੀ ਰੋਸ ਪਾਇਆ ਜਾ ਰਿਹਾ ਹੈ। ਲੋਕਾਂ ਦਾ ਕਹਿਣਾ ਹੈ ਕਿ ਇਹ ਕੋਈ ਪਹਿਲੀ ਘਟਨਾ ਨਹੀਂ ਹੈ। ਇਸ ਤੋਂ ਪਹਿਲਾਂ ਵੀ ਕਈ ਲੋਕ ਆਵਾਰਾ ਕੁੱਤਿਆਂ ਦੇ ਹਮਲਿਆਂ ਦਾ ਸ਼ਿਕਾਰ ਹੋ ਚੁੱਕੇ ਹਨ, ਪਰ ਪ੍ਰਸ਼ਾਸਨ ਹਮੇਸ਼ਾ ਦੀ ਤਰ੍ਹਾਂ ਸੁੱਤਾ ਹੈ। ਲੋਕਾਂ ਨੇ ਦੋਸ਼ ਲਗਾਇਆ ਕਿ ਨਗਰ ਕੌਂਸਲ ਖੰਨਾ ਵੱਲੋਂ ਗੈਰਕਾਨੂੰਨੀ ਤਰੀਕੇ ਨਾਲ ਬਣਾਇਆ ਗਿਆ ਕੂੜੇ ਦਾ ਡੰਪ ਇਨ੍ਹਾਂ ਕੁੱਤਿਆਂ ਦੀ ਵੱਧ ਰਹੀ ਗਿਣਤੀ ਦਾ ਮੁੱਖ ਕਾਰਨ ਹੈ। ਡੰਪ 'ਤੇ ਹਰ ਵੇਲੇ ਕੂੜਾ ਪਿਆ ਰਹਿੰਦਾ ਹੈ, ਜਿਸ ਕਾਰਨ ਸੈਂਕੜਿਆਂ ਕੁੱਤਿਆਂ ਦੇ ਝੁੰਡ ਉਥੇ ਇਕੱਠੇ ਰਹਿੰਦੇ ਹਨ ਅਤੇ ਹੁਣ ਉਹ ਆਦਮਖੋਰ ਬਣਦੇ ਜਾ ਰਹੇ ਹਨ। ਕਿਸਾਨਾਂ ਅਤੇ ਪਿੰਡ ਵਾਸੀਆਂ ਨੇ ਦੱਸਿਆ ਕਿ ਹੁਣ ਹਾਲਾਤ ਇਹ ਹਨ ਕਿ ਲੋਕਾਂ ਨੂੰ ਖੇਤਾਂ ਵਿੱਚ ਜਾਣ ਲਈ ਡੰਡੇ ਜਾਂ ਹੋਰ ਹਥਿਆਰ ਨਾਲ ਲੈ ਕੇ ਜਾਣਾ ਪੈਂਦਾ ਹੈ। ਰਾਤ ਦੇ ਸਮੇਂ ਇਥੋਂ ਲੰਘਣਾ ਤਾਂ ਦੂਰ, ਦਿਨ ਵਿੱਚ ਵੀ ਲੋਕ ਡਰ ਦੇ ਸਾਏ ਹੇਠ ਜੀਅ ਰਹੇ ਹਨ। ਪਰ ਹੈਰਾਨੀ ਦੀ ਗੱਲ ਇਹ ਹੈ ਕਿ ਇੰਨੀ ਵੱਡੀ ਘਟਨਾ ਤੋਂ ਬਾਅਦ ਵੀ ਨਾ ਤਾਂ ਕੋਈ ਠੋਸ ਕਾਰਵਾਈ ਹੋਈ ਅਤੇ ਨਾ ਹੀ ਆਵਾਰਾ ਕੁੱਤਿਆਂ ਨੂੰ ਕਾਬੂ ਕਰਨ ਲਈ ਕੋਈ ਮੁਹਿੰਮ ਚਲਾਈ ਗਈ। ਸਗੋਂ ਲਾਸ਼ ਨੂੰ ਵੀ ਪਿੰਡ ਵਾਸੀ ਖੁਦ ਟਰਾਲੀ 'ਚ ਲੈਕੇ ਸਰਕਾਰੀ ਹਸਪਤਾਲ ਗਏ। ਲੋਕਾਂ ਨੇ ਸਰਕਾਰ ਅਤੇ ਪ੍ਰਸ਼ਾਸਨ ਤੋਂ ਮੰਗ ਕੀਤੀ ਹੈ ਕਿ ਤੁਰੰਤ ਆਵਾਰਾ ਕੁੱਤਿਆਂ ਨੂੰ ਕਾਬੂ ਕਰਨ ਲਈ ਵਿਸ਼ੇਸ਼ ਟੀਮਾਂ ਤਾਇਨਾਤ ਕੀਤੀਆਂ ਜਾਣ, ਗੈਰਕਾਨੂੰਨੀ ਡੰਪ ਨੂੰ ਹਟਾਇਆ ਜਾਵੇ ਅਤੇ ਮ੍ਰਿਤਕ ਦੇ ਪਰਿਵਾਰ ਨੂੰ ਯੋਗ ਮੁਆਵਜ਼ਾ ਦਿੱਤਾ ਜਾਵੇ। ਦੂਜੇ ਪਾਸੇ, ਖੰਨਾ ਦੇ ਐੱਸਐੱਮਓ ਡਾ. ਮਨਿੰਦਰ ਸਿੰਘ ਭਸੀਨ ਨੇ ਕਿਹਾ ਕਿ ਲਾਸ਼ ਨੂੰ ਪੋਸਟਮਾਰਟਮ ਲਈ ਲਿਆਂਦਾ ਗਿਆ ਹੈ। ਪੋਸਟਮਾਰਟਮ ਮਗਰੋਂ ਹੀ ਪਤਾ ਚੱਲੇਗਾ ਕਿ ਮ੍ਰਿਤਕ ਨੂੰ ਕਿੰਨੀ ਥਾਂ ਤੋਂ ਵੱਢਿਆ ਗਿਆ ਤੇ ਮੌਤ ਦਾ ਕੀ ਕਾਰਨ ਰਿਹਾ।

## ਪੁਲਸ ਕਮਿਸ਼ਨਰ ਦਫ਼ਤਰ ਮੂਹਰੇ ਭਾਜਪਾ ਆਗੂਆਂ 'ਤੇ ਸੁੱਟੀ ਗਈ ਸਿਆਹੀ

ਲੁਧਿਆਣਾ 18 ਮਈ। ਪੁਲਸ ਕਮਿਸ਼ਨਰ ਦਫ਼ਤਰ ਦੇ ਬਾਹਰ ਚੱਲ ਰਿਹਾ ਭਾਜਪਾ ਦਾ ਧਰਨਾ ਪ੍ਰਦਰਸ਼ਨ ਉਸ ਸਮੇਂ ਅਖਾੜੇ ਵਿਚ ਤਬਦੀਲ ਹੋ ਗਿਆ, ਜਦੋਂ ਬਾਈਕ ਸਵਾਰ ਦੋ ਅਣਪਛਾਤੇ ਨੌਜਵਾਨਾਂ ਨੇ ਭਾਜਪਾ ਦੇ ਸੀਨੀਅਰ ਆਗੂਆਂ 'ਤੇ ਸਿਆਹੀ ਸੁੱਟ ਦਿੱਤੀ। ਇਸ ਅਚਾਨਕ ਹੋਏ ਹਮਲੇ ਨਾਲ ਮੌਕੇ 'ਤੇ ਹੜਕੰਪ ਮਚ ਗਿਆ ਅਤੇ ਪ੍ਰਦਰਸ਼ਨ ਵਿਚ ਭਗਦੜ ਵਰਗੀ ਸਥਿਤੀ ਪੈਦਾ ਹੋ ਗਈ। ਪੁਲਸ ਦੀ ਭਾਰੀ ਮੌਜੂਦਗੀ ਦੇ ਬਾਵਜੂਦ ਸ਼ਰੇਆਮ ਹੋਈ ਇਸ ਹਰਕਤ ਨੇ ਸੁਰੱਖਿਆ ਵਿਵਸਥਾ 'ਤੇ ਵੀ ਵੱਡੇ ਸਵਾਲ ਖੜ੍ਹੇ ਕਰ ਦਿੱਤੇ ਹਨ। ਜਾਣਕਾਰੀ ਮੁਤਾਬਕ, ਜਦੋਂ ਭਾਜਪਾ ਆਗੂ ਸਰਕਾਰ ਖ਼?ਲਾਫ਼ ਨਾਅਰੇਬਾਜ਼ੀ ਕਰ ਰਹੇ ਸਨ, ਉਦੋਂ ਹੀ ਇਕ ਬਾਈਕ 'ਤੇ ਸਵਾਰ ਦੋ ਨੌਜਵਾਨ ਉੱਥੇ ਪਹੁੰਚੇ। ਉਨ੍ਹਾਂ ਨੇ ਪ੍ਰਦਰਸ਼ਨ ਦੀ ਅਗਵਾਈ ਕਰ ਰਹੇ ਭਾਜਪਾ ਆਗੂ ਗੁਰਦੇਵ ਦੇਬੀ ਅਤੇ ਗੁਰਦੀਪ ਸਿੰਘ ਨੀਟੂ 'ਤੇ ਸਿਆਹੀ ਸੁੱਟ ਦਿੱਤੀ। ਸਿਆਹੀ ਦੀ ਫੁਹਾਰ ਇੰਨੀ ਤੇਜ਼ ਸੀ ਕਿ ਕੋਲ ਹੀ ਖੜ੍ਹੇ ਸੀਨੀਅਰ ਭਾਜਪਾ ਆਗੂ ਅਨਿਲ ਸਰੀਨ ਦੇ ਕੱਪੜੇ ਵੀ ਪੂਰੀ ਤਰ੍ਹਾਂ ਖਰਾਬ ਹੋ ਗਏ। ਇੰਨਾ ਹੀ ਨਹੀਂ, ਕਵਰੇਜ ਕਰ ਰਹੇ ਕੁਝ ਮੀਡੀਆ ਕਰਮੀਆਂ ਦੇ ਕੈਮਰਿਆਂ ਅਤੇ ਕੱਪੜਿਆਂ 'ਤੇ ਵੀ ਸਿਆਹੀ ਦੀਆਂ ਬੂੰਦਾਂ ਜਾ ਡਿੱਗੀਆਂ। ਆਗੂਆਂ 'ਤੇ ਹਮਲਾ ਹੁੰਦੇ ਦੇਖ ਭਾਜਪਾ ਵਰਕਰਾਂ ਦਾ ਗੁੱਸਾ ਸੱਤਵੇਂ ਅਸਮਾਨ 'ਤੇ ਪਹੁੰਚ ਗਿਆ। ਹਮਲਾਵਰ ਸਿਆਹੀ ਸੁੱਟ ਕੇ ਮੌਕੇ ਤੋਂ ਭੱਜਣ ਦੀ ਫਿਰਾਕ ਵਿਚ ਸਨ, ਪਰ ਵਰਕਰਾਂ ਨੇ ਤੁਰੰਤ ਉਨ੍ਹਾਂ ਦਾ ਪਿੱਛਾ ਕਰਨਾ ਸ਼ੁਰੂ ਕਰ ਦਿੱਤਾ। ਕੁਝ ਹੀ ਦੂਰੀ 'ਤੇ ਜਾ ਕੇ ਵਰਕਰਾਂ ਨੇ ਬਾਈਕ ਸਵਾਰ ਇਕ ਨੌਜਵਾਨ ਨੂੰ ਫੜ ਲਿਆ, ਜਦਕਿ ਉਸ ਦਾ ਦੂਜਾ ਸਾਥੀ ਭੱਜਣ ਵਿਚ ਕਾਮਯਾਬ ਰਿਹਾ। ਫੜੇ ਗਏ ਨੌਜਵਾਨ ਨੂੰ ਮੌਕੇ 'ਤੇ ਮੌਜੂਦ ਪੁਲਸ ਨੇ ਤੁਰੰਤ ਆਪਣੀ ਹਿਰਾਸਤ ਵਿਚ ਲੈ ਲਿਆ। ਭਾਜਪਾ ਆਗੂਆਂ ਨੇ ਇਸ ਘਟਨਾ ਦੀ ਸਖ਼ਤ ਨਿੰਦਾ ਕਰਦਿਆਂ ਇਸ ਨੂੰ ਲੋਕਤੰਤਰ 'ਤੇ ਹਮਲਾ ਕਰਾਰ ਦਿੱਤਾ ਹੈ। ਆਗੂਆਂ ਦਾ ਦੋਸ਼ ਹੈ ਕਿ ਇਹ ਹਮਲਾ ਸੋਚੀ-ਸਮਝੀ ਸਾਜ਼ਿਸ਼ ਦਾ ਹਿੱਸਾ ਹੈ ਤਾਂ ਜੋ ਭਾਜਪਾ ਦੇ ਸੰਘਰਸ਼ ਨੂੰ ਦਬਾਇਆ ਜਾ ਸਕੇ। ਫਿਲਹਾਲ, ਪੁਲਸ ਫੜੇ ਗਏ ਨੌਜਵਾਨ ਤੋਂ ਪੁੱਛਗਿੱਛ ਕਰ ਰਹੀ ਹੈ ਤਾਂ ਜੋ ਇਹ ਪਤਾ ਲਗਾਇਆ ਜਾ ਸਕੇ ਕਿ ਇਸ ਸਾਜ਼ਿਸ਼ ਦੇ ਪਿੱਛੇ ਕਿਹੜੀਆਂ ਤਾਕਤਾਂ ਦਾ ਹੱਥ ਹੈ।

## ਦਿਨ-ਦਿਹਾੜੇ ਚਾਕੂਆਂ ਨਾਲ ਨੌਜਵਾਨ ਦਾ ਕਤਲ, ਲੋਕ ਬਣਾਉਂਦੇ ਰਹੇ ਵੀਡੀਓ

**ਏਜੰਸੀਆਂ**

ਚੰਡੀਗੜ੍ਹ 18 ਮਈ। ਇੱਥੇ ਦੜਵਾ ਦੀ ਗੈਸ ਕਾਲੋਨੀ 'ਚ ਮੰਗਲਵਾਰ ਸ਼ਾਮ ਨੂੰ ਇਕ ਬਹੁਤ ਹੀ ਦਰਦਨਾਕ ਅਤੇ ਇਨਸਾਨੀਅਤ ਨੂੰ ਸ਼ਰਮਸਾਰ ਕਰਨ ਵਾਲੀ ਘਟਨਾ ਸਾਹਮਣੇ ਆਈ ਹੈ। ਇੱਥੇ 18 ਫੁੱਟ ਰੋਡ



'ਤੇ 20 ਸਾਲਾ ਨੌਜਵਾਨ ਸੂਰਜ ਨੂੰ ਘੇਰ ਕੇ 4-5 ਨੌਜਵਾਨਾਂ ਨੇ ਦਿਨ-ਦਿਹਾੜੇ ਚਾਕੂਆਂ ਨਾਲ ਕਤਲ ਕਰ ਦਿੱਤਾ। ਇਹ ਸਾਰੀ ਵਾਰਦਾਤ ਉੱਥੇ ਮੌਜੂਦ ਲੋਕਾਂ ਦੇ ਸਾਹਮਣੇ ਵਾਪਰੀ ਪਰ ਕੋਈ ਵੀ ਨੌਜਵਾਨ ਦੀ ਮਦਦ ਲਈ ਅੱਗੇ ਨਹੀਂ ਆਇਆ। ਪ੍ਰਾਪਤ ਜਾਣਕਾਰੀ ਅਨੁਸਾਰ ਸੂਰਜ ਆਪਣੇ ਦੋਸਤ ਪਾਂਡੂ ਨਾਲ ਬਾਈਕ 'ਤੇ ਜਾ ਰਿਹਾ ਸੀ ਜਦੋਂ ਹਮਲਾਵਰਾਂ ਨੇ ਸਕੂਟੀ ਅੱਗੇ ਲਗਾ ਕੇ ਉਨ੍ਹਾਂ ਦਾ ਰਸਤਾ ਰੋਕ ਲਿਆ। ਪਾਂਡੂ ਮੌਕੇ ਤੋਂ ਭੱਜਣ 'ਚ ਕਾਮਯਾਬ ਰਿਹਾ ਪਰ ਹਮਲਾਵਰਾਂ ਨੇ ਸੂਰਜ ਨੂੰ ਚਾਰੇ ਪਾਸਿਓਂ ਘੇਰ ਲਿਆ ਅਤੇ ਉਸ 'ਤੇ ਲਗਾਤਾਰ ਚਾਕੂਆਂ ਨਾਲ ਵਾਰ ਕੀਤੇ। ਹਮਲੇ ਦੀ ਇਕ 55 ਸੈਕਿੰਡ ਦੀ ਵੀਡੀਓ ਵੀ ਸਾਹਮਣੇ ਆਈ ਹੈ, ਜਿਸ 'ਚ ਦੋਸ਼ੀ ਬੇਰਹਿਮੀ ਨਾਲ ਸੂਰਜ 'ਤੇ ਵਾਰ ਕਰਦੇ ਦਿਖਾਈ ਦੇ ਰਹੇ ਹਨ। ਸੂਰਜ ਦੇ ਪਿਤਾ ਮੁਕੇਸ਼ ਅਤੇ ਮਾਂ ਰਾਜਬਾਲਾ ਨੇ ਦੋਸ਼ ਲਾਇਆ ਕਿ ਉਨ੍ਹਾਂ ਦਾ ਪੁੱਤਰ ਕਰੀਬ 25 ਮਿੰਟ ਤੱਕ ਸੜਕ 'ਤੇ ਖ਼ੂਨ ਨਾਲ ਲੱਥਪੱਥ ਹਾਲਤ 'ਚ ਤੜਫਦਾ ਰਿਹਾ ਪਰ ਲੋਕਾਂ ਨੇ ਮਦਦ ਕਰਨ ਦੀ ਬਜਾਏ ਆਪਣੇ ਮੋਬਾਇਲ ਫੋਨਾਂ ਨਾਲ ਵੀਡੀਓ ਬਣਾਉਣ ਨੂੰ ਤਰਜ਼ੀਹ ਦਿੱਤੀ। ਮਾਂ ਨੇ ਰੋਂਦੇ ਹੋਏ ਕਿਹਾ ਕਿ ਜੇਕਰ ਉੱਥੇ ਮੌਜੂਦ 20 ਤੋਂ ਵੱਧ ਔਰਤਾਂ ਅਤੇ ਹੋਰ ਲੋਕ ਇਕੱਠੇ ਹੋ ਕੇ ਅੱਗੇ ਆਉਂਦੇ ਤਾਂ ਹਮਲਾਵਰ ਭੱਜ ਸਕਦੇ ਸਨ ਅਤੇ ਉਸ ਦੇ ਪੁੱਤਰ ਦੀ ਜਾਨ ਬਚ ਸਕਦੀ ਸੀ। ਵਾਰਦਾਤ ਤੋਂ ਬਾਅਦ ਹਮਲਾਵਰ ਮ੍ਰਿਤਕ ਦੀ ਬਾਈਕ ਲੈ ਕੇ ਭੱਜਣ ਦੀ ਕੋਸ਼ਿਸ਼ ਕਰਦੇ ਰਹੇ ਪਰ ਬਾਈਕ ਸਟਾਰਟ ਨਾ ਹੋਣ ਕਾਰਨ ਉਹ ਉਸਨੂੰ ਉੱਥੇ ਹੀ ਛੱਡ ਕੇ ਫ਼ਰਾਰ ਹੋ ਗਏ। ਸੂਚਨਾ ਮਿਲਣ 'ਤੇ ਐੱਸ. ਐੱਚ. ਓ. ਸਤਨਾਮ ਸਿੰਘ ਦੀ ਅਗਵਾਈ ਹੇਠ ਪੁਲਸ ਟੀਮ ਮੌਕੇ 'ਤੇ ਪਹੁੰਚੀ ਅਤੇ ਸੂਰਜ ਨੂੰ ਹਸਪਤਾਲ ਲਿਜਾਇਆ ਗਿਆ, ਜਿੱਥੇ ਡਾਕਟਰਾਂ ਨੇ ਉਸ ਨੂੰ ਮ੍ਰਿਤਕ ਐਲਾਨ ਦਿੱਤਾ। ਪੁਲਸ ਅਨੁਸਾਰ ਹਮਲਾਵਰਾਂ ਦੀ ਪਛਾਣ ਹੋ ਗਈ ਹੈ ਅਤੇ ਉਨ੍ਹਾਂ 'ਚ ਕੁੱਝ ਨਾਬਾਲਗ ਵੀ ਸ਼ਾਮਲ ਹੋ ਸਕਦੇ ਹਨ। ਮ੍ਰਿਤਕ ਦੇ ਪਰਿਵਾਰ ਨੇ ਇਲਾਕੇ ਵਿੱਚ ਨਸ਼ੇੜੀਆਂ ਖ਼?ਲਾਫ਼ ਸਖ਼ਤ ਕਾਰਵਾਈ ਦੀ ਮੰਗ ਕੀਤੀ ਹੈ।

# ਭਾਜਪਾ ਕੌਂਸਲਰ ਨੂੰ ਸੋਸ਼ਲ ਮੀਡੀਆ 'ਤੇ ਇਕ ਵਿਅਕਤੀ ਨੇ ਵਰਤੀ ਮਾੜੀ ਸ਼ਬਦਾਵਲੀ, ਸ਼ਿਕਾਇਤ ਦਰਜ

**ਕੌਮੀ ਪਤ੍ਰਿਕਾ**

ਜਲੰਧਰ 18 ਮਈ। ਬਸਤੀ ਗੁਜ਼ਾਂ ਤੋਂ ਭਾਜਪਾ ਕੌਂਸਲਰ ਨੂੰ ਸੋਸ਼ਲ ਮੀਡੀਆ 'ਤੇ ਇਕ ਵਿਅਕਤੀ ਵੱਲੋਂ ਜੰਮ ਕੇ ਗਾਲ੍ਹਾਂ ਕੱਢੀਆਂ ਗਈਆਂ। ਵਾਰਡ ਨੰਬਰ 55 ਦੇ ਕੌਂਸਲਰ ਤਰਵਿੰਦਰ ਸਿੰਘ ਸੋਈ ਨੇ ਅੱਜ ਪੁਲਸ ਕਮਿਸ਼ਨਰ ਦਫ਼ਤਰ ਵਿੱਚ ਸ਼ਿਕਾਇਤ ਦਰਜ ਕਰਵਾਈ ਹੈ। ਉਨ੍ਹਾਂ ਸੋਸ਼ਲ ਮੀਡੀਆ 'ਤੇ ਧਮਕੀਆਂ ਦੇਣ ਅਤੇ ਗਾਲ੍ਹਾਂ ਕੱਢਣ ਦੇ ਮਾਮਲੇ ਵਿਚ ਵਿਰਦੀ ਕਾਲੋਨੀ ਦੇ ਰਹਿਣ ਵਾਲੇ ਬ੍ਰਿਜ ਮੋਹਨ ਦੇ ਪੁੱਤਰ ਅਤੇ ਡਾ. ਅੰਬੇਡਕਰ ਨਗਰ, ਬਸਤੀ ਗੁਜ਼ਾਂ ਦੇ ਰਹਿਣ ਵਾਲੇ ਦਰਸ਼ਨ ਲਾਲ ਜਰੇਵਾਲ ਦੇ ਪੁੱਤਰ ਨਵਦੀਪ ਜਰੇਵਾਲ ਵਿਰੁੱਧ ਸੋਸ਼ਲ ਮੀਡੀਆ 'ਤੇ ਧਮਕੀਆਂ ਦੇਣ ਅਤੇ ਗਾਲ੍ਹਾਂ ਕੱਢਣ ਦੇ ਦੋਸ਼ ਵਿੱਚ ਸ਼ਿਕਾਇਤ ਦਰਜ ਕਰਵਾਈ ਹੈ। ਕੌਂਸਲਰ ਨੇ ਮੰਗ ਕੀਤੀ ਕਿ ਦੋਵਾਂ ਖ਼?ਲਾਫ਼ ਐੱਫ਼. ਆਈ. ਆਰ. ਦਰਜ ਕੀਤੀ ਜਾਵੇ ਅਤੇ ਸਖ਼ਤ ਕਾਰਵਾਈ ਕੀਤੀ ਜਾਵੇ। ਕੌਂਸਲਰ ਨੇ ਕਿਹਾ ਕਿ ਬ੍ਰਿਜ ਮੋਹਨ ਦਾ ਪੁੱਤਰ ਕਿਸੇ ਵੀ ਰਾਜਨੀਤਿਕ ਪਾਰਟੀ ਨਾਲ ਸੰਬੰਧਤ ਨਹੀਂ ਹੈ ਅਤੇ ਨਾ ਹੀ ਉਨ੍ਹਾਂ ਦਾ ਉਸ ਨਾਲ ਕੋਈ ਵਿਵਾਦ ਹੈ। ਅਜਿਹੇ ਵਿਚ ਉਨ੍ਹਾਂ ਨੂੰ ਨਹੀਂ ਪਤਾ ਕਿ ਬ੍ਰਿਜ ਮੋਹਨ ਦੇ ਪੁੱਤਰ ਵਿਸ਼ਾਲ ਨੇ ਸੋਸ਼ਲ ਮੀਡੀਆ 'ਤੇ ਉਨ੍ਹਾਂ ਨੂੰ ਧਮਕੀਆਂ ਕਿਉਂ ਦਿੱਤੀਆਂ ਹਨ। ਕੌਂਸਲਰ ਦਾ ਦਾਅਵਾ ਹੈ ਕਿ ਵਿਅਕਤੀ ਨੇ ਉਸ ਅਤੇ ਉਸ ਦੀ ਟੀਮ ਵਿਰੁੱਧ ਆਪਣਾ ਗੁੱਸਾ ਕੱਢਣ ਲਈ ਸਵੇਰੇ 2 ਵਜੇ ਸੋਸ਼ਲ ਮੀਡੀਆ 'ਤੇ ਲਾਈਵ ਹੋਣ ਦੀ ਧਮਕੀ ਦਿੱਤੀ। ਕੌਂਸਲਰ ਮੁਤਾਬਕ ਵਿਅਕਤੀ ਨੇ ਹਾਲ ਹੀ 'ਚ ਸੋਸ਼ਲ ਮੀਡੀਆ ਪਲੇਟਫਾਰਮ ਫੇਸਬੁੱਕ 'ਤੇ ਇਕ ਵੀਡੀਓ



ਅਪਲੋਡ ਕੀਤਾ ਸੀ। ਜਿਸ ਵਿਚ ਸ਼ਿਕਾਇਤ ਕਰਤਾ 'ਤੇ ਝੂਠੇ, ਬੇਬੁਨਿਆਦ, ਅਪਮਾਨਜਨਕ ਦੋਸ਼ ਲਗਾਏ ਗਏ ਹਨ, ਜਿਸ ਦਾ ਮਕਸਦ ਉਨ੍ਹਾਂ ਦਾ ਅਕਸ ਖਰਾਬ ਕਰਨਾ ਹੈ। ਕੌਂਸਲਰ ਨੇ ਕਿਹਾ ਕਿ ਵੀਡੀਓ 'ਚ ਬ੍ਰਿਜ ਮੋਹਨ ਦੇ ਪੁੱਤਰ ਨੇ ਜਨਤਕ ਤੌਰ 'ਤੇ ਸ਼ਿਕਾਇਤ ਕਰਤਾ 'ਤੇ ਦੋਸ਼ ਲਗਾਏ ਹਨ, ਉਸ ਨੂੰ ਬੇਈਮਾਨ ਅਤੇ ਭ੍ਰਿਸ਼ਟ ਦੱਸਿਆ ਹੈ, ਅਤੇ ਜਨਤਾ ਵਿੱਚ ਗਲਤ ਪ੍ਰਭਾਵ ਬਣਾਉਣ ਦੀ ਕੋਸ਼ਿਸ਼ ਕੀਤੀ ਹੈ। ਉਨ੍ਹਾਂ ਨੇ ਕਿਹਾ ਕਿ ਇਹ ਘਟਨਾ ਸ਼ੁੱਕਰਵਾਰ ਨੂੰ ਵਾਪਰੀ ਸੀ ਅਤੇ ਉਹ ਘਟਨਾ ਦੌਰਾਨ ਦਿੱਲੀ ਵਿੱਚ ਮੌਜੂਦ ਸਨ। ਦਿੱਲੀ ਤੋਂ ਵਾਪਸ ਆਉਣ ਤੋਂ ਬਾਅਦ ਉਹ ਵਿਅਕਤੀ ਵਿਰੁੱਧ ਐੱਫ਼. ਆਈ. ਆਰ. ਦਰਜ ਕਰਨ ਅਤੇ ਸਖ਼ਤ ਕਾਰਵਾਈ ਦੀ ਮੰਗ ਕਰਨ ਲਈ ਅੱਜ ਪੁਲਸ ਕਮਿਸ਼ਨਰ ਦੇ ਦਫ਼ਤਰ ਪਹੁੰਚੇ ਹਨ। ਕੌਂਸਲਰ ਨੇ ਦੱਸਿਆ ਕਿ ਪਿਛਲੇ ਦੋ-ਤਿੰਨ ਦਿਨਾਂ ਤੋਂ ਲਾਈਵ ਹੋ ਕੇ ਉਨ੍ਹਾਂ ਵਿਰੁੱਧ ਅਪਸ਼ਬਦ ਵਰਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਸਰਕਾਰੀ ਕੰਮ ਵਿੱਚ ਸਮਾਂ ਲੱਗਦਾ ਹੈ। ਉਨ੍ਹਾਂ ਕਿਹਾ ਕਿ ਪਾਰਕ ਨਿਰਮਾਣ ਅਧੀਨ ਹੈ ਅਤੇ ਇਸ ਮਕਸਦ ਲਈ ਸੁਸਾਇਟੀ ਬਣਾਈ ਗਈ ਸੀ। ਪਾਰਕ ਦਾ ਕੰਮ ਇਕ ਦਿਨ 'ਚ ਪੂਰਾ ਨਹੀਂ ਹੋ ਸਕਦਾ। ਉਨ੍ਹਾਂ ਇਹ ਵੀ ਕਿਹਾ ਕਿ ਇਸ ਮਾਮਲੇ ਨੂੰ ਲੈ ਕੇ ਉਨ੍ਹਾਂ ਦਾ ਵਿਸ਼ਾਲ ਨਾਲ ਕੋਈ ਵਿਵਾਦ ਨਹੀਂ ਹੈ। ਇਹ ਸੁਸਾਇਟੀ ਦਾ ਕੰਮ ਹੈ ਅਤੇ ਜੇਕਰ ਉਨ੍ਹਾਂ ਨੂੰ ਕੋਈ ਪਰੇਸ਼ਾਨੀ ਹੈ ਤਾਂ ਉਹ ਸੁਸਾਇਟੀ ਨਾਲ ਗੱਲ ਕਰ ਸਕਦੇ ਹਨ। ਪੁਲਸ ਕਮਿਸ਼ਨਰ ਨੇ ਅੱਜ ਕਾਰਵਾਈ ਦਾ ਭਰੋਸਾ ਦਿੱਤਾ।